ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 29 ਜੂਨ 2026 (ਨਾਨਕਸ਼ਾਹੀ ਸੰਮਤ : ੫੫੮, ੧੫ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਪਟਿਆਲਾ ਯੂਨੀਵਰਸਿਟੀ 'ਚ 14 ਕਰੋੜ ਤੋਂ ਵੱਧ ਦਾ ਘਪਲਾ ! ਈਡੀ ਨੇ 20 ਤੋਂ ਵੱਧ ਜਾਇਦਾਦਾਂ ਦਾ ਰਿਕਾਰਡ ਮੰਗਿਆ

**ਪਟਿਆਲਾ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਯੂਨੀਵਰਸਿਟੀ ਵਿੱਚ ਕਰੋੜਾਂ ਰੁਪਏ ਦੇ ਯੂਜੀਸੀ ਸਕਾਲਰਸ਼ਿਪ ਘਪਲੇ ਦੇ ਮਾਮਲੇ ਵਿੱਚ ਨਵਾਂ ਮੋੜ ਆ ਗਿਆ ਹੈ। ਇਸ ਮਾਮਲੇ ਦੀ ਜਾਂਚ ਹੁਣ ਈਡੀ (54) ਕੋਲ ਪਹੁੰਚ ਚੁੱਕੀ ਹੈ। ਈਡੀ ਨੇ ਇਸ ਸਬੰਧੀ ਪਟਿਆਲਾ ਦੇ ਸਬ-ਰਜਿਸਟਰਾਰ ਦਫ਼ਤਰ ਨੂੰ ਪੱਤਰ ਜਾਰੀ ਕਰਕੇ ਸਕਾਲਰਸ਼ਿਪ ਘਪਲੇ ਦੇ ਮੁੱਖ ਮੁਲਜ਼ਮ ਨਿਸ਼ੂ ਚੌਧਰੀ ਦੀਆਂ ਜਾਇਦਾਦਾਂ ਦਾ ਵੇਰਵਾ ਮੰਗਿਆ ਹੈ। ਜਾਣਕਾਰੀ ਅਨੁਸਾਰ, ਸਬ-ਰਜਿਸਟਰਾਰ ਦਫ਼ਤਰ ਤੋਂ 20 ਤੋਂ ਵੱਧ ਜਾਇਦਾਦਾਂ ਦਾ ਰਿਕਾਰਡ ਮੰਗਿਆ ਗਿਆ ਹੈ। ਇਸ ਤੋਂ ਇਲਾਵਾ ਈਡੀ ਨੇ ਕਵਿਤ ਚੌਧਰੀ, ਰਵੀ ਕਪੂਰ ਅਤੇ ਪੂਜਾ ਕਪੂਰ ਦੀਆਂ ਜਾਇਦਾਦਾਂ ਦਾ ਰਿਕਾਰਡ ਵੀ ਮੰਗਿਆ ਹੈ। ਈਡੀ ਵੱਲੋਂ ਭੇਜੇ ਪੱਤਰ ਵਿੱਚ ਕਿਹਾ ਗਿਆ ਹੈ ਕਿ ਇਸ ਮਾਮਲੇ ਦੀ ਜਾਂਚ ਮਨੀ ਲਾਂਡਰਿੰਗ ਰੋਕਥਾਮ ਕਾਨੂੰਨ (ਪੀਐਮਐਲਏ), 2002 ਤਹਿਤ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਸਾਰੀਆਂ ਜਾਇਦਾਦਾਂ ਪਟਿਆਲਾ ਦੇ ਪਿੰਡ ਡੀਲਵਾਲ ਵਿੱਚ ਸਥਿਤ ਹਨ। ਦੂਜੇ ਪਾਸੇ, ਪੰਜਾਬੀ ਯੂਨੀਵਰਸਿਟੀ ਵੱਲੋਂ ਸਕਾਲਰਸ਼ਿਪ ਮਾਮਲੇ ਦੀ ਜਾਂਚ ਲਈ ਇੱਕ ਕਮੇਟੀ ਬਣਾਈ ਗਈ ਸੀ। ਕਮੇਟੀ ਦੀ ਰਿਪੋਰਟ ਵਿੱਚ ਕਰੀਬ 14 ਕਰੋੜ ਰੁਪਏ ਦੇ ਘਪਲੇ ਦਾ ਜ਼ਿਕਰ ਕੀਤਾ ਗਿਆ ਹੈ। ਇਹ ਰਿਪੋਰਟ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸੌਂਪੀ ਵੀ ਜਾ ਚੁੱਕੀ ਹੈ। ਹੁਣ ਇਸ ਮਾਮਲੇ ਦੀ ਜਾਂਚ ਵਿੱਚ ਈਡੀ ਵੀ ਸਰਗਰਮ ਹੋ ਗਈ ਹੈ, ਕਿਉਂਕਿ ਘਪਲੇ ਦੀ ਰਕਮ 14 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ।

## ਸਾਊਦੀ 'ਚ ਹੈਲੀਕਾਪਟਰ ਤੇ ਫਰਾਂਸ 'ਚ ਪਲੇਨ ਕ੍ਰੈਸ਼ !

# ਦੋਵਾਂ ਹਾਦਸਿਆਂ 'ਚ 25 ਲੋਕਾਂ ਦੀ ਗਈ ਜਾਨ

**ਪੈਰਿਸ/ਰਿਆਦ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਐਤਵਾਰ ਨੂੰ ਫਰਾਂਸ ਤੇ ਸਾਊਦੀ ਅਰਬ 'ਚ ਦੋ ਵੱਡੇ ਜਹਾਜ਼ ਹਾਦਸੇ ਹੋਏ, ਜਿਸ 'ਚ ਲਗਭਗ 25 ਲੋਕ ਮਾਰੇ ਜਾਣ ਦੀ ਖਬਰ ਹੈ। ਰਾਇਟਰਜ਼ ਦੇ ਅਨੁਸਾਰ ਸਕਾਈਡਾਈਵਰਾਂ ਨੂੰ ਲੈ ਕੇ ਜਾ ਰਿਹਾ ਇੱਕ ਨਾਗਰਿਕ ਜਹਾਜ਼ ਐਤਵਾਰ ਨੂੰ ਸਥਾਨਕ ਸਮੇਂ ਅਨੁਸਾਰ ਸਵੇਰੇ 11 ਵਜੇ ਫਰਾਂਸ ਦੇ ਸ਼ਹਿਰ ਟੋਮਬਲੇਨ 'ਚ ਨੈਨਸੀ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ, ਜਿਸ 'ਚ ਸਵਾਰ ਸਾਰੇ 11 ਲੋਕਾਂ ਦੀ ਮੌਤ ਹੋ ਗਈ। ਐਤਵਾਰ ਨੂੰ ਸਾਊਦੀ ਅਰਬ ਦੇ ਰਾਸ ਤਨੂਰਾ 'ਚ ਇੱਕ ਹੈਲੀਕਾਪਟਰ ਹਾਦਸਾਗ੍ਰਸਤ ਹੋ ਗਿਆ, ਜਿਸ ਵਿੱਚ ਘੱਟੋ-ਘੱਟ 14 ਲੋਕਾਂ ਦੀ ਮੌਤ ਹੋ ਗਈ।




ਫਰਾਂਸ 'ਚ ਜਹਾਜ਼ ਸਥਾਨਕ ਸਮੇਂ ਅਨੁਸਾਰ ਸਵੇਰੇ 11 ਵਜੇ ਦੇ ਕਰੀਬ ਫਰਾਂਸੀਸੀ ਸ਼ਹਿਰ ਟੋਮਬਲੇਨ ਵਿੱਚ ਸਕਾਈਡਾਈਵਰਜ਼ ਕੋਲ ਨੈਨਸੀ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ, ਜਿਸ ਵਿੱਚ ਸਵਾਰ ਸਾਰੇ 11 ਲੋਕਾਂ ਦੀ ਮੌਤ ਹੋ ਗਈ। ਮ੍ਰਿਤਕਾਂ ਵਿੱਚ ਪਾਇਲਟ ਤੇ 10 ਯਾਤਰੀ ਸ਼ਾਮਲ ਸਨ, ਜਿਨ੍ਹਾਂ ਵਿੱਚ 5 ਵਿਦਿਆਰਥੀ ਸਕਾਈਡਾਈਵਰ ਅਤੇ 5 ਇੰਸਟ੍ਰਕਟਰ ਸ਼ਾਮਲ ਸਨ।

ਦੂਜੇ ਪਾਸੇ ਸਾਊਦੀ ਅਰਬ ਦੀ ਸਰਕਾਰੀ ਤੇਲ ਕੰਪਨੀ ਅਰਾਮਕੋ ਨਾਲ ਸਬੰਧਤ ਇੱਕ ਹੈਲੀਕਾਪਟਰ ਐਤਵਾਰ ਨੂੰ ਰਾਸ ਤਨੂਰਾ ਖੇਤਰ ਵਿੱਚ ਹਾਦਸਾਗ੍ਰਸਤ ਹੋ ਗਿਆ। ਸਾਊਦੀ ਸਰਕਾਰੀ ਨਿਊਜ਼ ਏਜੰਸੀ ਦੇ ਅਨੁਸਾਰ ਇਸ ਹਾਦਸੇ ਵਿੱਚ ਸਵਾਰ ਸਾਰੇ 14 ਲੋਕਾਂ ਦੀ ਮੌਤ ਹੋ ਗਈ। ਅਰਬ ਨਿਊਜ਼ ਦੇ ਅਨੁਸਾਰ, ਹਾਦਸੇ ਦਾ ਕਾਰਨ ਫਿਲਹਾਲ ਅਣਜਾਣ ਹੈ ਅਤੇ ਅਧਿਕਾਰੀਆਂ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ।

## ਪੰਜਾਬ 'ਚ ਖ਼ਤਰੇ ਦੀ ਘੰਟੀ ! ਰਾਵੀ ਦਰਿਆ 'ਚ ਪਾਣੀ ਛੱਡਣ ਕਾਰਣ ਅੱਧੀ ਦਰਜਨ ਪਿੰਡਾਂ 'ਤੇ ਆਈ ਵੱਡੀ ਆਫਤ

**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਰਾਵੀ ਦਰਿਆ 'ਚ ਅਚਾਨਕ ਪਿੱਛੋਂ ਪਾਣੀ ਛੱਡੇ ਜਾਣ ਕਾਰਨ ਮਕੌੜਾ ਪੱਤਣ ਵਿਖੇ ਪਲੂਟਨ ਪੁਲ ਉੱਪਰ ਮਿੱਟੀ ਨਾਲ ਬਣਾਇਆ ਆਰਜ਼ੀ ਰੈਂਪ ਤੇਜ਼ ਵਹਾਅ ਦੀ ਲਪੇਟ 'ਚ ਆ ਕੇ ਰੁੜ੍ਹ ਗਿਆ। ਇਸ ਕਾਰਨ ਦਰਿਆ ਦੇ ਪਾਰ ਵੱਸਦੇ ਅੱਧੀ ਦਰਜਨ ਤੋਂ ਵੱਧ ਪਿੰਡਾਂ ਦਾ ਸੰਪਰਕ ਪੂਰੀ ਤਰ੍ਹਾਂ ਟੁੱਟ ਗਿਆ ਹੈ। ਰੋਜ਼ਾਨਾ ਨੌਕਰੀ, ਪੜ੍ਹਾਈ, ਖੇਤੀਬਾੜੀ ਅਤੇ ਹੋਰ ਜ਼ਰੂਰੀ ਕੰਮਾਂ ਲਈ ਇਸ ਰਸਤੇ ਦੀ ਵਰਤੋਂ ਕਰਨ ਵਾਲੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਥਾਨਕ ਲੋਕਾਂ ਨੇ ਦੱਸਿਆ ਕਿ ਦਰਿਆ 'ਚ ਪਾਣੀ ਦਾ ਪੱਧਰ ਅਚਾਨਕ ਵੱਧ ਗਿਆ, ਜਿਸ ਨਾਲ ਪੁੱਲ ਦੇ ਦੋਵੇਂ ਪਾਸਿਆਂ ਬਣਾਏ ਗਏ ਮਿੱਟੀ ਦੇ ਰੈਂਪ ਪਾਣੀ ਵਿੱਚ ਰੁੜ ਗਏ। ਇਸ ਕਾਰਨ ਵਾਹਨਾਂ ਦੀ ਆਵਾਜਾਈ ਤਾਂ ਪਹਿਲਾਂ ਹੀ ਰੁਕ ਗਈ ਸੀ, ਹੁਣ ਪੈਦਲ ਲੰਘਣਾ ਵੀ ਸੰਭਵ ਨਹੀਂ ਰਿਹਾ ਹੈ। ਦੂਜੇ ਪਾਸੇ ਸੰਬੰਧਿਤ ਵਿਭਾਗ ਦੇ ਅਧਿਕਾਰੀਆਂ ਨੇ ਕਿਹਾ ਕਿ ਦਰਿਆ 'ਚ ਪਾਣੀ ਦਾ ਪੱਧਰ ਘੱਟ ਹੁੰਦੇ ਹੀ ਕਿਸ਼ਤੀ ਸੇਵਾ ਸ਼ੁਰੂ ਕਰ ਦਿੱਤੀ ਜਾਵੇਗੀ, ਉਨ੍ਹਾਂ ਕਿਹਾ ਕਿ ਬਰਸਾਤਾਂ ਸ਼ੁਰੂ ਹੋਣ ਕਾਰਨ ਆਉਣ ਵਾਲੇ 1-2 ਦਿਨਾਂ ਵਿੱਚ ਇਸ ਪਲਟੂਨ ਪੁੱਲ ਨੂੰ ਚੁੱਕ ਲਿਆ ਜਾਵੇਗਾ ਅਤੇ ਲੋਕਾਂ ਦੀ ਸਹੂਲਤ ਵਾਸਤੇ ਹਰ ਰੋਜ਼ ਕਿਸ਼ਤੀ ਸਮੇਂ ਸਮੇਂ ਨਾਲ ਚਲਾਈ ਜਾਵੇਗੀ ਤਾਂ ਜੋ ਲੋਕਾਂ ਨੂੰ ਆਵਾਜਾਈ 'ਚ ਰਾਹਤ ਮਿਲ ਸਕੇ। ਉਨ੍ਹਾਂ ਨੇ ਇਹ ਵੀ ਭਰੋਸਾ ਦਿੱਤਾ ਕਿ ਪਾਣੀ ਘਟਣ ਤੋਂ ਬਾਅਦ ਕਿਸ਼ਤੀ ਦੀ ਸਹੂਲਤਾਂ ਰਾਹੀਂ ਆਵਾਜਾਈ ਬਹਾਲ ਕਰਨ ਲਈ ਤੁਰੰਤ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਲੋਕਾਂ ਨੂੰ ਲੰਮਾ ਸਮਾਂ ਕਿਸ਼ਤੀ ਦੀ ਉਡੀਕ ਕਰਨ ਲਈ ਮਜ਼ਬੂਰ ਹੋਣਾ ਪੈ ਰਿਹਾ ਹੈ। ਇਲਾਕਾ ਵਾਸੀਆਂ ਨੇ ਸਰਕਾਰ ਅਤੇ ਪ੍ਰਸ਼ਾਸਨ ਤੋਂ ਇਸ ਸਮੱਸਿਆ ਦਾ ਸਥਾਈ ਹੱਲ ਕੱਢਣ ਦੀ ਮੰਗ ਕੀਤੀ ਹੈ ਤਾਂ ਜੋ ਹਰ ਵਾਰ ਪਾਣੀ ਵਧਣ ਨਾਲ ਉਨ੍ਹਾਂ ਨੂੰ ਅਜਿਹੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਹੋਰ ਕਰਜ਼ਾ ਚੁੱਕਣ ਦੀ ਤਿਆਰੀ 'ਚ ਪੰਜਾਬ ਸਰਕਾਰ ! ਸੂਬਾ ਸਰਕਾਰ ਦੂਜੀ ਤਿਮਾਹੀ 'ਚ 14 ਹਜ਼ਾਰ ਕਰੋੜ ਦਾ ਚੁੱਕੇਗੀ ਕਰਜ਼ਾ




**ਚੰਡੀਗੜ੍ਹ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ 'ਤੇ ਕਰਜ਼ੇ ਦੀ ਪੰਡ ਲਗਾਤਾਰ ਭਾਰੀ ਹੁੰਦੀ ਜਾ ਰਹੀ ਹੈ। ਦੱਸ ਦਈਏ ਕਿ ਪੰਜਾਬ ਸਰਕਾਰ ਵੱਲੋਂ ਹੋਰ ਕਰਜ਼ਾ ਲੈਣ ਦੀ ਤਿਆਰੀ ਕੀਤੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਪੰਜਾਬ ਸਰਕਾਰ ਦੂਜੀ ਤਿਮਾਹੀ 'ਚ ਕਰੀਬ 14 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਲਵੇਗਾ। ਦੱਸ ਦਈਏ ਕਿ ਇਸ ਸਬੰਧੀ ਭਾਰਤੀ ਰਿਜ਼ਰਵ ਬੈਂਕ ਨੇ ਜੁਲਾਈ-ਸਤੰਬਰ 2026 ਲਈ ਇੱਕ ਸੰਕੇਤਕ ਕੈਲੰਡਰ ਜਾਰੀ ਕੀਤਾ ਗਿਆ ਹੈ। ਭਾਰਤੀ ਰਿਜ਼ਰਵ ਬੈਂਕ ਦੁਆਰਾ ਜਾਰੀ ਸੰਕੇਤਕ ਕਰਜ਼ਾ ਦੇ ਕੈਲੰਡਰ ਦੇ ਅਨੁਸਾਰ, ਪੰਜਾਬ ਸਰਕਾਰ ਵਿੱਤੀ ਸਾਲ 2026-27 ਦੀ ਦੂਜੀ ਤਿਮਾਹੀ (ਜੁਲਾਈ-ਸਤੰਬਰ) ਵਿੱਚ ਬਾਜ਼ਾਰ ਕਰਜ਼ੇ ਵਿੱਚ 13,900 ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਤਿਆਰੀ ਕਰ ਰਹੀ ਹੈ। ਦੱਸ ਦਈਏ ਕਿ ਪਹਿਲੀ ਤਿਮਾਹੀ (ਅਪ੍ਰੈਲ-ਜੂਨ) ਵਿੱਚ, ਪੰਜਾਬ ਸਰਕਾਰ ਨੇ 9,500 ਕਰੋੜ ਰੁਪਏ ਕਰਜ਼ ਲੈਣ ਦੀ ਯੋਜਨਾ ਬਣਾਈ ਸੀ, ਪਰ ਸਰਕਾਰ ਨੇ ਸਿਰਫ 7,800 ਕਰੋੜ ਰੁਪਏ ਕਰਜ਼ੇ ਲਏ ਸੀ। ਵਿਧਾਨ ਸਭਾ ਚੋਣਾਂ ਨੇੜੇ ਆਉਣ ਦੇ ਨਾਲ, ਸਰਕਾਰ ਵੱਖ-ਵੱਖ ਯੋਜਨਾਵਾਂ ਨੂੰ ਤੇਜ਼ ਕਰਨ ਵਿੱਚ ਰੁੱਝੀ ਹੋਈ ਹੈ। 'ਮਾਵਨ ਧਿਆਨ ਸਤਿਕਾਰ ਯੋਜਨਾ' 1 ਜੁਲਾਈ ਨੂੰ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਲਈ ਮੌਜੂਦਾ ਵਿੱਤੀ ਸਾਲ ਵਿੱਚ ?9,300 ਕਰੋੜ ਦਾ ਬਜਟ ਪ੍ਰਬੰਧ ਕੀਤਾ ਗਿਆ ਹੈ। ਦੂਜੇ ਪਾਸੇ, ਵਿਰੋਧੀ ਧਿਰ ਨੇ ਵਧਦੇ ਕਰਜ਼ੇ ਦੇ ਮੁੱਦੇ 'ਤੇ ਸਰਕਾਰ ਨੂੰ ਘੇਰਨਾ ਸ਼ੁਰੂ ਕਰ ਦਿੱਤਾ ਹੈ ਅਤੇ ਮੰਨਿਆ ਜਾ ਰਿਹਾ ਹੈ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਸਨੂੰ ਇੱਕ ਵੱਡਾ ਚੋਣ ਮੁੱਦਾ ਬਣ ਸਕਦਾ ਹੈ। ਕਾਬਿਲੇਗੌਰ ਹੈ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ ਕਈ ਲੱਖ ਕਰੋੜ ਰੁਪਏ ਦਾ ਕਰਜ਼ਾ ਲੈ ਚੁੱਕੀ ਹੈ। ਹਾਲਾਂਕਿ ਪੰਜਾਬ ਸਰਕਾਰ ਵੱਲੋਂ ਕਈ ਤਰ੍ਹਾਂ ਦਾ ਦਾਅਵਿਆਂ ਦੀ ਗੱਲ ਆਖੀ ਜਾਂਦੀ ਹੈ ਜਿਸ 'ਚ ਸੁਵਿਧਾਵਾਂ, ਨੌਕਰੀਆਂ ਸ਼ਾਮਲ ਹਨ ਪਰ ਜੇਕਰ ਦੂਜੀ ਤਸਵੀਰ ਦੇਖੀ ਜਾਵੇ ਤਾਂ ਅਜੇ ਤੱਕ ਹਰ ਇੱਕ ਵਿਭਾਗ ਵੱਲੋਂ ਨੌਕਰੀਆਂ ਨਹੀਂ ਦਿੱਤੀਆਂ ਜਾ ਰਹੀਆਂ ਅਤੇ ਨਾ ਹੀ ਤਨਖਾਹਾਂ ਤੇ ਡੀਏ ਦਾ ਬਕਾਇਆ ਦਿੱਤਾ ਗਿਆ ਹੈ। ਸਫਾਈ ਕਰਮਚਾਰੀ ਆਪਣੀ ਹੱਕੀਂ ਮੰਗਾਂ ਦੇ ਚੱਲਦੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜਿਸ ਤੋਂ ਸਾਫ ਹੈ ਕਿ ਹਰ ਇੱਕ ਵਿਭਾਗ ਕਿਸੇ ਨਾ ਕਿਸੇ ਕਾਰਨ ਕਰਕੇ ਹੜਤਾਲ 'ਤੇ ਬੈਠਿਆ ਹੋਇਆ ਹੈ।

# ਐਸ.ਐਫ.ਜੇ. ਨੇ 'ਕਨਿਸ਼ਕਾ 2.0' ਦਾ ਜਤਾਇਆ ਖ਼ਦਸ਼ਾ, ਏਅਰ ਇੰਡੀਆ ਦੇ ਬਾਈਕਾਟ ਦਾ ਸੱਦਾ

## ਇੰਡੋ-ਕੈਨੇਡੀਅਨ ਹਿੰਦੂ ਭਾਰਤ ਤੋਂ ਆਉਣ ਵਾਲੇ ਅੱਤਵਾਦੀ ਹਮਲੇ ਦਾ ਨਿਸ਼ਾਨਾ ਬਣ ਸਕਦੇ ਹਨ - ਗੁਰਪਤਵੰਤ ਸਿੰਘ ਪੰਨੂੰ • SFJ ਨੇ ਕੈਨੇਡੀਅਨ ਸਰਕਾਰ ਅਤੇ ਭਾਰਤੀ ਏਜੰਸੀਆਂ 'ਤੇ ਲਗਾਏ ਗੰਭੀਰ ਦੋਸ਼

**ਨਿਊਯਾਰਕ, 28 ਜੂਨ (ਸਰਬਜੀਤ ਸਿੰਘ ਬਨੂੜ)**-ਸਿੱਖਸ ਫਾਰ ਜਸਟਿਸ (SFJ) ਨੇ ਇੱਕ ਨਵਾਂ ਬਿਆਨ ਜਾਰੀ ਕਰਦਿਆਂ ਲੋਕਾਂ ਨੂੰ ਏਅਰ ਇੰਡੀਆ ਦੀਆਂ ਉਡਾਣਾਂ 'ਤੇ ਸਫ਼ਰ ਨਾ ਕਰਨ ਦੀ ਅਪੀਲ ਕੀਤੀ ਹੈ। ਜਥੇਬੰਦੀ ਨੇ ਇਸ ਨੂੰ "ਕਨਿਸ਼ਕਾ 2.0" ਦਾ ਨਾਮ ਦਿੰਦਿਆਂ ਦਾਅਵਾ ਕੀਤਾ ਹੈ ਕਿ ਕੈਨੇਡਾ ਵਿੱਚ ਅਜਿਹਾ ਮਾਹੌਲ ਬਣਾਇਆ ਜਾ ਰਿਹਾ ਹੈ, ਜਿਸ ਨਾਲ ਇੱਕ ਹੋਰ ਵੱਡੀ ਹਵਾਈ ਤ੍ਰਾਸਦੀ ਵਾਪਰ ਸਕਦੀ ਹੈ ਜਿਸ ਵਿੱਚ SFJ ਦੇ ਅਟਾਰਨੀ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂੰ ਨੇ ਇੰਡੋ-ਕੈਨੇਡੀਅਨ ਹਿੰਦੂ ਨੂੰ ਭਾਰਤ ਤੋਂ ਆਉਣ ਵਾਲੇ ਅੱਤਵਾਦੀ ਹਮਲੇ ਦਾ ਨਿਸ਼ਾਨਾ ਬਣ ਸਕਦੇ ਹਨ ਦਾ ਵੱਡਾ ਦਾਅਵਾ ਕੀਤਾ ਗਿਆ ਹੈ। ਸਿੱਖਸ ਫਾਰ ਜਸਟਿਸ ਨੇ ਕਿਹਾ ਕਿ ਕੈਨੇਡੀਅਨ ਸੁਰੱਖਿਆ ਏਜੰਸੀਆਂ 1985 ਦੀ ਏਅਰ ਇੰਡੀਆ ਫਲਾਈਟ 182 (ਕਨਿਸ਼ਕਾ) ਹਾਦਸੇ ਤੋਂ ਕੋਈ ਸਬਕ ਨਹੀਂ ਲੈ ਰਹੀਆਂ ਅਤੇ ਉਨ੍ਹਾਂ ਦੇ ਅਨੁਸਾਰ ਉਹੋ ਜਿਹੀਆਂ ਗਲਤੀਆਂ ਮੁੜ ਦੁਹਰਾਈਆਂ ਜਾ ਰਹੀਆਂ ਹਨ। ਪੰਨੂੰ ਨੇ ਦੋਸ਼ ਲਗਾਇਆ ਕਿ ਭਾਰਤ ਵੱਲੋਂ ਖਾਲਿਸਤਾਨੀ ਸਰਗਰਮੀਆਂ ਸਬੰਧੀ ਦਿੱਤੀਆਂ ਜਾ ਰਹੀਆਂ ਚੇਤਾਵਨੀਆਂ ਇੱਕ ਮਨੋਵੈਗਿਆਨਿਕ ਮੁਹਿੰਮ ਦਾ ਹਿੱਸਾ ਹਨ। ਇਸ ਦਾ ਮਕਸਦ ਖਾਲਿਸਤਾਨ ਹਮਾਇਤੀ ਅੰਦੋਲਨ ਨੂੰ ਬਦਨਾਮ ਕਰਨਾ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਉਸ ਦੇ ਵਿਰੁੱਧ ਮਾਹੌਲ ਤਿਆਰ ਕਰਨਾ ਹੈ। SFJ ਨੇ ਆਪਣੇ ਬਿਆਨ ਵਿੱਚ 1985 ਦੇ ਕਨਿਸ਼ਕਾ ਹਾਦਸੇ ਨੂੰ ਲੈ ਕੇ ਵੀ ਗੰਭੀਰ ਦੋਸ਼ ਦੁਹਰਾਏ ਹਨ ਜਿਸ ਵਿੱਚ ਭਾਰਤ ਸਰਕਾਰ ਅਤੇ ਭਾਰਤੀ ਖੁਫੀਆ ਏਜੰਸੀ R&AW ਦੇ ਉੱਚ ਅਧਿਕਾਰੀਆਂ ਦੀ ਭੂਮਿਕਾ ਰਹੀ ਸੀ। SFJ ਦਾ ਕਹਿਣਾ ਹੈ ਕਿ ਕਥਿਤ "ਕਨਿਸ਼ਕਾ 2.0" ਦੇ ਪਿੱਛੇ ਦੋ ਮੁੱਖ ਉਦੇਸ਼ ਹੋ ਸਕਦੇ ਹਨ ਪਹਿਲਾ, ਖਾਲਿਸਤਾਨ ਰੈਫਰੈਂਡਮ ਮੁਹਿੰਮ ਨੂੰ ਰੋਕਣਾ ਅਤੇ ਦੂਜਾ, ਅੰਤਰਰਾਸ਼ਟਰੀ ਪੱਧਰ 'ਤੇ ਭਾਰਤ ਦੀ ਛਵੀ ਨੂੰ ਪੀੜਤ ਵਜੋਂ ਪੇਸ਼ ਕਰਨਾ। ਗੁਰਪਤਵੰਤ ਸਿੰਘ ਪੰਨੂੰ ਨੇ ਕੈਨੇਡੀਅਨ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਭਾਰਤ ਵੱਲੋਂ ਦਿੱਤੀਆਂ ਜਾ ਰਹੀਆਂ ਸੁਰੱਖਿਆ ਚੇਤਾਵਨੀਆਂ ਦਾ ਮੁੜ ਮੁਲਾਂਕਣ ਕਰੇ ਅਤੇ 1985 ਦੀ ਤ੍ਰਾਸਦੀ ਨਾਲ ਸਬੰਧਤ ਇਤਿਹਾਸਕ ਰਿਕਾਰਡ ਦੀ ਦੁਬਾਰਾ ਜਾਂਚ ਕਰੇ। ਜ਼ਿਕਰਯੋਗ ਹੈ ਕਿ ਭਾਰਤ ਸਰਕਾਰ ਨੇ ਪਹਿਲਾਂ ਵੀ SFJ ਨੂੰ ਗੈਰ-ਕਾਨੂੰਨੀ ਜਥੇਬੰਦੀ ਕਰਾਰ ਦਿੱਤਾ ਹੈ ਅਤੇ ਉਸ ਦੇ ਦੋਸ਼ਾਂ ਨੂੰ ਰੱਦ ਕੀਤਾ ਜਾਂਦਾ ਹੈ।





ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ਸਿੱਖ ਪੰਥ ਦੇ ਮਹਾਨ ਵਿਦਵਾਨ
ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ
ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ
ਪ੍ਰਚਾਰ ਦੌਰੇ ਤੇ ਅਮਰੀਕਾ ਵਿਖੇ ਪਹੁੰਚ ਰਹੇ ਹਨ।
24 ਜੂਨ – 21 ਜੁਲਾਈ 2026
ਨਿਊ ਯਾਰਕ
ਨਿਊ ਜਰਸੀ
ਫਿਲਾਡੈਲਫੀਆ
ਇੰਡੀਆਨਾ
ਰਿਵਰਸਾਈਡ
ਬੇਕਰਸਫੀਲਡ
ਫਰਿਜ਼ਨੋ
ਟਰੇਸੀ
ਆਵਾਜ਼ਿ ਕੌਮ AWAZE QAUM International Newspaper & WEB TV
ਵਧੇਰੇ ਜ਼ਾਣਕਾਰੀ ਲਈ ਸੰਪਰਕ ਕਰੋ:
+1 209 740 1731 | +1 209 624 6549 | +1 209 624 91

# ਖਾਲਸਾ ਪੰਥ ਦੀ ਸ਼ਾਨ ਮਹਾਰਾਜਾ ਰਣਜੀਤ ਸਿੰਘ ਬਹਾਦੁਰ ਨੂੰ ਸੱਚੀ ਸ਼ਰਧਾਂਜਲੀ !

ਅੱਜ ਤੋਂ 187 ਸਾਲ ਪਹਿਲਾਂ ਆਜ਼ਾਦ ਸਿੱਖ ਰਾਜ ਦੇ ਬਾਦਸ਼ਾਹ ਮਹਾਰਾਜਾ ਰਣਜੀਤ ਸਿੰਘ ਨੇ ਆਖ਼ਰੀ ਸਾਹ ਲਿਆ। ਲਾਹੌਰ ਸ਼ਹਿਰ ਦੇ ਵਸਨੀਕਾਂ ਨੇ ਜ਼ੁਲਮ ਤੇ ਬੇਇਨਸਾਫ਼ੀ ਤੋਂ ਤੰਗ ਆ ਕੇ ਨੌਜਵਾਨ ਸਰਦਾਰ ਰਣਜੀਤ ਸਿੰਘ ਸ਼ੁਕਰਚੱਕੀਆ ਨੂੰ ਬੁਲਾਵਾ ਭੇਜਿਆ, ਜਿਸ ਵਿੱਚ ਹਿੰਦੂ ਤੇ ਮੁਸਲਮਾਨ ਸ਼ਾਮਲ ਸਨ। ਉਨ੍ਹਾਂ ਦਾ ਫ਼ੈਸਲਾ ਇੱਕ ਭਵਿੱਖਬਾਣੀ 'ਤੇ ਆਧਾਰਿਤ

ਆਵਾਜ਼ਿ ਕੌਮ
AWAZE QAUM
International Newspaper & WEB TV

ਸੀ, ਜੋ ਸੱਚ ਸਾਬਤ ਹੋਇਆ। ਅਗਲੇ ਚਾਲੀ ਸਾਲ ਜੋ ਅਮਨ, ਸ਼ਾਂਤੀ, ਆਪਸੀ ਭਾਈਚਾਰਾ ਤੇ ਖੁਸ਼ਹਾਲੀ ਖਾਲਸਾ ਰਾਜ ਨੇ ਦਿੱਤੀ ਤੇ ਵੇਖੀ, ਅੱਜ ਵੀ ਦੁਨੀਆ ਭਰ ਦੇ ਇਤਿਹਾਸ ਵਿੱਚ ਮਹਾਰਾਜਾ ਰਣਜੀਤ ਸਿੰਘ ਜੀ ਨੂੰ ਮਹਾਨ ਸ਼ਾਸਕਾਂ ਵਿੱਚ ਸ਼ਾਮਲ ਕਰਦੀ ਹੈ। ਇਹ ਹਲੇਮੀ ਰਾਜ, ਰਾਮ ਰਾਜ ਅਤੇ ਬੇਗਮਪੁਰਾ ਦੇ ਗੁਰਮਤਿ ਸੰਕਲਪ ਦੀ ਉਦਾਹਰਨ ਬਣ ਕੇ ਅੱਜ ਤੱਕ ਦੁਨੀਆ 'ਤੇ ਰਾਜ ਕਰਨ ਵਾਲਿਆਂ ਲਈ ਪ੍ਰੇਰਣਾ ਸਰੋਤ ਹੈ। ਇਸ ਬਾਰੇ ਸ਼ਾਹ ਮੁਹੰਮਦ ਨੂੰ ਵੀ ਦਰਜ ਕਰਨਾ ਪਿਆ, ਕਿਉਂਕਿ ਉਹ ਤਾਂ ਅੰਗਰੇਜ਼ਾਂ ਨੇ ਸਿੱਖ ਰਾਜ ਨੂੰ ਬਦਨਾਮ ਕਰਨ ਤੇ ਆਪਸੀ ਫੁੱਟ ਪਾਉਣ ਲਈ ਨਿਯੁਕਤ ਕੀਤਾ ਸੀ।

ਮਹਾਂਬਲੀ ਰਣਜੀਤ ਸਿੰਘ ਹੋਇਆ ਪੈਦਾ,
ਨਾਲ ਜ਼ੋਰ ਦੇ ਮੁਲਖ ਹਿਲਾਇ ਗਿਆ।
ਮੁਲਤਾਨ, ਕਸ਼ਮੀਰ, ਪਿਸ਼ੌਰ, ਚੰਬਾ,
ਜੰਮੂ, ਕਾਂਗੜਾ ਕੋਟ, ਨਿਵਾਇ ਗਿਆ।
ਤਿੱਬਤ ਦੇਸ਼ ਲੱਦਾਖ ਤੇ ਚੀਨ ਤੋੜੀਂ,
ਸਿੱਕਾ ਆਪਣੇ ਨਾਮ ਚਲਾਇ ਗਿਆ।
ਸ਼ਾਹ ਮੁਹੰਮਦਾ ਜਾਣ ਪਚਾਸ ਬਰਸਾਂ,
ਹੱਛਾ ਰੱਜ ਕੇ ਰਾਜ ਕਮਾਇ ਗਿਆ।

ਮਹਾਰਾਜ ਸਾਹਿਬ ਦੇ ਅਕਾਲ ਚਲਾਣੇ ਤੋਂ ਬਾਅਦ ਖਾਲਸਾ ਰਾਜ ਵਿੱਚ ਆਪਸੀ ਲੜਾਈ ਸ਼ੁਰੂ ਹੋ ਗਈ। ਇਸ ਦੇ ਦੋਸ਼ੀ ਸਾਜ਼ਸ਼ੀ, ਲਾਲਚੀ ਤੇ ਗੱਦਾਰ ਅਹਿਲਕਾਰ ਸਨ, ਜਿਸ ਬਾਰੇ ਵੀ ਸ਼ਾਹ ਮੁਹੰਮਦ ਦਰਜ ਕਰਦਾ ਹੈ।

ਜਦੋਂ ਹੋਏ ਸਰਕਾਰ ਦੇ ਸਾਸ ਪੂਰੇ,
ਜਮ੍ਹਾ ਹੋਏ ਨੀ ਸਭ ਸਰਦਾਰ ਮੀਆਂ।
ਚੇਤ ਸਿੰਘ ਨੂੰ ਮਾਰਿਆ ਕੌਰ ਸਾਹਿਬ,
ਸ਼ੁਰੂ ਹੋਈ ਦਰਬਾਰ ਤਲਵਾਰ ਮੀਆਂ।
ਖੜਕ ਸਿੰਘ ਮਹਾਰਾਜ ਨੇ ਢਾਹ ਮਾਰੀ,
ਮੋਇਆ ਮੁੱਢ ਕਦੀਮ ਦਾ ਯਾਰ ਮੀਆਂ।
ਸ਼ਾਹ ਮੁਹੰਮਦਾ ਅਸਾਂ ਭੀ ਨਾਲ ਮਰਨਾ,
ਸਾਡਾ ਇਹੋ ਸੀ ਕੌਲ-ਕਰਾਰ ਮੀਆਂ।

ਸੰਨ 1845 ਤੱਕ ਕੇਵਲ ਛੇ ਸਾਲਾਂ ਅੰਦਰ ਹੀ ਮਹਾਰਾਜਾ ਖੜਕ ਸਿੰਘ, ਕੰਵਰ ਨੌਨਿਹਾਲ ਸਿੰਘ, ਮਹਾਰਾਣੀ ਚੰਦ ਕੌਰ ਤੇ ਮਹਾਰਾਜਾ ਸ਼ੇਰ ਸਿੰਘ ਕਤਲ ਕਰ ਦਿੱਤੇ ਗਏ। ਕਰਨਲ ਸਟੇਨਵੇਕ, ਜੋ 1836 ਵਿੱਚ ਖਾਲਸਾ ਫੌਜ ਵਿੱਚ ਭਰਤੀ ਹੋਇਆ ਸੀ, ਨੇ ਅੰਗਰੇਜ਼ ਸਰਕਾਰ ਨੂੰ ਖਾਲਸਾ ਰਾਜ 'ਤੇ ਕਬਜ਼ਾ ਕਰਨ ਦੀ ਤਜਵੀਜ਼ ਭੇਜੀ, ਜੋ ਪੰਜਾਬ ਪੁਸਤਕ ਦੇ ਰੂਪ ਵਿੱਚ ਅੱਜ ਵੀ ਮੌਜੂਦ ਹੈ। ਉਸ ਨੇ ਇਹ ਵੀ ਦਰਜ ਕੀਤਾ ਕਿ ਮੁਸਲਮਾਨ ਸਿੱਖ ਵਿਰੋਧੀ ਹੋ ਗਏ ਹਨ ਤੇ ਹਿੰਦੂਆਂ ਤੇ ਸਿੱਖਾਂ ਨੂੰ ਵੰਡਣ ਦੀ ਲੋੜ ਹੈ। ਇਹ ਵੀ ਸਪਸ਼ਟ ਕਰਦਾ ਹੈ ਕਿ ਕੰਵਰ ਨੌਨਿਹਾਲ ਸਿੰਘ, ਅਫ਼ਗਾਨਿਸਤਾਨ ਦੇ ਸ਼ਾਹ ਤੇ ਨੇਪਾਲ ਦੇ ਬਾਦਸ਼ਾਹ ਨਾਲ ਮਿਲ ਕੇ ਭਾਰਤ ਨੂੰ ਅੰਗਰੇਜ਼ਾਂ ਤੋਂ ਆਜ਼ਾਦ ਕਰਾਉਣ ਲਈ ਕੋਸ਼ਿਸ਼ ਕਰ ਰਿਹਾ ਸੀ। ਸ਼ਾਇਦ ਇਹੀ ਉਸ ਦੀ ਮੌਤ ਦਾ ਕਾਰਨ ਬਣਿਆ ਹੋਵੇ।

ਇਸ ਕਤਲੋਗਾਰਤ ਤੋਂ ਨਿਰਾਸ਼ ਹੋ ਕੇ ਬਹੁਤ ਸਾਰੇ ਵਫ਼ਾਦਾਰ ਅਹਿਲਕਾਰਾਂ ਨੇ ਖਾਲਸਾ ਰਾਜ ਤੋਂ ਦੂਰ ਜਾਣ ਦਾ ਫ਼ੈਸਲਾ ਕੀਤਾ। ਸ਼ਾਹ ਮੁਹੰਮਦ ਇਸ ਬਾਰੇ ਵੀ ਲਿਖਦਾ ਹੈ:

ਲਹਿਣਾ ਸਿੰਘ ਸਰਦਾਰ ਮਜੀਠੀਆ (ਸੁੰਦਰ ਸਿੰਘ ਨਾਲ ਕੋਈ ਸਬੰਧ ਨਹੀਂ) ਸੀ,
ਵੱਡਾ ਅਕਲ ਦਾ ਕੋਟ ਕਮਾਲ ਮੀਆਂ।
ਮਹਾਂਬਲੀ ਸਰਦਾਰ ਸੀ ਪੰਥ ਵਿਚੋਂ,
ਡਿੱਠੀ ਬਣੀ ਕੁਚਲਣੀ ਚਾਲ ਮੀਆਂ।
ਦਿਲ ਆਪਣੇ ਬੈਠ ਵਿਚਾਰ ਕਰਦਾ,
ਏਥੇ ਕਈਆਂ ਦੇ ਹੋਣਗੇ ਕਾਲ ਮੀਆਂ।
ਸ਼ਾਹ ਮੁਹੰਮਦਾ ਤੁਰ ਗਿਆ ਤੀਰਥਾਂ ਨੂੰ,
ਸਾਰਾ ਛੱਡ ਕੇ ਦੰਗ-ਦਵਾਲ ਮੀਆਂ।

ਜਦੋਂ ਸਿੱਧ ਹੀ ਪਰਬਤ ਵਿੱਚ ਛਿਪ ਜਾਣ ਤਾਂ ਫਿਰ ਕੌਮ ਨੂੰ ਕਿਸ ਨੇ ਸੰਭਾਲਣਾ ਤੇ ਬਚਾਉਣਾ ਸੀ ? ਹਾਲਾਤ ਇਸ ਤਰ੍ਹਾਂ ਦੇ ਹੋ ਗਏ।

ਪਿੱਛੇ ਇਕ ਸਰਕਾਰ ਦੇ ਖੇਡ ਚੱਲੀ,
ਪਈ ਨਿੱਤ ਹੁੰਦੀ ਮਾਰੋ-ਮਾਰ ਮੀਆਂ।
ਸਿੰਘਾਂ ਮਾਰ ਸਰਦਾਰਾਂ ਦਾ ਨਾਸ ਕੀਤਾ,
ਸਭੋ ਕਤਲ ਹੋਏ ਵਾਰੋ-ਵਾਰ ਮੀਆਂ।
ਸਿਰ 'ਤੇ ਫੌਜ ਦੇ ਰਿਹਾ ਨਾ ਕੋਈ ਕੁੰਡਾ,
ਹੋਇਆ ਸ਼ੁਤਰ ਜਿਉਂ ਬਾਝ ਮੁਹਾਰ ਮੀਆਂ।
ਸ਼ਾਹ ਮੁਹੰਮਦਾ ਫਿਰਨ ਸਰਦਾਰ ਲੁਕਦੇ,
ਭੂਤ ਮੰਡਲੀ ਹੋਈ ਤਿਆਰ ਮੀਆਂ।

ਜਦੋਂ ਅਸੀਂ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮਨਾਉਂਦੇ ਹੋਏ 187 ਸਾਲ ਬਾਅਦ ਵਿਚਾਰ ਕਰ ਰਹੇ ਹਾਂ ਤਾਂ ਅੱਜ ਦੇ ਹਾਲਾਤ ਵੀ ਉਨ੍ਹਾਂ ਹਾਲਾਤਾਂ ਨਾਲ ਮੇਲ ਖਾਂਦੇ ਹੀ ਨਜ਼ਰ ਆਉਂਦੇ ਹਨ। ਭਲੇ ਤੇ ਕੌਮ ਦੀ ਚੜ੍ਹਦੀ ਕਲਾ ਮੰਗਣ ਵਾਲੇ ਪਿੱਛੇ ਬੈਠ ਰਹੇ ਹਨ।

ਅੰਗਰੇਜ਼ ਸਰਕਾਰ ਨੇ ਰਾਜ਼ੀਨਾਮਾ ਕਰਨ ਦੀ ਗੱਲ ਵੀ ਸ਼ਾਹ ਮੁਹੰਮਦ ਨੇ ਲਿਖੀ ਹੈ, ਜੋ ਕੇਵਲ ਅੰਗਰੇਜ਼ੀ ਸਰਕਾਰ ਨੂੰ ਸੁਰਖ਼ਰੂ ਕਰਨ ਲਈ ਲਿਖੀ ਲੱਗਦੀ ਹੈ।

ਅਰਜ਼ੀ ਲਿਖੀ ਫ਼ਿਰੰਗੀਆਂ ਖ਼ਾਲਸੇ ਨੂੰ,
'ਤੁਸੀਂ ਕਾਸ ਨੂੰ ਜੰਗ ਮਚਾਂਵਦੇ ਹੋ।
ਮਹਾਰਾਜੇ ਦੇ ਨਾਲ ਸੀ ਨੇਮ ਸਾਡਾ,
ਤੁਸੀਂ ਸੁੱਤੀਆਂ ਕਲਾਂ ਜਗਾਂਵਦੇ ਹੋ।
ਕਈ ਲੱਖ ਰੁਪਏ ਲੈ ਜਾਓ ਸਾਥੋਂ,
ਦੇਈਏ ਹੋਰ ਜੋ ਤੁਸੀਂ ਫੁਰਮਾਂਵਦੇ ਹੋ।
ਸ਼ਾਹ ਮੁਹੰਮਦਾ ਅਸਾਂ ਨਾ ਮੂਲ ਲੜਨਾ,
ਤੁਸੀਂ ਏਤਨਾ ਜ਼ੋਰ ਕਿਉਂ ਲਾਂਵਦੇ ਹੋ।'

ਉਸ ਤੋਂ ਬਾਅਦ ਤਾਂ ਘਰ-ਘਰ ਪਹਾੜਾ ਸਿੰਘ ਬਣਨ ਲੱਗ ਪਏ। ਮਹਾਰਾਜਾ ਦਲੀਪ ਸਿੰਘ ਲਈ ਹਾਂ ਦਾ ਨਾਅਰਾ ਮਾਰਨ ਵਾਲਾ ਵੀ ਕੋਈ ਨਹੀਂ ਰਿਹਾ।

ਪਹਾੜਾ ਸਿੰਘ ਸੀ ਯਾਰ ਫ਼ਿਰੰਗੀਆਂ ਦਾ,
ਸਿੰਘਾਂ ਨਾਲ ਸੀ ਓਸ ਦੀ ਗੈਰਸਾਲੀ।
ਪਿੱਛੋਂ ਭੱਜ ਕੇ ਲਾਟ ਨੂੰ ਜਾਇ ਮਿਲਿਆ,
ਗੱਲ ਜਾਇ ਦੱਸੀ ਸਾਰੀ ਭੇਤ ਵਾਲੀ।
'ਉਥੋਂ ਹੋ ਗਿਆ ਹਰਨ ਹੈ ਖ਼ਾਲਸਾ ਜੀ,
ਚੌਦਾਂ ਹੱਥਾਂ ਦੀ ਮਾਰ ਕੇ ਜਾਣ ਛਾਲੀ।
ਸ਼ਾਹ ਮੁਹੰਮਦਾ ਸਾਂਭ ਲੈ ਸਿਲੇਖਾਨੇ,
ਛੱਡ ਗਏ ਨੀ ਸਿੰਘ ਮੈਦਾਨ ਖਾਲੀ।'

ਅੱਜ ਫਿਰ ਮਤਾ ਕਰਨ ਦੀ ਲੋੜ ਹੈ। ਖਾਲਸਾ ਪੰਥ ਤੇ ਰਾਜਨੀਤੀ ਨੂੰ ਬਚਾਉਣਾ ਜ਼ਿੰਮੇਵਾਰੀ ਹੈ। ਆਓ ਠਾਕੁਰ ਸਿੰਘ ਸੰਧਾਵਾਲੀਆ ਦੇ ਧਰਮ-ਪਰਿਵਰਤਨ ਤੋਂ ਬਚਾਉਣ ਲਈ ਸਿੰਘ ਸਭਾ ਲਹਿਰ ਨੂੰ ਪੁਨਰ-ਸੁਰਜੀਤ ਕਰਨ ਬਾਰੇ ਵਿਚਾਰ ਕਰੀਏ। ਜੇਕਰ ਕਾਂਗਰਸ ਪਾਰਟੀ ਦੇ ਆਗੂਆਂ ਨੇ ਵਾਅਦਾ ਨਹੀਂ ਨਿਭਾਇਆ ਤਾਂ ਅੱਜ ਦੀ ਕੇਂਦਰੀ ਸਰਕਾਰ ਨਾਲ ਗੱਲਬਾਤ ਸ਼ੁਰੂ ਕਰੀਏ।

ਪਿਛੋਂ ਬੈਠ ਸਰਦਾਰਾਂ ਗੁਰਮਤਾ ਕੀਤਾ,
ਕੋਈ ਅਕਲ ਦਾ ਕਰੋ ਇਲਾਜ ਯਾਰੋ।
ਫੇੜ (ਛੇੜ) ਬੁਰਛਿਆਂ ਦੀ ਸਾਡੇ ਪੇਸ਼ ਆਈ,
ਪੱਗ-ਦਾੜ੍ਹੀਆਂ ਦੀ ਰੱਖੋ ਲਾਜ ਯਾਰੋ।
ਮੁੱਠ ਮੀਟੀ ਸੀ ਏਸ ਪੰਜਾਬ ਦੀ ਜੀ,
ਇਨ੍ਹਾਂ ਖੋਲ੍ਹ ਦਿੱਤਾ ਸਾਰਾ ਪਾਜ ਯਾਰੋ।
ਸ਼ਾਹ ਮੁਹੰਮਦਾ ਮਾਰ ਕੇ ਮਰੋ ਏਥੇ,
ਕਦੇ ਰਾਜ ਨਾ ਹੋਇ ਮੁਹਤਾਜ ਯਾਰੋ।

ਕੌਮ ਦੇ ਨੌਜਵਾਨ ਅੱਜ ਵੀ ਕਮਜ਼ੋਰ ਨਹੀਂ। ਦੇਸ਼ ਲਈ ਲੜਦੇ ਹੋਏ ਸਭ ਤੋਂ ਵੱਧ ਵੀਰ ਚੱਕਰ ਤੇ ਹੋਰ ਸਨਮਾਨ ਜਿੱਤਦੇ ਹਨ। ਲੇਕਿਨ ਲੜਾਈ ਦਾ ਰਾਹ ਛੱਡ ਤਰੱਕੀ ਵਾਲੇ ਪਾਸੇ ਕਿਉਂ ਨਾ ਚੱਲੀਏ ?

ਜੰਗ ਹਿੰਦ ਪੰਜਾਬ ਦਾ ਹੋਣ ਲੱਗਾ,
ਦੋਵੇਂ ਪਾਤਸ਼ਾਹੀ ਫੌਜਾਂ ਭਾਰੀਆਂ ਨੀ।
ਅੱਜ ਹੋਵੇ ਸਰਕਾਰ ਤਾਂ ਮੁੱਲ ਪਾਵੇ,
ਜਿਹੜੀਆਂ ਖ਼ਾਲਸੇ ਨੇ ਤੇਗਾਂ ਮਾਰੀਆਂ ਨੀ।
ਘੋੜੇ ਆਦਮੀ ਗੋਲਿਆਂ ਨਾਲ ਉੱਡਣ,
ਹਾਥੀ ਢਹਿੰਦੇ ਸਣੇ ਅੰਬਾਰੀਆਂ ਨੀ।
ਸ਼ਾਹ ਮੁਹੰਮਦਾ ਇਕ ਸਰਕਾਰ ਬਾਝੋਂ,
ਫੌਜਾਂ ਜਿੱਤ ਕੇ ਅੰਤ ਨੂੰ ਹਾਰੀਆਂ ਨੀ।


ਅੱਜ ਦਾ ਸਿੱਖ ਨੌਜਵਾਨ ਭੜਕਾਇਆ ਜਾ ਰਿਹਾ ਹੈ। ਨਾ ਨੀਤੀ ਹੈ ਤੇ ਨਾ ਹੀ ਨੇਤਾ। ਅੱਜ ਹੋਵੇ ਸਰਕਾਰ ਤਾਂ ਮੁੱਲ ਪਾਵੇ, ਜਿਹੜੀਆਂ ਖ਼ਾਲਸੇ ਨੇ ਤੇਗਾਂ ਮਾਰੀਆਂ ਹਨ! ਵਿਅਕਤੀਗਤ ਨਹੀਂ ਤਾਂ ਸੰਸਥਾ ਦੇ ਰੂਪ ਵਿੱਚ ਅੱਗੇ ਆਇਆ ਜਾਵੇ। ਸਿੱਖ ਸਮਾਜ ਵਿੱਚ ਬਹੁਤ ਹੀ ਸਤਿਕਾਰਯੋਗ, ਗਿਆਨਵਾਨ, ਤਜਰਬੇਕਾਰ ਅਤੇ ਵਿਦਵਾਨ ਹਰ ਖੇਤਰ ਵਿੱਚ ਹਨ। ਆਓ ਮਿਲ ਬੈਠੀਏ ਤੇ ਕੌਮ ਲਈ ਅਮਨ, ਸ਼ਾਂਤੀ, ਵਿੱਦਿਆ ਤੇ ਖੁਸ਼ਹਾਲੀ ਲਈ ਕੰਮ ਕਰੀਏ। ਲੋਕਤੰਤਰ ਵਿੱਚ ਹਥਿਆਰ ਨਹੀਂ, ਵਿਚਾਰ, ਤਰਕ ਤੇ ਗੱਲਬਾਤ ਦੀ ਕਲਾ ਦੀ ਲੋੜ ਹੈ।

ਸ਼ਾਹ ਮੁਹੰਮਦ ਵੀ ਅੰਤ ਵਿੱਚ ਕੌਮ ਦੀ ਢਹਿੰਦੀ ਕਲਾ ਦੀ ਗੱਲ ਕਰਦਾ ਹੋਇਆ ਸਿੱਖਾਂ ਵੱਲੋਂ ਅੰਗਰੇਜ਼ਾਂ ਲਈ ਰਸਤਾ ਸਾਫ਼ ਹੋਣ ਦਾ ਜ਼ਿਕਰ ਕਰਦਾ ਹੈ।

ਰੱਬ ਚਾਹੇਗਾ ਤਾਂ ਕਰੇਗਾ ਮਿਹਰਬਾਨੀ,
ਹੋਇਆ ਸਿੰਘਾਂ ਦਾ ਕੰਮ ਅਰਾਸਤਾ ਈ।
ਵੱਡੀ ਸਾਂਝ ਹੈ ਹਿੰਦੂਆਂ ਮੁਸਲਮਾਨਾਂ,
ਉਹ ਦੇ ਨਾਲ ਨਾ ਕਿਸੇ ਦਾ ਵਾਸਤਾ ਈ।
ਉਹਦੇ ਨਾਲ ਨਾ ਬੈਠ ਕੇ ਗੱਲ ਕਰਨੀ,
ਖ਼ੁਦੀ ਆਪਣੀ ਵਿੱਚ ਮਹਾਸਤਾ ਈ।
ਸ਼ਾਹ ਮੁਹੰਮਦਾ ਦੌਲਤਾਂ ਜਮ੍ਹਾਂ ਕਰਦਾ,
ਸ਼ਾਹੂਕਾਰ ਦਾ ਜਿਵੇਂ ਗੁਮਾਸ਼ਤਾ ਈ।

ਅੰਤ ਵਿੱਚ ਵਾਹਿਗੁਰੂ ਦੇ ਚਰਨਾਂ ਵਿੱਚ ਅਰਦਾਸ ਕਰੀਏ। ਹੇ ਅਕਾਲ ਪੁਰਖ! ਮਹਾਰਾਜ ਸਾਹਿਬ ਆਪਣੇ ਚੰਗੇ ਕੰਮਾਂ ਨਾਲ ਆਪ ਦੀ ਦਰਗਾਹ ਵਿੱਚ ਸਦੀਵੀ ਨਿਵਾਸ ਬਣਾ ਕੇ ਗਏ ਹਨ। ਉਨ੍ਹਾਂ ਦੀ ਆਤਮਾ 'ਤੇ ਕਿਰਪਾ ਦ੍ਰਿਸ਼ਟੀ ਰੱਖਣਾ। ਅਸੀਂ ਜੋ ਮਹਾਰਾਜ ਸਾਹਿਬ ਦੀ ਬਰਸੀ ਮਨਾ ਰਹੇ ਹਾਂ, ਉਨ੍ਹਾਂ ਦੇ ਰਾਹ 'ਤੇ ਚੱਲਣ ਦੀ ਬਲ-ਬੁੱਧੀ ਤੇ ਕੌਮੀ ਜਜ਼ਬਾ ਬਖ਼ਸ਼ਣਾ।

**-ਡਾ : ਇਕਬਾਲ ਸਿੰਘ ਲਾਲਪੁਰਾ**
**ਸਾਬਕਾ ਚੇਅਰਮੈਨ, ਕੌਮੀ ਘੱਟ ਗਿਣਤੀਆਂ ਕਮਿਸ਼ਨ, ਭਾਰਤ ਸਰਕਾਰ**



ਅੱਜ ਬਰਸੀ 'ਤੇ ਵਿਸ਼ੇਸ਼

# ਬ੍ਰਹਮ-ਗਿਆਨੀ ਤੇ ਸਿਮਰਨ ਦੇ ਧਨੀ ਸਨ-ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

ਜਗਰਾਉਂ ਤੋਂ ਤਿੰਨ ਮੀਲ ਦੂਰ ਸਤਲੁਜ ਦਰਿਆ ਦੀ ਸਰਹੰਦ ਨਹਿਰ ਦੇ ਕੰਢੇ ਇੱਕ ਅਖਾੜਾ ਨਗਰ ਹੈ। ਸੰਮਤ 1761 ਬਿਕਰਮੀ (ਸੰਨ 1704 ਈ:) ਚੇਤਰ ਮਹੀਨੇ ਕਲਗੀਧਰ ਪਾਤਸ਼ਾਹ ਚਮਕੌਰ ਸਾਹਿਬ ਦੇ ਯੁੱਧ ਉਪਰੰਤ ਜੰਗਲਾਂ ਵਿੱਚ ਵਿਚਰਦੇ ਹੋਏ ਇਸ ਨਗਰ ਵਿਖੇ ਦੋ ਦਿਨ ਠਹਿਰੇ ਸਨ। ਇਸ ਪਿੰਡ ਦੀ ਇੱਕ ਬਿਰਧ ਮਾਤਾ 'ਸੇਵੀ' ਨੇ ਪਿਆਰ, ਸ਼ਰਧਾ ਸਹਿਤ ਮਿੱਠਾ ਪਾ ਕੇ ਸਮੇਤ ਮਲਾਈ ਦੁੱਧ, ਛਕਾ ਕੇ ਸੇਵਾ ਕੀਤੀ। ਮਾਤਾ ਦਾ ਪੁੱਤਰ ਸਤਿਗੁਰਾਂ ਦਾ ਹੁਕਮ ਮੰਨ ਕੇ ਪੰਜ ਪਿਆਰਿਆਂ ਤੋਂ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ, ਸਿੰਘ ਸਜ ਕੇ, ਭਾਈ ਮੁਹੱਬਤ ਸਿੰਘ ਬਣਿਆ। ਹਜ਼ੂਰ ਨੇ ਬਖ਼ਿਸ਼ਸ਼ ਕੀਤੀ ਕਿ ਇਸ ਵੰਸ ਵਿੱਚ ਇੱਕ ਪੂਰਨ ਬ੍ਰਹਮ-ਗਿਆਨੀ, ਸੂਰਬੀਰ, ਗੁਰਸਿੱਖ, ਖਾਲਸੇ ਦੇ ਅਸੂਲਾਂ ਵਿੱਚ ਪੂਰਨ ਯੋਧਾ ਹੋ ਕੇ ਗੁਰਮਤਿ ਦਾ ਪ੍ਰਵਾਹ ਚਲਾਏਗਾ।



ਸੱਚ-ਖੰਡ ਵਾਸੀ ਸੰਤ ਗੁਰਬਚਨ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦਾ ਜਨਮ ਮਾਘ ਦੀ ਪੁੰਨਿਆ ਤੇ ਫੱਗਣ ਦੀ ਸੰਗਰਾਂਦ 1959 ਬਿਕਰਮੀ ਮੁਤਾਬਿਕ 12 ਫ਼ਰਵਰੀ 1902 ਈ: ਨੂੰ ਪਿਤਾ ਭਾਈ ਰੂੜ ਸਿੰਘ ਦੇ ਘਰ ਮਾਤਾ ਅਨੰਦ ਕੌਰ ਦੀ ਕੁੱਖੋਂ ਅੰਮ੍ਰਿਤ ਵੇਲੇ ਢਾਈ ਵਜੇ ਹੋਇਆ। ਗੁਰਮਤਿ ਅਨੁਸਾਰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਤੋਂ ਆਏ ਹੁਕਮਨਾਮੇ ਦੇ ਪਹਿਲੇ ਅੱਖਰ 'ਗ' ਤੋਂ ਆਪ ਦਾ ਨਾਂ 'ਗੁਰਬਚਨ ਸਿੰਘ' ਰੱਖਿਆ ਗਿਆ।

ਜਦ ਆਪ ਚਾਰ ਸਾਲ ਦੇ ਹੋਏ ਤਾਂ ਪੁਰਾਤਨ ਖ਼ਾਲਸੇ ਦੀ ਰੀਤੀ ਅਨੁਸਾਰ ਤਾਇਆ ਬਾਬਾ ਕਾਹਨ ਸਿੰਘ ਜੀ ਨੇ ਕੜਾਹ-ਪ੍ਰਸ਼ਾਦ ਤਿਆਰ ਕਰਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਰਦਾਸ ਕਰਕੇ ਆਪ ਨੂੰ ਗੁਰਮੁਖੀ ਦੇ ਪਹਿਲੇ ਪੰਜ ਅੱਖਰ ਲਿਖ ਕੇ ਗੁਰਮੁਖੀ ਦੀ ਵਿੱਦਿਆ ਦੇਣੀ ਸ਼ੁਰੂ ਕੀਤੀ। ਇਹਨਾਂ ਦੇ ਤਾਇਆ ਜੀ ਨੇ ਇਹਨਾਂ ਨੂੰ ਪੰਜ ਗ੍ਰੰਥੀ, ਬਾਈ ਵਾਰਾਂ, ਭਗਤ ਬਾਣੀ, ਦਸ ਗ੍ਰੰਥੀ ਦਾ ਸ਼ੁੱਧ ਪਾਠ ਕਰਵਾਇਆ। ਸੱਤ ਸਾਲ ਦੀ ਉਮਰ ਵਿੱਚ ਆਪ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸ਼ੁੱਧ ਪਾਠ ਕਰਨਾ ਸਿੱਖ ਗਏ। ਭਾਈ ਗੁਰਦਾਸ ਜੀ ਦੀਆਂ ਵਾਰਾਂ, ਸ਼੍ਰੀ ਨਾਨਕ ਪ੍ਰਕਾਸ਼, ਸ਼੍ਰੀ ਗੁਰ ਪ੍ਰਤਾਪ ਸੂਰਜ ਗ੍ਰੰਥ, ਚੰਦਰ ਪ੍ਰਬੋਧ ਨਾਟਕ ਦੇ ਆਦਿ ਗ੍ਰੰਥ ਵੀ ਉਹਨਾਂ ਦੇ ਤਾਇਆ ਜੀ ਨੇ ਪੜ੍ਹਾਏ।

ਆਵਾਜ਼ਿ ਕੌਮ AWAZE QAUM International Newspaper & WEB TV

13 ਸਾਲ ਦੀ ਉਮਰ ਵਿੱਚ ਉਹਨਾਂ ਪਿੰਡ ਕਿਸ਼ਨਪੁਰੇ ਨਜ਼ਦੀਕ ਇੱਕ ਉਦਾਸੀ ਸਾਧੂ ਮਹੰਤ ਲਾਲ ਦਾਸ ਤੋਂ ਹਿੰਦੂ ਮੱਤ ਗ੍ਰੰਥਾਂ ਦਾ ਅਧਿਐਨ ਕੀਤਾ। 18 ਸਾਲ ਦੀ ਉਮਰ ਵਿੱਚ ਆਪ ਦਾ ਵਿਆਹ ਸ੍ਰ: ਬਸੰਤ ਸਿੰਘ ਦੀ ਸਪੁੱਤਰੀ ਬੀਬੀ ਕਿਸ਼ਨ ਕੌਰ ਨਾਲ ਪਿੰਡ ਰਾਜੋਆਣਾ ਜ਼ਿਲ੍ਹਾ ਲੁਧਿਆਣਾ ਵਿਖੇ ਪੂਰਨ ਗੁਰਮਰਯਾਦਾ ਅਨੁਸਾਰ ਹੋਇਆ। ਗ੍ਰਹਿਸਤ ਜੀਵਨ ਵਿੱਚ ਵੀ ਆਪ ਸਹਿਜ ਅਵਸਥਾ ਵਿੱਚ ਰਹਿੰਦੇ ਤੇ ਬਹੁਤਾ ਸਮਾਂ ਸਿਮਰਨ, ਭਜਨ ਵਿੱਚ ਬਤੀਤ ਕਰਦੇ। ਆਪ ਦੇ ਗ੍ਰਹਿ ਦੋ ਪੁੱਤਰ ਭਾਈ ਕਰਤਾਰ ਸਿੰਘ ਤੇ ਭਾਈ ਭਗਵਾਨ ਸਿੰਘ ਨੇ ਜਨਮ ਲਿਆ। ਜਦ ਵੀ ਕਿਸੇ ਚੰਗੇ ਭਜਨ-ਬੰਦਗੀ ਵਾਲੇ ਮਹਾਂਪੁਰਸ਼ ਬਾਰੇ ਆਪ ਨੂੰ ਪਤਾ ਲੱਗਦਾ ਤਾਂ ਆਪ ਬੜੇ ਸ਼ਰਧਾ ਅਤੇ ਪ੍ਰੇਮ ਨਾਲ ਦਰਸ਼ਨਾਂ ਨੂੰ ਜਾਂਦੇ। ਪਰ ਇਹਨਾਂ ਦੀ ਰੂਹ ਦੀ ਤੜਪ ਗੁਰਬਾਣੀ ਦੇ ਗਿਆਨ ਦੀ ਪ੍ਰਾਪਤੀ ਲਈ ਵੱਧਦੀ ਗਈ। ਗੁਰਬਾਣੀ ਦੀਆਂ ਡੂੰਘਿਆਈਆਂ ਨੂੰ ਸਮਝਣ ਲਈ ਇਹਨਾਂ ਨੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਫ਼ਰੀਦਕੋਟ ਵਾਲਾ ਟੀਕਾ ਜੋ 52 ਨਿਰਮਲੇ ਵਿਦਵਾਨਾਂ ਦਾ ਤਿਆਰ ਕੀਤਾ ਹੋਇਆ ਗਹੁ ਨਾਲ ਪੜ੍ਹਿਆ ਅਤੇ ਵਿਚਾਰਿਆ। ਉਸ ਟੀਕੇ ਨੇ ਇਹਨਾਂ ਦੇ ਮਨ ਵਿੱਚ ਅਨੰਦ ਵਧਾਇਆ ਅਤੇ ਗਿਆਨ ਵਿਸ਼ਾਲ ਕੀਤਾ।

1920 ਵਿੱਚ ਅਖਾੜੇ ਵਿਖੇ ਸੰਤ ਸੁੰਦਰ ਸਿੰਘ ਜੀ ਦੇ ਮੁਖਾਰਬਿੰਦ ਤੋਂ ਹੋਈ ਅੰਮ੍ਰਿਤ ਰੂਪ ਗੁਰਬਾਣੀ ਦੀ ਕਥਾ ਦਾ ਆਪ ਦੇ ਮਨ ਤੇ ਐਸਾ ਪ੍ਰਭਾਵ ਪਿਆ ਕਿ ਨਿਰਮਲ ਰੂਹ ਪ੍ਰੇਮ ਵਿੱਚ ਲੀਨ ਹੋ ਗਈ। ਉਸ ਵੇਲੇ ਸਤਿਗੁਰੂ ਜੀ ਦੀ ਐਸੀ ਕਿਰਪਾ ਹੋਈ ਕਿ ਆਉਂਦੇ-ਜਾਂਦੇ ਸਵਾਸਾਂ ਦੇ ਨਾਲ ਵਾਹਿਗੁਰੂ ਦਾ ਜਾਪ ਸੁਤੇਸਿਧ ਹੀ ਹੋਣ ਲੱਗ ਪਿਆ। ਅਗਲੇ ਦਿਨ ਸੰਤ ਸੁੰਦਰ ਸਿੰਘ ਜੀ ਦੇ ਪੰਜ ਪਿਆਰਿਆਂ ਵਿੱਚ ਲੱਗ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅੰਮ੍ਰਿਤ ਦਾ ਬਾਟਾ ਤਿਆਰ ਕਰਕੇ ਪੰਜ ਸੌ ਸਿੰਘਾਂ ਨੂੰ ਅੰਮ੍ਰਿਤ ਛਕਾਇਆ। ਜਿਨ੍ਹਾਂ ਵਿੱਚ ਗੁਰਬਚਨ ਸਿੰਘ ਵੀ ਅੰਮ੍ਰਿਤ ਛਕ ਕੇ ਐਸਾ ਖ਼ਾਲਸਾ ਸਜਿਆ ਕਿ ਆਪ ਦੇ ਨਾਂ ਨਾਲ 'ਤਖੱਲਸ' ਖ਼ਾਲਸਾ ਵੀ ਰੱਖਿਆ ਗਿਆ। ਸਾਵਣ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਤੋਂ ਪੱਕੇ ਤੌਰ ਤੇ ਪਿੰਡ ਭਿੰਡਰੀ ਜਥੇ ਵਿੱਚ ਰਹਿਣ ਲੱਗ ਪਏ। 1921 ਤੋਂ 1930 ਤੱਕ ਆਪ ਲਗਾਤਾਰ ਇਹਨਾਂ ਦੀ ਸੰਗਤ ਵਿੱਚ ਰਹੇ। 15 ਫ਼ਰਵਰੀ 1930 'ਚ ਗੁਰਦੁਆਰਾ ਸੱਚ-ਖੰਡ ਬੋਪਾਰਾਏ ਵਿਖੇ ਗਿਆਨੀ ਸੁੰਦਰ ਸਿੰਘ ਨੇ ਕਥਾ ਸੁਣਦਿਆਂ ਪ੍ਰਭਾਵਿਤ ਹੋ ਕੇ 'ਦਮਦਮੀ ਟਕਸਾਲ' ਦੀ ਸੇਵਾ-ਸੰਭਾਲ ਉਹਨਾਂ ਨੂੰ ਸੌਂਪ ਦਿੱਤੀ। ਸੰਤ ਜੀ ਨੇ ਬੜੀ ਉਦਾਰਤਾ ਨਾਲ ਆਪ ਇਹਨਾਂ ਨੂੰ ਭਾਈ ਗੁਰਦਾਸ ਜੀ ਦੀਆਂ ਵਾਰਾਂ , ਭਾਈ ਨੰਦ ਲਾਲ ਦੀ ਰਚਨਾ, ਸ਼੍ਰੀ ਗੁਰੂ ਪੰਥ ਪ੍ਰਕਾਸ਼, ਗੁਰ ਬਿਲਾਸ ਪਾਤਸ਼ਾਹੀ ਛੇਵੀਂ, ਦਸਵੀਂ ਤੇ ਹੋਰ ਪ੍ਰਮਾਣੀਕ ਗ੍ਰੰਥ ਅਰਥਮਈ ਵਿਆਖਿਆ ਕਰਕੇ ਬੜੇ ਗਹੁ ਤੇ ਪਿਆਰ ਨਾਲ ਪੜ੍ਹਾਏ। ਤਕਰੀਬਨ 36 ਲੱਖ ਜਪੁਜੀ ਸਾਹਿਬ ਦੇ ਪਾਠ, 36 ਲੱਖ ਮੂਲ-ਮੰਤਰ ਦਾ ਜਾਪ ਤੇ ਬੇਅੰਤ ਵਾਹਿਗੁਰੂ ਦਾ ਸਿਮਰਨ ਕਰਵਾਇਆ।

ਸੰਤ ਗੁਰਬਚਨ ਸਿੰਘ ਜੀ ਨੇ ਸਾਰੇ ਹਿੰਦੁਸਤਾਨ ਵਿੱਚ ਵਿਚਰ ਕੇ ਸਵਾ ਸੌ ਤੋਂ ਡੇਢ ਸੌ ਤੱਕ ਸਿੰਘਾਂ ਦੇ ਜਥੇ ਸਮੇਤ ਪੜ੍ਹਾਉਂਦਿਆਂ, ਕੀਰਤਨ ਸਿਖਾਉਂਦਿਆਂ ਨਿਰੋਲ ਗੁਰਮਤਿ ਦਾ ਪ੍ਰਚਾਰ ਕਰਦਿਆਂ ਲੱਖਾਂ ਪ੍ਰਾਣੀਆਂ ਨੂੰ ਅੰਮ੍ਰਿਤ ਛਕਾਇਆ, ਹਜ਼ਾਰਾਂ ਨੂੰ ਸ਼ੁੱਧ ਪਾਠ ਕਰਵਾਇਆ ਅਤੇ ਸੈਂਕੜਿਆਂ ਨੂੰ ਗਿਆਨੀ ਬਣਾਇਆ। ਸੰਤ ਜੀ ਨੇ ਗੁਰਮਤਿ ਦੀ ਵਿੱਦਿਆ ਪੜ੍ਹਾਉਣ ਦੇ ਨਾਲ-ਨਾਲ ਕਈ ਗੁਰਦੁਆਰਿਆਂ ਦੀ ਸੇਵਾ ਵੀ ਕੀਤੀ। 'ਗੁਰਬਾਣੀ ਇਸੁ ਜਗ ਮਹਿ ਚਾਨਣੁ' ਦੇ ਸਿਧਾਂਤ ਨੂੰ ਪ੍ਰਚਾਰਿਆ ਅਤੇ ਹੋਰ ਸੇਵਾਵਾਂ ਦੇ ਨਾਲ-ਨਾਲ ਖ਼ਾਲਸਾ ਜੀ ਨੇ ਬਹੁਤ ਸਾਰੇ ਅਖੰਡ-ਪਾਠ ਅਤੇ ਇਕੋਤਰੀਆਂ (ਧਨੌਲਾ, ਸੇਵੇਵਾਲਾ, ਜੋਧਪੁਰ (ਰੋਡੇ), ਸ਼੍ਰੀ ਅੰਮ੍ਰਿਤਸਰ ਸਾਹਿਬ, ਰਾਮਗੜ੍ਹ, ਸ਼੍ਰੀ ਹਜ਼ੂਰ ਸਾਹਿਬ) ਕਰਵਾਈਆਂ। 1966 ਵਿੱਚ ਸੰਤ ਜੀ ਦਾ ਬਲੱਡ ਪਰੈਸ਼ਰ ਨਾਲ ਸਰੀਰ ਢਿੱਲਾ ਹੋਇਆ ਤਾਂ ਸੰਗਤ ਦੀ ਬੇਨਤੀ ਤੇ ਪਿੰਡ ਨੰਗਾਲੀ ਪਹੁੰਚੇ। ਨੰਗਾਲੀ ਤੋਂ ਮਹਿਤਾ ਪਹੁੰਚ ਕੇ ਆਸਣ ਜਮਾ ਲਿਆ। ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਦੋ-ਦੋ, ਤਿੰਨ-ਤਿੰਨ ਕਥਾ ਰੋਜ਼ ਕੀਤੀਆਂ। ਸੰਤ ਜੀ ਨੂੰ ਲਗਾਤਾਰ ਬਲੱਡ ਪਰੈਸ਼ਰ ਅਤੇ ਸਾਹ ਦਾ ਦੌਰਾ ਪੈਂਦਾ ਰਿਹਾ, 13-14 ਹਾੜ ਨੂੰ ਬਹੁਤ ਸਖ਼ਤ ਦੌਰਾ ਪਿਆ। ਇਸ ਤਰ੍ਹਾਂ ਮਨੁੱਖ ਮਾਤਰ ਨੂੰ ਅਕਾਲ ਪੁਰਖ ਨਾਲ ਜੋੜਦੇ ਹੋਏ ਸੰਤ ਗੁਰਬਚਨ ਸਿੰਘ ਖ਼ਾਲਸਾ 29 ਜੂਨ 1969 ਈ: ਨੂੰ 67 ਸਾਲ ਦੀ ਉਮਰ ਭੋਗ ਕੇ ਸੱਚ-ਖੰਡ ਵਾਸ ਕਰ ਗਏ। ਉਹਨਾਂ ਦੀ ਯਾਦ ਵਿੱਚ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ, ਹਸਪਤਾਲ, ਖ਼ਾਲਸਾ ਅਕੈਡਮੀ ਵੀ ਦਮਦਮੀ ਟਕਸਾਲ ਵੱਲੋਂ ਚਲਾਈ ਜਾ ਰਹੀ ਹੈ। ਸੰਤ ਗੁਰਬਚਨ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਅੰਮ੍ਰਿਤਸਰ ਵਿਖੇ ਸੁਸ਼ੋਭਿਤ ਹੈ।

**-ਕਰਨੈਲ ਸਿੰਘ ਐੱਮ.ਏ.**
#1138/63-ਏ, ਗੁਰੂ ਤੇਗ਼ ਬਹਾਦਰ ਨਗਰ,
ਗਲੀ ਨੰਬਰ-1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ

## ਪਠਲਾਵਾ ਸੰਸਥਾ ਵਲੋਂ ਸਕੂਲ ਖੁੱਲਣ ਤੋਂ ਪਹਿਲਾਂ ਪ੍ਰਾਇਮਰੀ ਸਕੂਲ ਪਠਲਾਵਾ ਦੇ ਵਿਹੜੇ ਦੀ ਸਫਾਈ ਅਤੇ ਬੂਟਿਆਂ ਦੀ ਕਾਟ ਸ਼ਾਟ ਕੀਤੀ





**ਏਕ** ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜੋਂ ਆਪਣੇ ਚੌਗਿਰਦੇ ਦੀ ਸਾਂਭ ਸੰਭਾਲ ਅਤੇ ਵਾਤਾਵਰਨ ਨੂੰ ਸ਼ੁੱਧ ਤੇ ਹਰਿਆ ਭਰਿਆ ਬਣਾਉਣ ਲਈ ਪਿਛਲੇ ਪੰਦਰਾਂ ਸਾਲਾਂ ਤੋਂ ਅਣਥੱਕ ਯਤਨਾਂ ਨਾਲ ਪੂਰੀ ਸ਼ਿਦਤ ਅਤੇ ਸਿਦਕ ਦਿਲੀ ਨਾਲ ਬੂਟੇ ਲਗਾਉਣ ਅਤੇ ਉਹਨਾਂ ਨੂੰ ਪ੍ਰਵਾਨ ਚੜ੍ਹਾਉਣ ਹਿਤ ਜ਼ਮੀਨੀ ਪੱਧਰ ਤੇ ਕੰਮ ਕਰ ਰਹੀ ਹੈ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਪਠਲਾਵਾ ਵਿਚ ਆਪਣੇ ਹੀ ਹੱਥੀਂ ਲਗਾਏ ਛਾਂਦਾਰ ਸਜਾਵਟੀ ਬੂਟਿਆਂ ਨੂੰ ਵਧੀਆ ਦਿੱਖ ਪ੍ਰਦਾਨ ਕਰਨ ਲਈ ਇਕ ਨਿਵੇਕਲੇ ਅਭਿਆਨ ਨੂੰ ਅੰਜਾਮ ਦਿਤਾ ਗਿਆ। ਇਸ ਅਵਸਰ ਤੇ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਅਤੇ ਸੰਸਥਾ ਦੇ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਦੱਸਿਆ ਕਿ ਇਕ ਮਹੀਨੇ ਦੀਆਂ ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਸਕੂਲ ਬੱਚਿਆਂ ਲਈ ਖੁੱਲ ਰਹੇ ਹਨ। ਇਸ ਸਮੇਂ ਦੌਰਾਨ ਸਕੂਲ ਦੇ ਵਿਹੜੇ ਵਿਚ ਉੱਗਿਆ ਸਰਕੰਡਾ ਅਤੇ ਬੂਟਿਆਂ ਦਾ ਬਣਿਆ ਜੰਗਲ ਸਕੂਲ ਦੇ ਵਿਦਿਆਰਥੀਆਂ ਲਈ ਦਿਕਤ ਨਾ ਬਣੇ ਇਸ ਲਈ ਬੱਚਿਆਂ ਦੀ ਸੁਰੱਖਿਆ ਵਾਸਤੇ ਸਫ਼ਾਈ ਅਤੇ ਬੂਟਿਆਂ ਦੀ ਕਾਟ ਸ਼ਾਟ ਕਰਨਾ ਜ਼ਰੂਰੀ ਹੋ ਗਿਆ ਸੀ। ਜਿਸਨੂੰ ਸੰਸਥਾ ਦੇ ਸੇਵਾਦਾਰਾਂ ਨੇ ਬਾਖ਼ੂਬੀ ਨਾਲ ਅੰਜ਼ਾਮ ਦਿੱਤਾ ਗਿਆ। ਇਸ ਮੌਕੇ ਤੇ ਇਸ ਕੰਮ ਵਿਚ ਸੰਸਥਾ ਦਾ ਸਹਿਯੋਗ ਕਰਨ ਲਈ ਸ੍ਰੀ ਬਲਵਿੰਦਰ ਕੁਮਾਰ ਤਰੇਜਾ ਅਤੇ ਕਬੀਰ ਤਰੇਜਾ ਵਾਸੀ ਬੰਗਾ ਵੱਲੋਂ ਪੂਰੀ ਮਹਿਨਤ ਤੇ ਲਗਨ ਨਾਲ ਸਾਥ ਦਿੱਤਾ ਗਿਆ ਗੌਰਤਲਬ ਹੈ ਕਿ ਕਬੀਰ ਤਰੇਜਾ ਜੋਂ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਜਲੰਧਰ ਵਿਖੇ ਬੀ. ਸੀ ਏ. , ਦੂਸਰੇ ਸਾਲ ਦਾ ਵਿਦਿਆਰਥੀ ਹੈ ਨੂੰ ਯੂਨੀਵਰਸਿਟੀ ਵਲੋਂ ਦਿਤੇ ਆਪਣੇ ਪਰੌਜੈਕਟ ਨੂੰ ਅਮਲੀ ਜਾਮਾ ਪਹਿਨਾਉਣ ਲਈ ਸੰਸਥਾ ਦੇ ਕੰਮ ਵਿੱਚ ਡੱਟ ਕੇ ਸਹਿਯੋਗ ਕੀਤਾ ਗਿਆ। ਸ ਵਾਰੀਆ ਨੇ ਅੱਗੇ ਦੱਸਿਆ ਕਿ ਬਰਸਾਤ ਦੇ ਮੌਸਮ ਵਿਚ ਸੰਸਥਾ ਵਲੋਂ ਬੂਟੇ ਲਗਾਉਣ ਦੇ ਕਾਰਜਾਂ ਨੂੰ ਅਮਲੀ ਜਾਮਾ ਪਹਿਨਾਇਆ ਜਾਵੇਗਾ। ਹੋਰਨਾਂ ਤੋਂ ਇਲਾਵਾ ਅੱਜ ਦੇ ਅਭਿਆਨ ਵਿਚ ਪਿੰਡ ਪਠਲਾਵਾ ਦੇ ਸਰਪੰਚ ਸ ਦਿਲਾਵਰ ਸਿੰਘ ਬੈਂਸ,ਸੰਸਥਾ ਦੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ,ਮਾਸਟਰ ਬਲਵਿੰਦਰ ਸਿੰਘ, ਪ੍ਰਭਜੋਤ ਸਿੰਘ ਅਤੇ ਦੀਪ ਚੰਦ ਬਰੇਲੀ ਵਲੋਂ ਸਹਿਯੋਗ ਕੀਤਾ ਗਿਆ। **ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV

ਤੱਥਾਂ ਤੋਂ ਭੱਜ ਕੇ ਸਿੱਖ ਭਾਵਨਾਵਾਂ ਨਾਲ ਸਿਆਸੀ ਖੇਡ ਖੇਡ ਰਹੇ ਹਨ ਕੇਜਰੀਵਾਲ ਤੇ ਭਗਵੰਤ ਮਾਨ : ਪ੍ਰੋ. ਸਰਚਾਂਦ ਸਿੰਘ ਖਿਆਲਾ

# "ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਪ੍ਰਸਤਾਵਿਤ ਖਰੜੇ ਨੂੰ ਵੇਖੇ ਬਿਨਾਂ ਡਰ ਅਤੇ ਭਰਮ ਫੈਲਾਉਣਾ ਪੰਥਕ ਚਿੰਤਾ ਨਹੀਂ, ਸਗੋਂ ਸਿਆਸੀ ਮੌਕਾਪ੍ਰਸਤੀ ਹੈ"

**ਅੰਮ੍ਰਿਤਸਰ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਪੰਜਾਬ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਉੱਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਲ ਸੰਬੰਧਿਤ ਪ੍ਰਸਤਾਵਿਤ ਐਕਟ ਬਾਰੇ ਉਨ੍ਹਾਂ ਵੱਲੋਂ ਦਿੱਤੇ ਜਾ ਰਹੇ ਬਿਆਨ ਨਾ ਤਾਂ ਤੱਥਾਂ 'ਤੇ ਆਧਾਰਿਤ ਹਨ ਅਤੇ ਨਾ ਹੀ ਪੰਥਕ ਹਿੱਤਾਂ ਦੀ ਸੱਚੀ ਚਿੰਤਾ ਨੂੰ ਦਰਸਾਉਂਦੇ ਹਨ। ਇਹ ਸਿਰਫ਼ ਸਿੱਖ ਭਾਵਨਾਵਾਂ ਨੂੰ ਭੜਕਾ ਕੇ ਆਪਣੀ ਡਿੱਗਦੀ ਸਿਆਸੀ ਸਾਖ ਬਚਾਉਣ ਦੀ ਨਾਕਾਮ ਕੋਸ਼ਿਸ਼ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜਿਸ ਐਕਟ ਦਾ ਖਰੜਾ ਅਜੇ ਤੱਕ ਜਨਤਕ ਹੀ ਨਹੀਂ ਹੋਇਆ, ਉਸ ਪ੍ਰਤੀ ਮੁੱਖ ਮੰਤਰੀ ਮਾਨ 'ਰਾਜਨੀਤੀ ਕਰਨ' ਕਰਨ ਦਾ ਬੇਬੁਨਿਆਦ ਇਲਜ਼ਾਮ ਲਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਉਹੀ ਭਗਵੰਤ ਮਾਨ ਹਨ, ਜਿਨ੍ਹਾਂ ਦੀ ਆਪਣੀ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਜੁੜੇ ਕਾਨੂੰਨੀ ਮਾਮਲਿਆਂ ਵਿੱਚ ਬਿਨਾਂ ਕਿਸੇ ਵਿਆਪਕ ਪੰਥਕ ਸਲਾਹ-ਮਸ਼ਵਰੇ ਦੇ ਸੋਧ ਕੀਤੀ ਸੀ, ਇਸ ਨਾਲ ਜੁੜੇ ਵਿਵਾਦ ਅੱਜ ਵੀ ਖ਼ਤਮ ਨਹੀਂ ਹੋਏ ਹਨ। ਜੋ ਲੋਕ ਖ਼ੁਦ ਪੰਥਕ ਸਹਿਮਤੀ ਦੀ ਪਰਵਾਹ ਨਹੀਂ ਕਰਦੇ, ਉਹ ਅੱਜ ਦੂਜਿਆਂ ਨੂੰ ਸਿੱਖਿਆ ਦੇਣ ਦਾ ਨੈਤਿਕ ਅਧਿਕਾਰ ਗੁਆ ਚੁੱਕੇ ਹਨ। ਇੰਨਾ ਹੀ ਨਹੀਂ, ਭਗਵੰਤ ਮਾਨ ਬੇਅਦਬੀ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਪੰਥ 'ਚੋਂ ਖਾਰਜ ਕੀਤੇ ਜਾ ਚੁੱਕੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਵੱਲੋਂ ਸਿੱਖ ਭਾਈਚਾਰੇ ਦੀਆਂ ਚਿੰਤਾਵਾਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ, ਜਿਸ ਤੋਂ ਬਾਅਦ ਸੰਵਾਦ ਦੀ ਪ੍ਰਕਿਰਿਆ ਸ਼ੁਰੂ ਹੋਈ। ਮਹਾਰਾਸ਼ਟਰ ਦੇ ਮੁੱਖ ਮੰਤਰੀ ਨੇ ਖੁੱਲ੍ਹੇ ਤੌਰ 'ਤੇ ਭਰੋਸਾ ਦਿੱਤਾ ਹੈ ਕਿ ਕਿਸੇ ਵੀ ਨਵੇਂ ਕਾਨੂੰਨ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਲ ਜੁੜੀਆਂ ਸੰਸਥਾਵਾਂ, ਸਿੱਖ ਵਿਦਵਾਨਾਂ, ਧਾਰਮਿਕ ਜਥੇਬੰਦੀਆਂ ਅਤੇ ਹੋਰ ਸਾਰੇ ਸੰਬੰਧਿਤ ਪੱਖਾਂ ਨਾਲ ਵਿਆਪਕ ਸਲਾਹ-ਮਸ਼ਵਰਾ ਕੀਤਾ ਜਾਵੇਗਾ। ਜਿਸ ਦੇ ਲਈ ਮੁੱਖ ਮੰਤਰੀ ਨੇ ਆਪਣੇ ਸੀਨੀਅਰ ਕੈਬਨਿਟ ਸਾਥੀ ਚੰਦਰਸ਼ੇਖਰ ਬਾਵਨਕੁਲੇ ਨੂੰ ਇਸ ਦੀ ਜ਼ਿੰਮੇਵਾਰੀ ਸੌਂਪੀ ਹੈ। ਜੇ ਐਕਟ ਦੀ ਕਿਸੇ ਧਾਰਾ ਉੱਤੇ ਸਿੱਖ ਪੰਥ ਨੂੰ ਇਤਰਾਜ਼ ਹੋਵੇਗਾ ਤਾਂ ਉਸ ਵਿੱਚ ਸੋਧ ਕੀਤੀ ਜਾਵੇਗੀ। ਇਸ ਤੋਂ ਵੱਧ ਲੋਕਤੰਤਰੀ ਅਤੇ ਪੰਥ ਪ੍ਰਤੀ ਸਤਿਕਾਰ ਵਾਲਾ ਭਰੋਸਾ ਹੋਰ ਕੀ ਹੋ ਸਕਦਾ ਹੈ? ਇਹੀ ਜ਼ਿੰਮੇਵਾਰ ਰਾਜਨੀਤੀ ਹੈ। ਇਸ ਦੇ ਉਲਟ ਕੇਜਰੀਵਾਲ ਅਤੇ ਭਗਵੰਤ ਮਾਨ ਲੋਕਾਂ ਵਿੱਚ ਡਰ ਅਤੇ ਭਰਮ ਫੈਲਾ ਕੇ ਸਿਆਸੀ ਰੋਟੀਆਂ ਸੇਕਣ ਵਿੱਚ ਲੱਗੇ ਹੋਏ ਹਨ। ਕੀ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਉਹ ਖਰੜਾ ਪੜ੍ਹ ਲਿਆ ਹੈ ਜਾਂ ਫਿਰ ਸਿਰਫ਼ ਅਫ਼ਵਾਹਾਂ ਦੇ ਆਧਾਰ 'ਤੇ ਸਿਆਸਤ ਕਰ ਰਹੇ ਹਨ?



ਉਨ੍ਹਾਂ ਕਿਹਾ ਕਿ ਕੇਜਰੀਵਾਲ ਅਤੇ ਮਾਨ ਜਾਣ-ਬੁੱਝ ਕੇ ਇਹ ਤੱਥ ਛੁਪਾ ਰਹੇ ਹਨ ਕਿ ਇਸ ਵੇਲੇ ਵੀ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਪ੍ਰਬੰਧ ਚੁਣੀ ਹੋਈ ਬੋਰਡ ਦੀ ਥਾਂ ਸਰਕਾਰ ਵੱਲੋਂ ਨਿਯੁਕਤ ਪ੍ਰਸ਼ਾਸਕ ਦੀ ਨਿਗਰਾਨੀ ਅਧੀਨ ਚੱਲ ਰਿਹਾ ਹੈ, ਕਿਉਂਕਿ ਬੋਰਡ ਦਾ ਕਾਰਜਕਾਲ 2022 ਵਿੱਚ ਹੀ ਸਮਾਪਤ ਹੋ ਚੁੱਕਾ ਹੈ। ਜੇ ਨਵੇਂ ਕਾਨੂੰਨ ਰਾਹੀਂ ਨਿਯਮਤ ਚੋਣਾਂ, ਵਧੇਰੇ ਲੋਕਤੰਤਰੀ ਪ੍ਰਤੀਨਿਧਤਾ ਅਤੇ ਪੰਥਕ ਜਵਾਬਦੇਹੀ ਯਕੀਨੀ ਬਣਦੀ ਹੈ ਤਾਂ ਇਸ ਨੂੰ ਸਰਕਾਰੀ ਦਖ਼ਲ ਜਾਂ ਰਾਜਨੀਤੀ ਕਹਿਣਾ ਤੱਥਾਂ ਨਾਲ ਧੋਖਾ ਹੋਵੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਪ੍ਰਸਤਾਵਿਤ ਐਕਟ ਵਿੱਚ ਬੋਰਡ ਦੇ ਮੈਂਬਰਾਂ ਦੀ ਗਿਣਤੀ ਵਧਾਉਣ, ਮਹਾਰਾਸ਼ਟਰ ਦੇ ਸਥਾਨਕ ਸਿੱਖਾਂ ਦੀ ਸਿੱਧੀ ਚੋਣ ਰਾਹੀਂ ਹਿੱਸੇਦਾਰੀ ਵਧਾਉਣ ਅਤੇ ਬੋਰਡ ਦੇ ਪ੍ਰਧਾਨ ਦੀ ਚੋਣ ਸਰਕਾਰੀ ਨਾਮਜ਼ਦਗੀ ਦੀ ਥਾਂ ਬੋਰਡ ਦੇ ਮੈਂਬਰਾਂ ਰਾਹੀਂ ਕਰਵਾਉਣ ਵਰਗੇ ਸੁਝਾਵਾਂ 'ਤੇ ਵਿਚਾਰ ਹੋ ਰਿਹਾ ਹੈ। ਜੇ ਅਜਿਹਾ ਹੁੰਦਾ ਹੈ ਤਾਂ ਇਹ ਸਰਕਾਰੀ ਕੰਟਰੋਲ ਨਹੀਂ, ਸਗੋਂ ਪੰਥਕ ਕੰਟਰੋਲ ਨੂੰ ਮਜ਼ਬੂਤ ਕਰਨ ਵਾਲਾ ਕਦਮ ਹੋਵੇਗਾ।

ਉਨ੍ਹਾਂ ਸਵਾਲ ਕੀਤਾ ਕਿ ਕੀ ਮਹਾਰਾਸ਼ਟਰ ਦੇ ਸਿੱਖ ਆਪਣੇ ਪ੍ਰਤੀਨਿਧ ਖ਼ੁਦ ਚੁਣਨ ਦੇ ਯੋਗ ਨਹੀਂ ਹਨ? ਕੀ ਉਨ੍ਹਾਂ ਦੀ ਪੰਥਕ ਵਚਨਬੱਧਤਾ ਉੱਤੇ ਸ਼ੱਕ ਕੀਤਾ ਜਾਣਾ ਚਾਹੀਦਾ ਹੈ? ਜਿਹੜੇ ਲੋਕ ਸਥਾਨਕ ਸਿੱਖਾਂ ਦੀ ਭੂਮਿਕਾ ਵਧਾਉਣ ਦਾ ਵੀ ਵਿਰੋਧ ਕਰ ਰਹੇ ਹਨ, ਉਹ ਅਸਲ ਵਿੱਚ ਕਿਸ ਦੇ ਹਿੱਤਾਂ ਦੀ ਰੱਖਿਆ ਕਰ ਰਹੇ ਹਨ?

ਪ੍ਰੋ. ਖਿਆਲਾ ਨੇ ਕਿਹਾ ਕਿ ਭਾਰਤ ਦੀਆਂ ਸਾਰੀਆਂ ਵੱਡੀਆਂ ਸਿੱਖ ਗੁਰਦੁਆਰਾ ਪ੍ਰਬੰਧਕੀ ਸੰਸਥਾਵਾਂ—ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ—ਵੱਖ-ਵੱਖ ਕਾਨੂੰਨਾਂ ਅਧੀਨ ਚੱਲਦੀਆਂ ਹਨ। ਇਸ ਲਈ ਕੇਵਲ ਕਾਨੂੰਨ ਬਣਨ ਨੂੰ ਹੀ ਧਾਰਮਿਕ ਖ਼ੁਦਮੁਖ਼ਤਿਆਰੀ 'ਤੇ ਹਮਲਾ ਦੱਸਣਾ ਸੰਵਿਧਾਨਕ ਹਕੀਕਤ ਤੋਂ ਅੱਖਾਂ ਮੁੰਦਣ ਦੇ ਬਰਾਬਰ ਹੈ।

ਅੰਤ ਵਿੱਚ ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਕੱਲ੍ਹ ਨੂੰ ਪ੍ਰਸਤਾਵਿਤ ਖਰੜੇ ਵਿੱਚ ਕੋਈ ਅਜਿਹੀ ਧਾਰਾ ਸਾਹਮਣੇ ਆਉਂਦੀ ਹੈ ਜੋ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਮਰਿਆਦਾ, ਧਾਰਮਿਕ ਅਧਿਕਾਰਾਂ ਜਾਂ ਪੰਥਕ ਖ਼ੁਦਮੁਖ਼ਤਿਆਰੀ ਨੂੰ ਪ੍ਰਭਾਵਿਤ ਕਰਦੀ ਹੋਵੇ, ਤਾਂ ਭਾਜਪਾ ਸਭ ਤੋਂ ਪਹਿਲਾਂ ਸਿੱਖ ਪੰਥ ਦੇ ਨਾਲ ਖੜ੍ਹੀ ਹੋਵੇਗੀ। ਪਰ ਖਰੜਾ ਆਉਣ ਤੋਂ ਪਹਿਲਾਂ ਹੀ ਝੂਠ, ਅਫ਼ਵਾਹ ਅਤੇ ਅਨੁਮਾਨਾਂ ਦੇ ਆਧਾਰ 'ਤੇ ਸਿੱਖ ਭਾਵਨਾਵਾਂ ਨੂੰ ਭੜਕਾਉਣਾ ਨਾ ਪੰਥ ਦੀ ਸੇਵਾ ਹੈ, ਨਾ ਲੋਕਤੰਤਰ ਦੀ ਅਤੇ ਨਾ ਹੀ ਜ਼ਿੰਮੇਵਾਰ ਰਾਜਨੀਤੀ। ਮਹਾਰਾਸ਼ਟਰ ਦੀ ਫੜਨਵੀਸ ਸਰਕਾਰ ਦੀ ਸਿੱਖ ਭਾਈਚਾਰੇ ਪ੍ਰਤੀ ਹੁਣ ਤੱਕ ਦੇ ਰਵੱਈਏ, ਸਿੱਖ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਪ੍ਰਤੀ ਸੰਵੇਦਨਸ਼ੀਲਤਾ ਦੀ ਗਲ ਕਰਦਿਆਂ ਉਨ੍ਹਾਂ ਕਿਹਾ ਕਿ ਫੜਨਵੀਸ ਸਰਕਾਰ ਸਿੱਖ ਗੁਰੂ ਸਾਹਿਬਾਨ, ਸਿੱਖ ਇਤਿਹਾਸ ਤੇ ਵਿਰਾਸਤ ਤੇ ਭਾਈਚਾਰੇ ਨਾਲ ਜੁੜੇ ਕਈ ਮਹੱਤਵਪੂਰਨ ਫ਼ੈਸਲੇ ਲੈ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸਿੱਖ ਪੰਥ ਨੂੰ ਭੜਕਾਊ ਨਾਅਰਿਆਂ ਦੀ ਨਹੀਂ, ਤੱਥਾਂ, ਸੰਵਾਦ ਅਤੇ ਪਾਰਦਰਸ਼ਤਾ ਦੀ ਲੋੜ ਹੈ। ਕੇਜਰੀਵਾਲ ਅਤੇ ਭਗਵੰਤ ਮਾਨ ਨੂੰ ਸਿੱਖ ਭਾਵਨਾਵਾਂ ਨਾਲ ਸਿਆਸੀ ਖੇਡ ਖੇਡਣ ਦੀ ਥਾਂ ਪਹਿਲਾਂ ਸਚਾਈ ਅਤੇ ਤੱਥਾਂ ਦਾ ਸਾਹਮਣਾ ਕਰਨਾ ਚਾਹੀਦਾ ਹੈ।

# ਤਖ਼ਤ ਸ੍ਰੀ ਹਜ਼ੂਰ ਸਾਹਿਬ ਐਕਟ : ਸਿਆਸਤ ਨਹੀਂ, ਤੱਥਾਂ ਦੇ ਆਧਾਰ 'ਤੇ ਹੋਵੇ ਫ਼ੈਸਲਾ







ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦੀ ਅਗਵਾਈ ਹੇਠ ਰਾਜ ਮੰਤਰੀ ਮੰਡਲ ਵੱਲੋਂ ਸੱਤ ਦਹਾਕੇ ਪੁਰਾਣੇ ਅਤੇ ਹੈਦਰਾਬਾਦ ਦੇ ਨਿਜ਼ਾਮ ਦੇ ਦੌਰ ਵਿੱਚ ਬਣੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲਨਗਰ ਸਾਹਿਬ ਐਕਟ, 1956 ਨੂੰ ਰੱਦ ਕਰਕੇ ਇਸ ਦੀ ਥਾਂ ਨਵਾਂ ਕਾਨੂੰਨ ਲਿਆਉਣ ਦੇ ਫ਼ੈਸਲੇ ਤੋਂ ਬਾਅਦ ਤਿੱਖੀ ਚਰਚਾ ਛਿੜ ਗਈ ਹੈ। ਜਿੱਥੇ ਸੁਹਿਰਦ ਲੋਕ ਮਾਮਲੇ ਦੀ ਗੰਭੀਰਤਾ ਨੂੰ ਸਮਝ ਰਹੇ ਹਨ, ਉੱਥੇ ਹੀ ਕੁਝ ਧਿਰਾਂ

ਆਵਾਜ਼ਿ ਕੌਮ
AWAZE QAUM
International Newspaper & WEB TV

ਦੀਆਂ ਪ੍ਰਤੀਕ੍ਰਿਆਵਾਂ ਤੱਥਾਂ ਦੀ ਥਾਂ ਅਨੁਮਾਨਾਂ, ਅਫ਼ਵਾਹਾਂ ਅਤੇ ਰਾਜਨੀਤਿਕ ਧਾਰਨਾਵਾਂ 'ਤੇ ਆਧਾਰਿਤ ਨਜ਼ਰ ਆ ਰਹੀਆਂ ਹਨ।

ਮਾਮਲਾ ਸਿੱਖ ਪੰਥ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਹੋਣ ਕਾਰਨ ਹਰ ਸਿੱਖਾਂ ਦੀ ਚਿੰਤਾ ਸੁਭਾਵਿਕ ਹੈ। ਪਰ ਹੈਰਾਨੀ ਦੀ ਗੱਲ ਇਹ ਹੈ ਕਿ ਜਿਸ ਪ੍ਰਸਤਾਵਿਤ ਐਕਟ ਦਾ ਖਰੜਾ ਅਜੇ ਤੱਕ ਜਨਤਕ ਹੀ ਨਹੀਂ ਹੋਇਆ, ਉਸ ਬਾਰੇ "ਸਰਕਾਰੀ ਦਖ਼ਲਅੰਦਾਜ਼ੀ -ਤਖ਼ਤ 'ਤੇ ਕਬਜ਼ਾ" ਅਤੇ "ਧਾਰਮਿਕ ਖ਼ੁਦਮੁਖ਼ਤਿਆਰੀ 'ਤੇ ਹਮਲਾ" ਵਰਗੇ ਬੋਲ ਉਛਾਲ ਕੇ ਇੰਨੇ ਪੱਕੇ ਨਤੀਜੇ ਕੱਢੇ ਜਾ ਰਹੇ ਹਨ, ਜਿਵੇਂ ਪੂਰਾ ਖਰੜਾ ਪੜ੍ਹਿਆ ਜਾ ਚੁੱਕਾ ਹੋਵੇ ਜਾਂ ਕੋਈ ਨਜੂਮੀ ਹੋਵੇ। ਸਿੱਖ ਭਾਵਨਾਵਾਂ ਦਾ ਸਿਆਸੀ ਲਾਭ ਲੈਣ ਦੀ ਕੋਸ਼ਿਸ਼ ਦੀ ਸਥਿਤੀ ਵਿੱਚ ਇਹ ਸਵਾਲ ਉੱਠਣਾ ਸੁਭਾਵਿਕ ਹੈ ਕਿ ਕੀ ਇਹ ਸੱਚਮੁੱਚ ਪੰਥਕ ਚਿੰਤਾ ਹੈ ਜਾਂ ਫਿਰ ਸਿਆਸੀ ਮੰਤਵਾਂ ਲਈ ਭੰਬਲਭੂਸਾ ਪੈਦਾ ਕਰਨ ਦਾ ਬਿਰਤਾਂਤ ਸਿਰਜਿਆ ਗਿਆ ਹੈ?

ਨਿਸ਼ਚਿਤ ਤੌਰ 'ਤੇ ਅਜਿਹੇ ਸੰਵੇਦਨਸ਼ੀਲ ਵਿਸ਼ਿਆਂ 'ਤੇ ਪ੍ਰਤੀਕਿਰਿਆ ਤੱਥਾਂ, ਸੰਵਿਧਾਨਕ ਵਿਵਸਥਾ ਅਤੇ ਅਧਿਕਾਰਤ ਜਾਣਕਾਰੀ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ। ਖਰੜਾ ਵੇਖੇ ਬਿਨਾਂ ਕਿਸੇ ਕਾਨੂੰਨ ਨੂੰ ਚੰਗਾ ਜਾਂ ਮਾੜਾ ਕਰਾਰ ਦੇਣਾ ਨਾ ਤਾਂ ਸਿਆਣਪ ਹੈ ਅਤੇ ਨਾ ਹੀ ਜ਼ਿੰਮੇਵਾਰਾਨਾ ਰਵੱਈਆ।

ਸਿੱਖ ਭਾਈਚਾਰੇ ਦੀਆਂ ਚਿੰਤਾਵਾਂ ਨੂੰ ਪੰਜਾਬ ਭਾਜਪਾ ਦੇ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋਂ ਨੇ ਸਿੱਧੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦੇ ਧਿਆਨ ਵਿੱਚ ਲਿਆਂਦਾ। ਇਸ ਉਪਰੰਤ ਮੁੱਖ ਮੰਤਰੀ ਨੇ ਸਪੱਸ਼ਟ ਭਰੋਸਾ ਦਿੱਤਾ ਕਿ ਪ੍ਰਬੰਧ 'ਚ ਪਾਰਦਰਸ਼ੀ ਅਤੇ ਸੰਗਤ ਪ੍ਰਤੀ ਜਵਾਬਦੇਹੀ ਯਕੀਨੀ ਬਣਾਉਣ ਸੰਬੰਧੀ ਪ੍ਰਸਤਾਵਿਤ ਐਕਟ ਨੂੰ ਅੰਤਿਮ ਰੂਪ ਦੇਣ ਤੋਂ ਪਹਿਲਾਂ ਸਿੱਖ ਧਾਰਮਿਕ ਸੰਸਥਾਵਾਂ, ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਲ ਜੁੜੇ ਪ੍ਰਤੀਨਿਧਾਂ, ਸਿੱਖ ਵਿਦਵਾਨਾਂ ਅਤੇ ਹੋਰ ਸਾਰੇ ਸੰਬੰਧਿਤ ਪੱਖਾਂ ਨਾਲ ਵਿਆਪਕ ਸਲਾਹ-ਮਸ਼ਵਰਾ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਧਾਰਾ 'ਤੇ ਜੇਕਰ ਸਿੱਖ ਪੰਥ ਨੂੰ ਇਤਰਾਜ਼ ਹੋਵੇਗਾ ਤਾਂ ਉਸ 'ਤੇ ਗੰਭੀਰਤਾ ਨਾਲ ਵਿਚਾਰ ਕਰਕੇ ਲੋੜੀਂਦੀਆਂ ਸੋਧਾਂ ਕੀਤੀਆਂ ਜਾਣਗੀਆਂ। ਇਸੇ ਉਦੇਸ਼ ਨਾਲ ਮੁੱਖ ਮੰਤਰੀ ਨੇ ਆਪਣੇ ਸੀਨੀਅਰ ਕੈਬਨਿਟ ਸਾਥੀ ਚੰਦਰਸ਼ੇਖਰ ਬਾਵਨਕੁਲੇ ਨੂੰ ਇਸ ਮਾਮਲੇ ਦੀ ਜ਼ਿੰਮੇਵਾਰੀ ਸੌਂਪੀ ਹੈ ਅਤੇ ਸਿੱਖ ਭਾਈਚਾਰੇ ਨਾਲ ਵਿਆਪਕ ਵਿਚਾਰ-ਵਟਾਂਦਰੇ ਲਈ ਇੱਕ ਕਮੇਟੀ ਬਣਾਉਣ ਦਾ ਵੀ ਐਲਾਨ ਕੀਤਾ ਹੈ। ਇਸ ਤੋਂ ਵੱਧ ਲੋਕਤੰਤਰੀ ਅਤੇ ਸੰਵਾਦ-ਅਧਾਰਿਤ ਭਰੋਸਾ ਕਿਸੇ ਵੀ ਸਰਕਾਰ ਵੱਲੋਂ ਹੋਰ ਕੀ ਹੋ ਸਕਦਾ ਹੈ? ਇਹ ਕਦਮ ਟਕਰਾਅ ਨਹੀਂ, ਸਗੋਂ ਸੰਵਾਦ ਦੀ ਨੀਅਤ ਨੂੰ ਦਰਸਾਉਂਦਾ ਹੈ। ਕੀ ਸਰਕਾਰ ਦੀ ਇਸ ਉਸਾਰੂ ਪਹੁੰਚ ਨੂੰ "ਸਰਕਾਰ ਪਿੱਛੇ ਹਟ ਗਈ" ਕਹਿ ਕੇ ਕਟਹਿਰੇ ਵਿੱਚ ਖੜ੍ਹਾ ਕਰ ਦੇਣਾ ਉਚਿਤ ਹੈ?

ਅੱਜ ਸਭ ਤੋਂ ਵੱਡੀ ਲੋੜ ਇਹ ਹੈ ਕਿ ਇਸ ਮਾਮਲੇ ਨੂੰ ਸਿਆਸੀ ਚਸ਼ਮੇ ਨਾਲ ਨਹੀਂ, ਸਗੋਂ ਕਾਨੂੰਨੀ ਅਤੇ ਪ੍ਰਬੰਧਕੀ ਸੁਧਾਰਾਂ ਦੇ ਪ੍ਰਸੰਗ ਵਿੱਚ ਵੇਖਿਆ ਜਾਵੇ। ਕਿਸੇ ਵੀ ਸੰਸਥਾ ਦੇ ਪ੍ਰਬੰਧ ਨਾਲ ਸੰਬੰਧਿਤ ਕਾਨੂੰਨ ਸਮੇਂ ਦੇ ਨਾਲ ਬਦਲਦੇ ਰਹਿੰਦੇ ਹਨ। ਸੰਸਥਾ ਦੀ ਮੂਲ ਧਾਰਮਿਕ ਮਰਿਆਦਾ, ਪਰੰਪਰਾ ਅਤੇ ਆਸਥਾ ਅਟੁੱਟ ਰਹਿੰਦੀ ਹੈ, ਜਦਕਿ ਪ੍ਰਸ਼ਾਸਨਿਕ ਢਾਂਚਾ ਸਮੇਂ ਦੀਆਂ ਲੋੜਾਂ ਅਨੁਸਾਰ ਬਦਲ ਸਕਦਾ ਹੈ। ਦੁਨੀਆ ਭਰ ਦੀਆਂ ਲੋਕਤੰਤਰੀ ਸੰਸਥਾਵਾਂ ਵਿੱਚ ਇਹ ਇੱਕ ਸਧਾਰਨ ਪ੍ਰਕਿਰਿਆ ਹੈ।

ਇੱਥੇ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਭਾਰਤ ਦੀ ਕੋਈ ਵੀ ਵੱਡੀ ਸਿੱਖ ਗੁਰਦੁਆਰਾ ਪ੍ਰਬੰਧਕੀ ਸੰਸਥਾ ਕਾਨੂੰਨੀ ਢਾਂਚੇ ਤੋਂ ਬਾਹਰ ਨਹੀਂ। ਸਿੱਖਾਂ ਦੀ ਪਾਰਲੀਮੈਂਟ ਸ਼੍ਰੋਮਣੀ ਕਮੇਟੀ, ਅੰਮ੍ਰਿਤਸਰ, ਸਿੱਖ ਗੁਰਦੁਆਰਾ ਐਕਟ, 1925 ਤਹਿਤ ਬਣੀ ਸੰਸਥਾ ਹੈ। ਦਿੱਲੀ ਕਮੇਟੀ, ਦਿੱਲੀ ਸਿੱਖ ਗੁਰਦੁਆਰਾ ਐਕਟ, 1971, ਹਰਿਆਣਾ ਕਮੇਟੀ, ਹਰਿਆਣਾ ਸਿੱਖ ਗੁਰਦੁਆਰਾ (ਪ੍ਰਬੰਧ) ਐਕਟ, 2014 ਅਤੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਸਥਾਨਕ ਪ੍ਰਬੰਧਕੀ ਕਾਨੂੰਨੀ ਪ੍ਰਬੰਧਾਂ ਅਧੀਨ ਚੱਲ ਰਹੀ ਹੈ।

ਇਸ ਲਈ ਕੇਵਲ ਇਹ ਕਹਿ ਦੇਣਾ ਕਿ ਕੋਈ ਸੰਸਥਾ ਕਾਨੂੰਨ ਅਧੀਨ ਹੈ, ਇਸ ਦਾ ਅਰਥ ਇਹ ਨਹੀਂ ਕਿ ਇਹ ਧਾਰਮਿਕ ਖ਼ੁਦਮੁਖ਼ਤਿਆਰੀ ਦਾ ਖ਼ਾਤਮਾ ਹੈ। ਅਸਲ ਸਵਾਲ ਇਹ ਹੋਣਾ ਚਾਹੀਦਾ ਹੈ ਕਿ ਨਵੇਂ ਕਾਨੂੰਨ ਦੀਆਂ ਧਾਰਾਵਾਂ ਕੀ ਹਨ? ਕੀ ਉਹ ਧਾਰਮਿਕ ਮਰਿਆਦਾ ਵਿੱਚ ਦਖ਼ਲ ਦਿੰਦੀਆਂ ਹਨ ਜਾਂ ਕੇਵਲ ਪ੍ਰਬੰਧਕੀ ਢਾਂਚੇ ਵਿੱਚ ਸੁਧਾਰ ਕਰਦੀਆਂ ਹਨ? ਜਦ ਤੱਕ ਇਹ ਸਵਾਲ ਖਰੜਾ ਸਾਹਮਣੇ ਆਉਣ ਤੋਂ ਬਾਅਦ ਨਹੀਂ ਪਰਖੇ ਜਾਂਦੇ, ਉਦੋਂ ਤੱਕ ਸਿਰਫ਼ ਅਨੁਮਾਨਾਂ ਦੇ ਆਧਾਰ 'ਤੇ ਲੋਕਾਂ ਵਿੱਚ ਡਰ ਅਤੇ ਸ਼ੱਕ ਦਾ ਮਾਹੌਲ ਬਣਾਉਣਾ ਨਾ ਪੰਥ ਦੇ ਹਿੱਤ ਵਿੱਚ ਹੈ, ਨਾ ਹੀ ਲੋਕਤੰਤਰ ਦੇ।

ਕੀ ਵਿਰੋਧ ਸਿਧਾਂਤਾਂ ਲਈ ਹੈ ਜਾਂ ਸਿਆਸੀ ਸੁਵਿਧਾ ਲਈ?

ਕਿਸੇ ਵੀ ਧਾਰਮਿਕ ਜਾਂ ਇਤਿਹਾਸਕ ਮਹੱਤਤਾ ਵਾਲੀ ਸੰਸਥਾ ਦੇ ਪ੍ਰਬੰਧ ਨਾਲ ਜੁੜਿਆ ਕੋਈ ਮਸਲਾ ਸਾਹਮਣੇ ਆਉਂਦਾ ਹੈ ਤਾਂ ਇਹ ਉਮੀਦ ਕੀਤੀ ਜਾਂਦੀ ਹੈ ਕਿ ਉਸ ਉੱਤੇ ਗੰਭੀਰ, ਤੱਥਾਂ-ਅਧਾਰਿਤ ਅਤੇ ਦੂਰਅੰਦੇਸ਼ੀ ਵਾਲੀ ਉਸਾਰੂ ਚਰਚਾ ਹੋਵੇਗੀ। ਪਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਲ ਸੰਬੰਧਿਤ ਪ੍ਰਸਤਾਵਿਤ ਨਵੇਂ ਐਕਟ ਦੇ ਮਾਮਲੇ ਵਿੱਚ ਕੁਝ ਸਿਆਸੀ ਧਿਰਾਂ ਦਾ ਰਵੱਈਆ ਦੇਖ ਕੇ ਲੱਗਦਾ ਹੈ ਕਿ ਉਨ੍ਹਾਂ ਦੀ ਦਿਲਚਸਪੀ ਕੇਵਲ ਵਿਵਾਦ ਪੈਦਾ ਕਰਕੇ ਸਿਆਸੀ ਲਾਹਾ ਖੱਟਣ ਵਿੱਚ ਹੈ। ਇਹ ਉਹੀ ਧਿਰਾਂ ਹਨ, ਜਿਨ੍ਹਾਂ ਦਾ ਆਪਣਾ ਰਿਕਾਰਡ ਇਸ ਤਰਾਂ ਦੇ ਮਾਮਲਿਆਂ ਵਿੱਚ ਬਹੁਤ ਕੁਝ ਬੋਲਦਾ ਹੈ।



ਸਭ ਤੋਂ ਪਹਿਲਾਂ ਆਮ ਆਦਮੀ ਪਾਰਟੀ ਦੀ ਗੱਲ ਕਰਦੇ ਹਾਂ। ਪੰਜਾਬ 'ਚ ਆਪ ਦੀ ਮਾਨ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਨਾਲ ਜੁੜੇ ਕਾਨੂੰਨੀ ਮਾਮਲਿਆਂ ਵਿੱਚ ਸੋਧਾਂ ਕਰਦੇ ਸਮੇਂ ਕਿਸੇ ਵਿਆਪਕ ਪੰਥਕ ਸਰਬਸੰਮਤੀ ਦੀ ਲੋੜ ਨੂੰ ਕੋਈ ਅਹਿਮੀਅਤ ਨਹੀਂ ਦਿੱਤੀ। ਉੱਤੋਂ ਮੁੱਖ ਮੰਤਰੀ ਮਾਨ ਬੇਅਦਬੀ ਦੇ ਮਾਮਲੇ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਸਿੱਖ ਪੰਥ 'ਚੋਂ ਖਾਰਜ ਕੀਤੇ ਜਾਣ ਕਾਰਨ ਅੱਜ ਵੀ ਉਸ ਨਾਲ ਜੁੜੇ ਕਈ ਵਿਵਾਦ ਖ਼ਤਮ ਨਹੀਂ ਹੋਏ ਹਨ। ਜਦੋਂ ਮਹਾਰਾਸ਼ਟਰ ਸਰਕਾਰ ਸੰਬੰਧਿਤ ਮਾਮਲੇ 'ਚ ਆਮ ਰਾਏ ਤੋਂ ਬਾਅਦ ਅੱਗੇ ਵਧਣ ਦੀ ਗੱਲ ਕਰ ਰਹੀ ਹੈ ਤਾਂ ਉਸ ਉੱਤੇ ਦੋਸ਼ ਲਗਾਉਣਾ ਘੱਟੋ-ਘੱਟ ਨੈਤਿਕ ਤੌਰ 'ਤੇ ਕਮਜ਼ੋਰ ਦਲੀਲ ਜ਼ਰੂਰ ਲੱਗਦੀ ਹੈ।

ਕਾਂਗਰਸ ਦੀ ਗੱਲ ਕਰੀਏ ਤਾਂ ਅੱਜ ਕਾਂਗਰਸ ਦੇ ਕੁਝ ਆਗੂ ਵੀ ਮਹਾਰਾਸ਼ਟਰ ਸਰਕਾਰ ਉੱਤੇ ਸਿੱਖ ਧਾਰਮਿਕ ਸੰਸਥਾ ਵਿੱਚ ਦਖ਼ਲਅੰਦਾਜ਼ੀ ਦੇ ਦੋਸ਼ ਲਗਾ ਰਹੇ ਹਨ, ਪਰ ਉਹ ਸ਼ਾਇਦ ਇਹ ਭੁੱਲ ਗਏ ਹਨ ਕਿ ਕਾਂਗਰਸੀ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਦੇ ਸਮੇਂ ਹਰਿਆਣਾ ਸਿੱਖ ਗੁਰਦੁਆਰਾ (ਪ੍ਰਬੰਧ) ਐਕਟ, 2014 ਪਾਸ ਕਰਕੇ ਹਰਿਆਣਾ ਰਾਜ 'ਚ ਸਿੱਖ ਗੁਰਦੁਆਰਾ ਐਕਟ, 1925 ਦੇ ਅਧਿਕਾਰਾਂ ਨੂੰ ਮਨਸੂਖ਼ ਕੀਤਾ ਗਿਆ। ਇਹ ਮਾਮਲਾ ਸੁਪਰੀਮ ਕੋਰਟ ਤੱਕ ਗਿਆ ਅਤੇ ਸਤੰਬਰ 2022 ਵਿੱਚ ਸੁਪਰੀਮ ਕੋਰਟ ਨੇ ਹਰਿਆਣਾ ਐਕਟ ਦੀ ਵੈਧਤਾ ਨੂੰ ਬਰਕਰਾਰ ਰੱਖਦਿਆਂ ਸਪੱਸ਼ਟ ਕਰ ਦਿੱਤਾ ਕਿ ਰਾਜ ਸਰਕਾਰਾਂ ਨੂੰ ਆਪਣੇ ਖੇਤਰ ਅੰਦਰ ਧਾਰਮਿਕ ਸੰਸਥਾਵਾਂ ਦੇ ਪ੍ਰਬੰਧ ਨਾਲ ਸੰਬੰਧਿਤ ਕਾਨੂੰਨ ਬਣਾਉਣ ਦਾ ਸੰਵਿਧਾਨਕ ਅਧਿਕਾਰ ਹੈ। ਫਿਰ ਸਵਾਲ ਪੈਦਾ ਹੁੰਦਾ ਹੈ ਕਿ ਕਾਂਗਰਸ ਦਾ ਮਾਪਦੰਡ ਰਾਜਨੀਤਿਕ ਹਾਲਾਤਾਂ ਦੇ ਨਾਲ ਬਦਲ ਜਾਂਦਾ ਹੈ?

ਇਸ ਤੋਂ ਵੀ ਵੱਧ ਦਿਲਚਸਪ ਸਥਿਤੀ ਸ਼੍ਰੋਮਣੀ ਅਕਾਲੀ ਦਲ ਦੀ ਹੈ। ਜਿਸ ਨੂੰ ਹਰਿਆਣਾ ਕਮੇਟੀ ਦੇ ਮਾਮਲੇ ਵਿੱਚ ਮੂੰਹ ਦੀ ਖਾਣੀ ਪਈ, ਪਰ ਅਤੀਤ ਤੋਂ ਕੋਈ ਸਬਕ ਨਹੀਂ ਸਿੱਖਿਆ। ਹਰਿਆਣਾ ਕਮੇਟੀ ਅਕਾਲੀ ਲੀਡਰਸ਼ਿਪ ਤੋਂ ਹਰਿਆਣਾ ਦੇ ਸਿੱਖਾਂ ਨੂੰ ਬਣਦੀ ਨੁਮਾਇੰਦਗੀ ਨਾ ਮਿਲਣ ਕਾਰਨ ਸਥਾਪਿਤ ਹੋਈ। ਅੱਜ ਫਿਰ ਤੋਂ ਉਹ ਮਹਾਰਾਸ਼ਟਰ ਦੇ ਸਥਾਨਕ ਸਿੱਖਾਂ ਦੀਆਂ ਖ਼ਾਹਿਸ਼ਾਂ ਤੇ ਹੱਕੀ ਮੰਗਾਂ ਨੂੰ ਸ਼ੱਕ ਦੀ ਨਜ਼ਰ ਨਾਲ ਦੇਖ ਰਹੀ ਹੈ। ਅਸਲ ਸਵਾਲ ਇਹ ਹੈ ਕਿ ਜੇਕਰ ਕੋਈ ਰਾਜ ਆਪਣੇ ਹੀ ਨਾਗਰਿਕਾਂ ਨੂੰ ਧਾਰਮਿਕ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਵੱਧ ਜਾਂ ਪੂਰਨ ਅਧਿਕਾਰ ਦੇਣਾ ਚਾਹੁੰਦਾ ਹੈ, ਤਾਂ ਕੀ ਇਸ ਮੰਗ ਨੂੰ ਸਿਰਫ਼ ਇਸ ਲਈ ਗ.ਲਤ ਕਰਾਰ ਦਿੱਤਾ ਜਾ ਸਕਦਾ ਹੈ ਕਿ ਉਹ ਪੰਜਾਬ ਤੋਂ ਬਾਹਰ ਦਾ ਵਰਤਾਰਾ ਹੈ ਅਤੇ ਇਸ ਨਾਲ ਕੁਝ ਸਥਾਪਿਤ ਢਾਂਚੇ ਪ੍ਰਭਾਵਿਤ ਹੋ ਸਕਦੇ ਹਨ? ਕੀ ਕਿਸੇ ਰਾਜ ਦੇ ਅਧਿਕਾਰ ਦਾ ਵਿਰੋਧ ਕਰਨਾ ਨਾ ਸਿਰਫ਼ ਗੈਰ-ਸਿਧਾਂਤਕ ਹੈ, ਸਗੋਂ ਸੰਘੀ ਢਾਂਚੇ ਅਤੇ ਆਨੰਦਪੁਰ ਸਾਹਿਬ ਮਤੇ ਦੀ ਭਾਵਨਾ ਦੇ ਵੀ ਉਲਟ ਨਹੀਂ ਹੈ?

ਚੀਫ਼ ਖ਼ਾਲਸਾ ਦੀਵਾਨ ਵੱਲੋਂ ਵੀ ਇਸ ਮਾਮਲੇ ਵਿੱਚ ਇਤਰਾਜ਼ ਪ੍ਰਗਟ ਕੀਤਾ ਗਿਆ ਹੈ। ਬਿਨਾਂ ਸ਼ੱਕ, ਇਸ ਦਾ ਸਵਾ ਸਦੀ ਤੋਂ ਵੱਧ ਦਾ ਪੰਥਕ ਯੋਗਦਾਨ ਰਿਹਾ ਹੈ। ਪਰ ਜਦੋਂ ਕੋਈ ਸੰਸਥਾ ਦੂਜਿਆਂ ਨੂੰ ਮਰਿਆਦਾ ਅਤੇ ਸਿਧਾਂਤਾਂ ਦੇ ਪਾਠ ਪੜ੍ਹਾਉਂਦੀ ਹੈ, ਤਾਂ ਉਸ ਤੋਂ ਇਹ ਉਮੀਦ ਵੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਅੰਦਰੂਨੀ ਵਿਵਾਦਾਂ ਅਤੇ ਚੁਣੌਤੀਆਂ ਪ੍ਰਤੀ ਵੀ ਉਤਨੀ ਹੀ ਸੰਵੇਦਨਸ਼ੀਲ ਤੇ ਜਵਾਬਦੇਹ ਹੋਵੇ। ਉਸ ਤੋਂ ਜਨਤਕ ਬਿਆਨਾਂ ਵਿੱਚ ਸੰਤੁਲਨ ਅਤੇ ਸੰਜਮ ਦੀ ਤਵਕੋਂ ਕੀਤੀ ਜਾਂਦੀ ਹੈ, ਜਦੋਂ ਖ਼ੁਦ ਦੇ ਮੈਂਬਰਾਂ ਵੱਲੋਂ ਅੰਮ੍ਰਿਤਧਾਰੀ ਹੋਣ ਦੇ ਹਲਫ਼ਨਾਮੇ ਦੇਣ ਦੇ ਬਾਵਜੂਦ ਅੰਮ੍ਰਿਤ ਨਾ ਛਕਣ ਦਾ ਸਿਧਾਂਤਕ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵਿਚਾਰ ਅਧੀਨ ਹੋਵੇ।

ਇੱਥੇ ਇੱਕ ਹੋਰ ਮਹੱਤਵਪੂਰਨ ਤੱਥ ਨੂੰ ਵੀ ਸਮਝਣ ਦੀ ਲੋੜ ਹੈ। ਮੌਜੂਦਾ ਪ੍ਰਬੰਧ ਅਨੁਸਾਰ 17 ਮੈਂਬਰੀ ਬੋਰਡ ਵਿੱਚ ਮਰਾਠਾਵਾੜਾ ਖੇਤਰ ਦੇ ਸਿੱਖਾਂ ਵੱਲੋਂ ਸਿੱਧੇ ਤੌਰ 'ਤੇ ਵੋਟਾਂ ਰਾਹੀਂ ਚੁਣੇ ਜਾਣ ਵਾਲੇ ਮੈਂਬਰਾਂ ਦੀ ਗਿਣਤੀ ਕੇਵਲ ਤਿੰਨ ਤੱਕ ਸੀਮਿਤ ਹੈ। ਬਾਕੀ ਮੈਂਬਰ ਸ਼੍ਰੋਮਣੀ ਕਮੇਟੀ, ਅੰਮ੍ਰਿਤਸਰ; ਚੀਫ਼ ਖ਼ਾਲਸਾ ਦੀਵਾਨ, ਅੰਮ੍ਰਿਤਸਰ; ਹਜ਼ੂਰੀ ਦੀਵਾਨ, ਨਾਂਦੇੜ ਸਾਹਿਬ; ਮੈਂਬਰ ਪਾਰਲੀਮੈਂਟ; ਮਹਾਰਾਸ਼ਟਰ ਅਤੇ ਆਂਧਰਾ ਪ੍ਰਦੇਸ਼ ਤੋਂ ਨਾਮਜ਼ਦ ਕੀਤੇ ਜਾਂਦੇ ਹਨ। ਸੋ ਇਹ ਅੰਦਾਜ਼ਾ ਲਾਉਣਾ ਮੁਸ਼ਕਲ ਨਹੀਂ ਕਿ ਅਜਿਹੇ ਸੰਭਾਵਿਤ ਸੁਧਾਰਾਂ ਤੋਂ ਡਰ ਕਿਸ ਨੂੰ ਹੈ?

ਸਵਾਲ ਉੱਠਦਾ ਹੈ, ਕੀ ਮਹਾਰਾਸ਼ਟਰ ਦੇ ਸਿੱਖ ਆਪਣੇ ਪ੍ਰਤੀਨਿਧ ਖ਼ੁਦ ਚੁਣਨ ਦੇ ਯੋਗ ਨਹੀਂ ਹਨ? ਕੀ ਉਨ੍ਹਾਂ ਦੀ ਪੰਥਕ ਵਚਨਬੱਧਤਾ ਉੱਤੇ ਸ਼ੱਕ ਕੀਤਾ ਜਾਣਾ ਚਾਹੀਦਾ ਹੈ? ਕੀ ਸਿੱਖ ਸਿਧਾਂਤਾਂ ਅਨੁਸਾਰ ਸਥਾਨਕ ਸੰਗਤ ਨੂੰ ਆਪਣੇ ਧਾਰਮਿਕ ਮਾਮਲਿਆਂ ਵਿੱਚ ਅਧਿਕਾਰ ਨਹੀਂ ਹੋਣਾ ਚਾਹੀਦਾ? ਇਹ ਉਹ ਸਵਾਲ ਹਨ, ਜਿਨ੍ਹਾਂ ਦੇ ਜਵਾਬ ਵਿਰੋਧ ਕਰਨ ਵਾਲੀਆਂ ਧਿਰਾਂ ਨੂੰ ਦੇਣੇ ਚਾਹੀਦੇ ਹਨ।

ਤੱਥ ਤੇ ਭਰੋਸਾ

ਜੇਕਰ ਕੱਲ੍ਹ ਨੂੰ ਪ੍ਰਸਤਾਵਿਤ ਖਰੜੇ ਵਿੱਚ ਕੋਈ ਅਜਿਹੀ ਧਾਰਾ ਸਾਹਮਣੇ ਆਉਂਦੀ ਹੈ, ਜੋ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਮਰਿਆਦਾ, ਧਾਰਮਿਕ ਅਧਿਕਾਰਾਂ ਜਾਂ ਪੰਥਕ ਖ਼ੁਦਮੁਖ਼ਤਿਆਰੀ ਨੂੰ ਪ੍ਰਭਾਵਿਤ ਕਰਦੀ ਹੋਵੇ, ਤਾਂ ਉਸ ਦਾ ਵਿਰੋਧ ਕਰਨਾ ਹਰ ਸਿੱਖ ਦਾ ਹੱਕ ਹੀ ਨਹੀਂ, ਫ਼ਰਜ਼ ਵੀ ਹੋਵੇਗਾ। ਪਰ ਖਰੜਾ ਸਾਹਮਣੇ ਆਉਣ ਤੋਂ ਪਹਿਲਾਂ ਹੀ ਕਿਸੇ ਨੂੰ ਦੋਸ਼ੀ ਕਰਾਰ ਦੇ ਦੇਣਾ ਨਾ ਤਾਂ ਨਿਆਂਸੰਗਤ ਹੈ ਅਤੇ ਨਾ ਹੀ ਲੋਕਤੰਤਰੀ।

ਇਸ ਪੂਰੇ ਵਿਵਾਦ ਵਿੱਚ ਇੱਕ ਹੋਰ ਮਹੱਤਵਪੂਰਨ ਤੱਥ ਵੱਲ ਵੀ ਧਿਆਨ ਦੇਣ ਦੀ ਲੋੜ ਹੈ, ਜਿਸ ਨੂੰ ਜਾਣ-ਬੁੱਝ ਕੇ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ। ਜਿਹੜੇ ਲੋਕ ਇਹ ਪ੍ਰਚਾਰ ਕਰ ਰਹੇ ਹਨ ਕਿ ਨਵਾਂ ਐਕਟ ਬੋਰਡ ਉੱਤੇ ਸਰਕਾਰੀ ਕੰਟਰੋਲ ਵਧਾ ਦੇਵੇਗਾ, ਉਹ ਇਹ ਦੱਸਣ ਤੋਂ ਗੁਰੇਜ਼ ਕਰਦੇ ਹਨ ਕਿ ਇਸ ਵੇਲੇ ਵੀ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਪ੍ਰਬੰਧ ਇੱਕ ਚੁਣੀ ਹੋਈ ਕਮੇਟੀ ਨਹੀਂ, ਸਗੋਂ ਸਰਕਾਰ ਵੱਲੋਂ ਨਿਯੁਕਤ ਪ੍ਰਸ਼ਾਸਕ ਦੇ ਅਧੀਨ ਚੱਲ ਰਿਹਾ ਹੈ।

ਬੋਰਡ ਦੀਆਂ ਆਖ਼ਰੀ ਚੋਣਾਂ 2019 ਵਿੱਚ ਹੋਈਆਂ ਸਨ ਅਤੇ ਉਸ ਦਾ ਕਾਰਜਕਾਲ 2022 ਵਿੱਚ ਸਮਾਪਤ ਹੋ ਚੁੱਕਾ ਹੈ। ਇਸ ਤੋਂ ਬਾਅਦ ਮਹਾਰਾਸ਼ਟਰ ਸਰਕਾਰ ਨੇ ਸਾਬਕਾ ਡੀਜੀਪੀ ਪਰਵਿੰਦਰ ਸਿੰਘ ਪਸਰੀਚਾ ਨੂੰ ਪ੍ਰਸ਼ਾਸਕ ਨਿਯੁਕਤ ਕੀਤਾ। ਹੁਣ ਸਰਦਾਰ ਵਿਜੈ ਸਤਬੀਰ ਸਿੰਘ, ਆਈ.ਏ.ਐਸ., ਪ੍ਰਸ਼ਾਸਕ ਹਨ।

ਇਸ ਲਈ ਜੇ ਅੱਜ ਕਿਸੇ "ਸਰਕਾਰੀ ਕੰਟਰੋਲ" ਦੀ ਗੱਲ ਕੀਤੀ ਜਾ ਸਕਦੀ ਹੈ, ਤਾਂ ਉਹ ਮੌਜੂਦਾ ਅੰਤਰਿਮ ਪ੍ਰਸ਼ਾਸਕੀ ਪ੍ਰਬੰਧ ਦੇ ਸੰਦਰਭ ਵਿੱਚ ਹੈ, ਨਾ ਕਿ ਉਸ ਐਕਟ ਦੇ ਸੰਦਰਭ ਵਿੱਚ, ਜਿਸ ਦਾ ਖਰੜਾ ਅਜੇ ਤੱਕ ਸਾਹਮਣੇ ਹੀ ਨਹੀਂ ਆਇਆ। ਜੇ ਨਵੇਂ ਕਾਨੂੰਨ ਰਾਹੀਂ ਨਿਯਮਤ ਚੋਣਾਂ, ਵਧੇਰੇ ਲੋਕਤੰਤਰੀ ਪ੍ਰਤੀਨਿਧਤਾ ਅਤੇ ਜਵਾਬਦੇਹ ਪ੍ਰਬੰਧਕੀ ਢਾਂਚਾ ਬਣਦਾ ਹੈ, ਤਾਂ ਇਸ ਨੂੰ ਸਰਕਾਰੀ ਦਖ਼ਲ ਕਹਿਣਾ ਤੱਥਾਂ ਨਾਲ ਇਨਸਾਫ਼ ਨਹੀਂ ਹੋਵੇਗਾ।

ਭਰੋਸੇਯੋਗ ਜਾਣਕਾਰੀ ਅਨੁਸਾਰ ਪ੍ਰਸਤਾਵਿਤ ਐਕਟ ਵਿੱਚ ਬੋਰਡ ਦੀ ਬਣਤਰ ਨੂੰ ਵਧੇਰੇ ਲੋਕਤੰਤਰੀ ਬਣਾਉਣ ਬਾਰੇ ਵਿਚਾਰ ਹੋ ਰਿਹਾ ਹੈ। ਬੋਰਡ ਦੇ ਮੈਂਬਰਾਂ ਦੀ ਗਿਣਤੀ 17 ਤੋਂ ਵਧਾ ਕੇ 21 ਕੀਤੀ ਜਾ ਸਕਦੀ ਹੈ ਅਤੇ ਵਧੇਰੇ ਮੈਂਬਰਾਂ ਦੀ ਚੋਣ ਨਾਮਜ਼ਦਗੀ ਦੀ ਥਾਂ ਮਹਾਰਾਸ਼ਟਰ ਦੇ ਸਿੱਖਾਂ ਵੱਲੋਂ ਵੋਟਾਂ ਰਾਹੀਂ ਕੀਤੀ ਜਾਵੇਗੀ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਪ੍ਰਧਾਨ ਦੀ ਨਿਯੁਕਤੀ ਸਰਕਾਰ ਦੀ ਨਾਮਜ਼ਦਗੀ ਦੀ ਬਜਾਏ ਬੋਰਡ ਦੇ ਚੁਣੇ ਹੋਏ ਅਤੇ ਨਾਮਜ਼ਦ ਮੈਂਬਰਾਂ ਵੱਲੋਂ ਚੋਣ ਪ੍ਰਕ੍ਰਿਆ ਰਾਹੀਂ ਕੀਤੀ ਜਾਵੇਗੀ। ਜੇ ਅਜਿਹਾ ਹੁੰਦਾ ਹੈ, ਤਾਂ ਇਹ ਸਰਕਾਰੀ ਪ੍ਰਭਾਵ ਵਧਾਉਣ ਦੀ ਨਹੀਂ, ਸਗੋਂ ਪੰਥਕ ਕੰਟਰੋਲ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੋਵੇਗਾ। ਜਿਸ ਨਾਲ ਬੋਰਡ ਵਿੱਚ ਸਥਾਨਕ ਸਿੱਖ ਭਾਈਚਾਰੇ ਦੀ ਵਡੀ ਭੂਮਿਕਾ ਤੇ ਮੁਕਾਬਲੇਬਾਜ਼ੀ ਨਾਲ ਬੋਰਡ ਦੀ ਜਵਾਬਦੇਹੀ ਮਜ਼ਬੂਤ ਹੋਵੇਗੀ ਅਤੇ ਪ੍ਰਬੰਧ ਹੋਰ ਪਾਰਦਰਸ਼ੀ ਬਣੇਗਾ। ਲਗਭਗ ਇੱਕ ਸਦੀ ਦੌਰਾਨ ਮਹਾਰਾਸ਼ਟਰ ਵਿੱਚ ਸਿੱਖ ਆਬਾਦੀ ਵਿੱਚ ਵੀ ਭਾਰੀ ਵਾਧਾ ਹੋਇਆ ਹੈ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੀ ਗਿਣਤੀ ਵੀ ਕਈ ਗੁਣਾ ਵਧੀ ਹੈ। ਬਦਲਦੇ ਸਮੇਂ ਦੀਆਂ ਲੋੜਾਂ ਅਨੁਸਾਰ ਇੱਕ ਪ੍ਰਭਾਵਸ਼ਾਲੀ, ਆਧੁਨਿਕ ਅਤੇ ਜਵਾਬਦੇਹ ਪ੍ਰਬੰਧਕੀ ਢਾਂਚੇ ਦੀ ਲੋੜ ਨੂੰ ਨਕਾਰਿਆ ਨਹੀਂ ਜਾ ਸਕਦਾ।

**ਦੇਵੇਂਦਰ ਫੜਨਵੀਸ ਸਰਕਾਰ ਦਾ ਸਿੱਖ ਸਮਾਜ ਲਈ ਯੋਗਦਾਨ-** ਅੱਜ ਦੇ ਸੰਦਰਭ ਵਿੱਚ ਮਹਾਰਾਸ਼ਟਰ ਦੀ ਫੜਨਵੀਸ ਸਰਕਾਰ ਦੀ ਸਿੱਖ ਭਾਈਚਾਰੇ ਪ੍ਰਤੀ ਹੁਣ ਤੱਕ ਦੇ ਰਵੱਈਏ , ਸਿੱਖ ਸਮਾਜ ਦੀਆਂ ਧਾਰਮਿਕ ਭਾਵਨਾਵਾਂ ਅਤੇ ਵਿਰਾਸਤ ਪ੍ਰਤੀ ਸੰਵੇਦਨਸ਼ੀਲਤਾ ਨੂੰ ਵਿਸ਼ਾ ਵਸਤੂ ਬਣਾਉਣ ਦੀ ਲੋੜ ਹੈ। ਮੁੱਖ ਮੰਤਰੀ ਫੜਨਵੀਸ ਨੇ ਸਿੱਖ ਗੁਰੂ ਸਾਹਿਬਾਨ, ਸਿੱਖ ਇਤਿਹਾਸ ਤੇ ਵਿਰਾਸਤ ਤੇ ਭਾਈਚਾਰੇ ਨਾਲ ਜੁੜੇ ਕਈ ਮਹੱਤਵਪੂਰਨ ਫ਼ੈਸਲੇ ਲਏ ਹਨ। "ਹਿੰਦ ਦੀ ਚਾਦਰ" ਅਧੀਨ 94 ਕਰੋੜ 36 ਲੱਖ ਰੁਪਏ ਤੋਂ ਵੱਧ ਦੀ ਰਕਮ ਖ਼ਰਚ ਕਰਕੇ ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਸ਼ਤਾਬਦੀ ਸਮਾਗਮ ਮੁੰਬਈ, ਨਾਗਪੁਰ ਅਤੇ ਨਾਂਦੇੜ ਵਿਖੇ ਦੋ-ਦੋ ਰੋਜ਼ਾ ਅਤੇ ਵਿਸ਼ਾਲ ਪੱਧਰ 'ਤੇ ਕਰਵਾਏ। ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੀ 400 ਸਾਲਾ ਪ੍ਰਕਾਸ਼ ਸ਼ਤਾਬਦੀ ਮਹਾਰਾਸ਼ਟਰ ਰਾਜ ਭਵਨ ਵਿੱਚ ਮਨਾਈ, ਸਿੱਖ ਗੁਰੂਆਂ ਅਤੇ ਸ਼ਹੀਦਾਂ ਦੀ ਵਿਰਾਸਤ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਲਈ ਇਤਿਹਾਸਕ ਪਹਿਲ ਕਰਦਿਆਂ ਮਹਾਰਾਸ਼ਟਰ ਦੇ ਸਕੂਲੀ ਪਾਠਕ੍ਰਮ ਵਿੱਚ "♥⬅⬆✲ $▲☛✝⋂☛➢✿✡ (1500-1765)" ਵਿਸ਼ੇ ਨੂੰ ਸ਼ਾਮਲ ਕੀਤਾ। ਮੁੰਬਈ ਯੂਨੀਵਰਸਿਟੀ ਵਿੱਚ ਸ੍ਰੀ ਗੁਰੂ ਗੋਬਿੰਦ ਸਿੰਘ ਚੇਅਰ ਅਤੇ ਪੰਜਾਬੀ ਵਿਭਾਗ ਦੀ ਸਥਾਪਨਾ ਕਰਕੇ ਪੰਜਾਬੀ ਭਾਸ਼ਾ, ਗੁਰਮੁਖੀ ਲਿਪੀ, ਸਿੱਖ ਇਤਿਹਾਸ ਅਤੇ ਸਾਹਿਤ ਦੇ ਅਕਾਦਮਿਕ ਅਧਿਐਨ ਨੂੰ ਉਤਸ਼ਾਹਿਤ ਕੀਤਾ ਗਿਆ। ਵੰਦੇ ਭਾਰਤ ਰੇਲ ਰਾਹੀਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਨੂੰ ਬਿਹਤਰ ਰੇਲ ਸੰਪਰਕ ਦੇਣਾ, ਮਹਾਰਾਣੀ ਜਿੰਦ ਕੌਰ ਦੀ ਯਾਦ ਵਿੱਚ ਨਾਸਿਕ ਵਿੱਚ ਸਮਾਰਕ ਦਾ ਨਿਰਮਾਣ, ਪੰਜਾਬੀ ਸਾਹਿਤ ਅਕਾਦਮੀ ਦਾ ਪੁਨਰਗਠਨ ਅਤੇ ਸਿਕਲੀਗਰ, ਵਣਜਾਰਾ, ਲੁਬਾਣਾ, ਕਬੀਰਪੰਥੀ ਤੇ ਹੋਰ ਨਾਨਕ ਨਾਮ ਲੇਵਾ ਭਾਈਚਾਰਿਆਂ ਦੇ ਸਮਾਜਿਕ ਵਿਕਾਸ ਲਈ ਵਿਸ਼ੇਸ਼ ਉਪਰਾਲੇ, ਗੁਰੂ ਤੇਗ ਬਹਾਦਰ ਸਾਹਿਬ ਦੇ ਨਾਮ ਮੈਡੀਕਲ ਕਾਲਜ ਤੇ ਹਸਪਤਾਲ ਸਥਾਪਿਤ ਕਰਨਾ—ਇਹ ਸਾਰੇ ਕਦਮ ਸਿਰਫ਼ ਰਸਮੀ ਐਲਾਨ ਨਹੀਂ, ਸਗੋਂ ਸਿੱਖ ਵਿਰਾਸਤ ਅਤੇ ਨੈਤਿਕ ਕਦਰਾਂ-ਕੀਮਤਾਂ ਯੁਕਤ ਰਾਸ਼ਟਰੀ ਚੇਤਨਾ ਨੂੰ ਮਜ਼ਬੂਤ ਕਰਨ ਪ੍ਰਤੀ ਇੱਕ ਸਕਾਰਾਤਮਕ ਦ੍ਰਿਸ਼ਟੀਕੋਣ ਨੂੰ ਵੀ ਦਰਸਾਉਂਦੇ ਹਨ।

**ਵਿਵਾਦ ਨਹੀਂ, ਸੰਵਾਦ ਹੀ ਅੱਗੇ ਦਾ ਰਾਹ**

ਸਰਕਾਰ ਤੋਂ ਸਵਾਲ ਪੁੱਛਣਾ ਅਤੇ ਸੁਝਾਅ ਦੇਣਾ ਹਰ ਨਾਗਰਿਕ ਅਤੇ ਧਾਰਮਿਕ ਭਾਈਚਾਰੇ ਦਾ ਅਧਿਕਾਰ ਹੈ। ਪਰ ਮੌਜੂਦਾ ਵਿਸ਼ੇ ਦੇ ਪੂਰੇ ਵਿਵਾਦ ਦਾ ਕੇਂਦਰੀ ਸਵਾਲ ਇੱਕ ਹੀ ਹੈ—ਕੀ ਅਸੀਂ ਕਿਸੇ ਕਾਨੂੰਨ ਦਾ ਮੁਲਾਂਕਣ ਉਸ ਦੇ ਅਸਲ ਪ੍ਰਬੰਧਾਂ ਦੇ ਆਧਾਰ 'ਤੇ ਕਰਾਂਗੇ ਜਾਂ ਫਿਰ ਰਾਜਨੀਤਿਕ ਨਾਅਰਿਆਂ, ਅਫ਼ਵਾਹਾਂ ਅਤੇ ਅਨੁਮਾਨਾਂ ਦੇ ਆਧਾਰ 'ਤੇ?

ਬੇਸ਼ੱਕ, ਜੇ ਆਲ ਇੰਡੀਆ ਗੁਰਦੁਆਰਾ ਐਕਟ ਲਾਗੂ ਹੁੰਦਾ, ਤਾਂ ਵੱਖ-ਵੱਖ ਰਾਜਾਂ ਵਿੱਚ ਵੱਖਰੇ ਕਾਨੂੰਨਾਂ ਦੀ ਲੋੜ ਹੀ ਨਾ ਪੈਂਦੀ। ਪਰ ਮੌਜੂਦਾ ਸੰਵਿਧਾਨਕ ਢਾਂਚੇ ਵਿੱਚ ਧਾਰਮਿਕ ਸੰਸਥਾਵਾਂ ਦੇ ਪ੍ਰਬੰਧ ਨਾਲ ਸੰਬੰਧਿਤ ਕਾਨੂੰਨ ਬਣਾਉਣ ਦਾ ਅਧਿਕਾਰ ਰਾਜ ਵਿਧਾਨ ਸਭਾਵਾਂ ਕੋਲ ਹੈ।

ਇਤਿਹਾਸ ਗਵਾਹ ਹੈ ਕਿ ਕਈ ਵਾਰ ਜਾਇਜ਼ ਸੁਧਾਰ ਵੀ ਸਿਆਸੀ ਸ਼ੋਰ-ਸ਼ਰਾਬੇ ਦੀ ਭੇਟ ਚੜ੍ਹ ਜਾਂਦੇ ਹਨ। ਇਸ ਲਈ ਲੋੜ ਇਸ ਗੱਲ ਦੀ ਹੈ ਕਿ ਮਹਾਰਾਸ਼ਟਰ ਦੇ ਸਿੱਖਾਂ ਦੀਆਂ ਅਕਾਂਖਿਆਵਾਂ, ਤਖ਼ਤ ਸ੍ਰੀ ਹਜ਼ੂਰ ਸਾਹਿਬ ਦੀ ਮਰਿਆਦਾ ਅਤੇ ਪੂਰੇ ਪੰਥ ਦੀਆਂ ਭਾਵਨਾਵਾਂ—ਇਨ੍ਹਾਂ ਤਿੰਨਾਂ ਵਿਚਕਾਰ ਸੰਤੁਲਨ ਕਾਇਮ ਕੀਤਾ ਜਾਵੇ। ਇਹ ਸੰਤੁਲਨ ਟਕਰਾਅ ਨਾਲ ਨਹੀਂ, ਸਗੋਂ ਸੰਵਾਦ ਨਾਲ ਹੀ ਸੰਭਵ ਹੈ। ਇਸ ਲਈ ਜੇ ਪ੍ਰਸਤਾਵਿਤ ਐਕਟ ਪੰਥਕ ਕੰਟਰੋਲ, ਪੰਥਕ ਮਰਿਆਦਾ, ਸਥਾਨਕ ਸਿੱਖਾਂ ਦੀ ਭਾਗੀਦਾਰੀ, ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਦਾ ਹੈ, ਤਾਂ ਉਸ ਦਾ ਸੁਆਗਤ ਹੋਣਾ ਚਾਹੀਦਾ ਹੈ।

**ਪ੍ਰੋ. ਸਰਚਾਂਦ ਸਿੰਘ ਖਿਆਲਾ, ਬੁਲਾਰਾ, ਪੰਜਾਬ ਭਾਜਪਾ, 9781355522**

### ਨੈਸ਼ਨਲ ਅਕਾਲੀ ਦਲ ਦੇ

# 30ਵੇਂ ਸਥਾਪਨਾ ਦਿਵਸ ਮੌਕੇ 51 ਸ਼ਖ਼ਸੀਅਤਾਂ ਦਾ ਸਨਮਾਨ



**ਨਵੀਂ ਦਿੱਲੀ 28 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਨੈਸ਼ਨਲ ਅਕਾਲੀ ਦਲ ਦੇ 30ਵੇਂ ਸਥਾਪਨਾ ਦਿਵਸ ਮੌਕੇ ਆਈਟੀਓ ਸਥਿਤ ਉਰਦੂ ਘਰ ਆਡੀਟੋਰੀਅਮ ਵਿੱਚ ਭਵਿਆ ਸਨਮਾਨ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਪ੍ਰਧਾਨਗੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਕੀਤੀ। ਇਸ ਮੌਕੇ ਸਮਾਜ ਸੇਵਾ, ਸਿੱਖਿਆ, ਸਿਹਤ, ਨਿਆਂ, ਵਪਾਰ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਯੋਗਦਾਨ ਪਾਉਣ ਵਾਲੀਆਂ 51 ਪ੍ਰਮੁੱਖ ਸ਼ਖ਼ਸੀਅਤਾਂ ਨੂੰ "ਐਨ ਏ ਡੀ ਦੇਸ਼ ਰਤਨ ਐਵਾਰਡ 2026" ਨਾਲ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਵਜੋਂ ਡਾ. ਆਰ. ਐਨ. ਕਾਲਰਾ (ਸੀਈਓ ਅਤੇ ਮੈਡੀਕਲ ਡਾਇਰੈਕਟਰ, ਕਾਲਰਾ ਹਸਪਤਾਲ) ਸ਼ਾਮਲ ਹੋਏ, ਜਿਨ੍ਹਾਂ ਨੂੰ ਸਿਹਤ ਖੇਤਰ ਵਿੱਚ ਉਨ੍ਹਾਂ ਦੇ ਲੰਬੇ ਸਮੇਂ ਦੇ ਯੋਗਦਾਨ ਲਈ ਲਾਈਫਟਾਈਮ ਅਚੀਵਮੈਂਟ ਐਵਾਰਡ ਨਾਲ ਨਿਵਾਜਿਆ ਗਿਆ। ਸਮਾਗਮ ਦੌਰਾਨ ਵੱਖ-ਵੱਖ ਖੇਤਰਾਂ ਨਾਲ ਸੰਬੰਧਿਤ ਪ੍ਰਸਿੱਧ ਸ਼ਖ਼ਸੀਅਤਾਂ ਅਤੇ ਸਮਾਜ ਸੇਵੀਆਂ ਦੀ ਹਾਜ਼ਰੀ ਰਹੀ। ਮਹਿਮਾਨਾਂ ਦਾ ਸਵਾਗਤ ਪਾਰਟੀ ਦੇ ਅਹੁਦੇਦਾਰਾਂ ਵੱਲੋਂ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਨੈਸ਼ਨਲ ਅਕਾਲੀ ਦਲ ਪਿਛਲੇ 30 ਸਾਲਾਂ ਤੋਂ ਬਿਨਾਂ ਕਿਸੇ ਸਿਆਸੀ ਸਵਾਰਥ ਦੇ ਲੋਕਾਂ ਅਤੇ ਸਮਾਜ ਦੀ ਸੇਵਾ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਟੀ ਨੇ ਮਹਿੰਗਾਈ, ਭ੍ਰਿਸ਼ਟਾਚਾਰ, ਕਾਨੂੰਨ-ਵਿਵਸਥਾ, ਮਹਿਲਾਵਾਂ ਦੀ ਸੁਰੱਖਿਆ, ਵਪਾਰੀਆਂ ਦੀਆਂ ਸਮੱਸਿਆਵਾਂ, ਬੱਚਿਆਂ ਦੀ ਸਿੱਖਿਆ ਅਤੇ ਹੋਰ ਜਨਹਿਤ ਦੇ ਮੁੱਦਿਆਂ ਨੂੰ ਲਗਾਤਾਰ ਉਠਾਇਆ ਹੈ ਅਤੇ ਭਵਿੱਖ ਵਿੱਚ ਵੀ ਲੋਕ ਹਿੱਤਾਂ ਲਈ ਸੰਘਰਸ਼ ਜਾਰੀ ਰੱਖੇਗੀ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਮਾਜ ਸੇਵੀ, ਡਾਕਟਰ, ਵਕੀਲ, ਵਪਾਰੀ, ਸਿੱਖਿਆਵਿਦ, ਉਦਯੋਗਪਤੀ ਅਤੇ ਵੱਖ-ਵੱਖ ਸਮਾਜਿਕ ਤੇ ਵਪਾਰਕ ਸੰਸਥਾਵਾਂ ਦੇ ਨੁਮਾਇੰਦੇ ਹਾਜ਼ਰ ਰਹੇ। ਹਾਜ਼ਰ ਸ਼ਖ਼ਸੀਅਤਾਂ ਨੇ ਨੈਸ਼ਨਲ ਅਕਾਲੀ ਦਲ ਦੇ 30 ਸਾਲਾਂ ਦੇ ਸਮਾਜਿਕ ਯੋਗਦਾਨ ਦੀ ਸਰਾਹਨਾ ਕਰਦਿਆਂ ਸਨਮਾਨਿਤ ਹਸਤੀਆਂ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮਾ ਸਾਹਿਬ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੀ ਹੋਈ ਅਹਿਮ ਮੀਟਿੰਗ

# ਲੋਕ ਮਿਲਣੀ ਸਮਾਗਮਾਂ ਵਿੱਚ ਮੀਡੀਆ ਨੂੰ ਕਵਰੇਜ ਤੋਂ ਰੋਕਣਾ ਨਿੰਦਣਯੋਗ: ਦਮਦਮਾ ਸਾਹਿਬ ਪ੍ਰੈੱਸ ਕਲੱਬ



**ਤਲਵੰਡੀ ਸਾਬੋ, 28 ਜੂਨ (ਗੁਰਜੰਟ ਸਿੰਘ ਨਥੇਹਾ)-** ਦਮਦਮਾ ਸਾਹਿਬ ਪ੍ਰੈੱਸ ਕਲੱਬ ਤਲਵੰਡੀ ਸਾਬੋ ਦੀ ਇੱਕ ਅਹਿਮ ਮੀਟਿੰਗ ਅੱਜ ਕਲੱਬ ਦੇ ਪ੍ਰਧਾਨ ਸ੍ਰੀ ਮੁਨੀਸ਼ ਗਰਗ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਪੱਤਰਕਾਰਾਂ ਨੂੰ ਫੀਲਡ ਵਿੱਚ ਡਿਊਟੀ ਨਿਭਾਉਣ ਸਮੇਂ ਦਰਪੇਸ਼ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਅਤੇ ਉਨ੍ਹਾਂ ਦੇ ਹੱਲ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਲੋਕ ਮਿਲਣੀ ਸਮਾਗਮਾਂ ਵਿੱਚ ਮੀਡੀਆ ਕਰਮੀਆਂ ਨੂੰ ਕਵਰੇਜ ਤੋਂ ਰੋਕੇ ਜਾਣ ਦੇ ਮਾਮਲੇ 'ਤੇ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ ਅਤੇ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਇਸ ਮੌਕੇ ਪ੍ਰਧਾਨ ਮੁਨੀਸ਼ ਗਰਗ ਅਤੇ ਕਲੱਬ ਦੇ ਸਰਪ੍ਰਸਤ ਰਣਜੀਤ ਸਿੰਘ ਰਾਜੂ ਨੇ ਕਿਹਾ ਕਿ ਲੋਕਤੰਤਰ ਵਿੱਚ ਸੁਤੰਤਰ ਅਤੇ ਨਿਰਪੱਖ ਮੀਡੀਆ ਦੀ ਭੂਮਿਕਾ ਬੇਹੱਦ ਅਹਿਮ ਹੈ। ਜੇਕਰ ਪੱਤਰਕਾਰਾਂ ਨੂੰ ਸਰਕਾਰੀ ਸਮਾਗਮਾਂ ਦੀ ਕਵਰੇਜ ਕਰਨ ਤੋਂ ਰੋਕਿਆ ਜਾਂਦਾ ਹੈ ਤਾਂ ਇਹ ਪ੍ਰੈੱਸ ਦੀ ਆਜ਼ਾਦੀ 'ਤੇ ਸਿੱਧਾ ਅਸਰ ਪਾਉਂਦਾ ਹੈ, ਜੋ ਕਿਸੇ ਵੀ ਲੋਕਤੰਤਰੀ ਪ੍ਰਣਾਲੀ ਲਈ ਚੰਗਾ ਸੰਕੇਤ ਨਹੀਂ ਹੈ। ਉਨ੍ਹਾਂ ਕਿਹਾ ਕਿ ਮੀਡੀਆ ਲੋਕਾਂ ਅਤੇ ਸਰਕਾਰ ਵਿਚਕਾਰ ਇੱਕ ਅਹਿਮ ਕੜੀ ਹੈ ਅਤੇ ਪੱਤਰਕਾਰਾਂ ਨੂੰ ਆਪਣੀ ਡਿਊਟੀ ਨਿਰਪੱਖ ਢੰਗ ਨਾਲ ਨਿਭਾਉਣ ਦਾ ਪੂਰਾ ਅਧਿਕਾਰ ਮਿਲਣਾ ਚਾਹੀਦਾ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮੀਡੀਆ ਨਾਲ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਾ ਕੀਤਾ ਜਾਵੇ ਅਤੇ ਪੱਤਰਕਾਰਾਂ ਨੂੰ ਹਰ ਸਰਕਾਰੀ ਸਮਾਗਮ ਦੀ ਕਵਰੇਜ ਕਰਨ ਦੀ ਖੁੱਲ੍ਹ ਦਿੱਤੀ ਜਾਵੇ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ ਪੱਤਰਕਾਰ ਭਾਈਚਾਰੇ ਦੇ ਹੱਕਾਂ ਅਤੇ ਪ੍ਰੈੱਸ ਦੀ ਆਜ਼ਾਦੀ ਦੀ ਰੱਖਿਆ ਲਈ ਦਮਦਮਾ ਸਾਹਿਬ ਪ੍ਰੈੱਸ ਕਲੱਬ ਹਮੇਸ਼ਾ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕਰੇਗਾ ਅਤੇ ਲੋੜ ਪੈਣ 'ਤੇ ਅਗਲੀ ਰਣਨੀਤੀ ਵੀ ਉਲੀਕੀ ਜਾਵੇਗੀ। ਮੀਟਿੰਗ ਵਿੱਚ ਕਲੱਬ ਦੇ ਅਹੁਦੇਦਾਰ ਅਤੇ ਸਮੂਹ ਮੈਂਬਰਾਨ ਹਾਜ਼ਰ ਰਹੇ।

### ਪੰਜਾਬ ਸਰਕਾਰ ਸਵਾਲਾਂ ਤੋਂ ਡਰੀ, ਅਕਾਲੀ ਦਲ ਵਾਰਿਸ ਪੰਜਾਬ ਦੇ

# ਸੂਬਾ ਯੂਥ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ ਨੂੰ ਕੀਤਾ ਹਾਊਸ ਅਰੈਸਟ

**ਅੰਮ੍ਰਿਤਸਰ 28 ਜੂਨ (ਆਵਾਜ਼ਿ ਕੌਮ ਬਿਊਰੋ)-**ਅਕਾਲੀ ਦਲ ਵਾਰਿਸ ਪੰਜਾਬ ਦੇ ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਦੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਹਲਕਾ

### ਨਸ਼ੇ, ਰੋਜ਼ਗਾਰ ਅਤੇ ਨੌਜਵਾਨਾਂ ਦੇ ਮੁੱਦਿਆਂ 'ਤੇ ਸਵਾਲ ਪੁੱਛਣ ਤੋਂ ਪਹਿਲਾਂ ਹੀ ਪੁਲਿਸ ਨੇ ਰੋਕਿਆ



ਕਾਦੀਆਂ ਦੇ ਦੌਰੇ ਦੌਰਾਨ ਅਕਾਲੀ ਦਲ ਵਾਰਿਸ ਪੰਜਾਬ ਦੇ ਸੂਬਾ ਯੂਥ ਪ੍ਰਧਾਨ ਭਾਈ ਸੁਖਦੇਵ ਸਿੰਘ ਕਾਦੀਆਂ ਨੂੰ ਪੰਜਾਬ ਪੁਲਿਸ ਵੱਲੋਂ ਕਥਿਤ ਤੌਰ 'ਤੇ ਹਾਊਸ ਅਰੈਸਟ ਕਰ ਲਿਆ ਗਿਆ। ਪ੍ਰੈਸ ਨੋਟ ਅਨੁਸਾਰ ਭਾਈ ਸੁਖਦੇਵ ਸਿੰਘ ਕਾਦੀਆਂ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਨੂੰ ਪੰਜਾਬ ਵਿੱਚ ਵਧ ਰਹੇ ਨਸ਼ਿਆਂ, ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਨੂੰ ਐਨ ਐਸ ਏ ਖ਼ਤਮ ਹੋਣ ਦੇ ਬਾਵਜੂਦ ਵੀ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਰੱਖਣ, ਘਰ-ਘਰ ਰੋਜ਼ਗਾਰ ਦੇ ਵਾਅਦਿਆਂ, ਨੌਜਵਾਨਾਂ 'ਤੇ ਦਰਜ ਨਾਜਾਇਜ਼ ਪਰਚਿਆਂ, ਵਿਕਾਸ ਕਾਰਜਾਂ ਦੀ ਹਕੀਕਤ ਅਤੇ ਹੋਰ ਪੰਜਾਬ ਪੱਖੀ ਮੁੱਦਿਆਂ ਬਾਰੇ ਸਵਾਲ ਪੁੱਛੇ ਜਾਣੇ ਸਨ। ਪਰ ਸਵਾਲਾਂ ਦਾ ਸਾਹਮਣਾਂ ਕਰਨ ਦੀ ਬਜਾਏ ਉਨ੍ਹਾਂ ਨੂੰ ਪਹਿਲਾਂ ਹੀ ਰੋਕ ਦਿੱਤਾ ਗਿਆ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਲੋਕਤੰਤਰ ਵਿੱਚ ਸਰਕਾਰਾਂ ਨੂੰ ਲੋਕਾਂ ਦੇ ਸਵਾਲਾਂ ਦਾ ਜਵਾਬ ਦੇਣਾ ਚਾਹੀਦਾ ਹੈ, ਨਾਂ ਕਿ ਸਵਾਲ ਪੁੱਛਣ ਵਾਲਿਆਂ ਦੀ ਆਵਾਜ਼ ਨੂੰ ਪੁਲਿਸ ਦੇ ਜ਼ਰੀਏ ਦਬਾਉਣਾ ਚਾਹੀਦਾ ਹੈ। ਜੇਕਰ ਸਰਕਾਰ ਆਪਣੇ ਕੰਮਾਂ ਨੂੰ ਲੈ ਕੇ ਭਰੋਸੇ ਵਿੱਚ ਹੈ ਤਾਂ ਉਸ ਨੂੰ ਆਲੋਚਨਾ ਜਾਂ ਸਵਾਲਾਂ ਤੋਂ ਡਰਨ ਦੀ ਲੋੜ ਨਹੀਂ ਹੋਣੀ ਚਾਹੀਦੀ। ਪਾਰਟੀ ਨੇ ਕਿਹਾ ਕਿ ਅੱਜ ਪੰਜਾਬ ਦਾ ਨੌਜਵਾਨ ਨਸ਼ਿਆਂ ਕਾਰਨ ਬਰਬਾਦ ਹੋ ਰਹੇ ਹਨ, ਬੇਰੁਜ਼ਗਾਰੀ ਲਗਾਤਾਰ ਵਧ ਰਹੀ ਹੈ ਅਤੇ ਅਨੇਕਾਂ ਨੌਜਵਾਨ ਆਪਣੇ ਆਪ ਨੂੰ ਝੂਠੇ ਜਾਂ ਨਾਜਾਇਜ਼ ਪਰਚਿਆਂ ਦਾ ਸ਼ਿਕਾਰ ਦੱਸ ਰਹੇ ਹਨ। ਇਨ੍ਹਾਂ ਗੰਭੀਰ ਮੁੱਦਿਆਂ ਦਾ ਜਵਾਬ ਦੇਣ ਦੀ ਬਜਾਏ ਸਰਕਾਰ ਵਿਰੋਧੀ ਆਵਾਜ਼ਾਂ ਨੂੰ ਰੋਕਣ ਵਿੱਚ ਆਪਣੀ ਤਾਕਤ ਲਗਾ ਰਹੀ ਹੈ, ਜੋ ਲੋਕਤੰਤਰ ਲਈ ਚਿੰਤਾਜਨਕ ਹੈ। ਅਕਾਲੀ ਦਲ ਵਾਰਿਸ ਪੰਜਾਬ ਦੇ ਨੇ ਕਿਹਾ ਕਿ ਪੰਜਾਬ ਦੇ ਲੋਕ ਹੁਣ ਇਸ਼ਿਤਹਾਰਾਂ ਅਤੇ ਭਾਸ਼ਣਾਂ ਨਾਲ ਨਹੀਂ, ਸਗੋਂ ਜ਼ਮੀਨੀ ਹਕੀਕਤ ਅਤੇ ਜਵਾਬਦੇਹੀ ਨਾਲ ਸੰਤੁਸ਼ਟ ਹੋਣਗੇ। ਲੋਕਾਂ ਨੂੰ ਆਪਣੇ ਚੁਣੇ ਹੋਏ ਨੁਮਾਇੰਦਿਆਂ ਤੋਂ ਸਵਾਲ ਪੁੱਛਣ ਦਾ ਪੂਰਾ ਸੰਵਿਧਾਨਕ ਅਤੇ ਲੋਕਤੰਤਰੀ ਹੱਕ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਦਬਾਇਆ ਨਹੀਂ ਜਾ ਸਕਦਾ। ਪਾਰਟੀ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਲੋਕਾਂ ਦੀ ਆਵਾਜ਼ ਨੂੰ ਦਬਾਉਣ ਦੀ ਬਜਾਏ ਪੰਜਾਬ ਦੇ ਅਸਲ ਮੁੱਦਿਆਂ ਦਾ ਹੱਲ ਕਰੇ, ਲੋਕਾਂ ਦੇ ਸਵਾਲਾਂ ਦੇ ਜਵਾਬ ਦੇਵੇ ਅਤੇ ਜਮਹੂਰੀ ਕਦਰਾਂ-ਕੀਮਤਾਂ ਦਾ ਸਤਿਕਾਰ ਕਰੇ।

# ਪਠਲਾਵਾ ਸੰਸਥਾ ਵਲੋਂ ਡਾ ਅੰਬੇਡਕਰ ਨਗਰ ਬੰਗਾ ਵਿਖੇ ਮੁਫ਼ਤ 243 ਵਾਂ ਸਿਲਾਈ ਸੈਂਟਰ ਅਰੰਭਿਆ





ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਜੋਂ ਸਮਾਜ ਸੇਵੀ ਕਾਰਜਾਂ ਨੂੰ ਜ਼ਮੀਨੀ ਪੱਧਰ ਤੇ ਅੰਜ਼ਾਮ ਦੇਣ ਲਈ ਹਮੇਸ਼ਾ ਯਤਨਸ਼ੀਲ ਰਹਿਦੀ ਹੈ ਵਲੋਂ ਡਾ ਅੰਬੇਡਕਰ ਨਗਰ ਬੰਗਾ ਵਿਖੇ ਮੁਫ਼ਤ ਸਿਲਾਈ ਸੈਂਟਰ ਦੀ ਅਰੰਭਤਾ ਮੋਕੇ ਇਕ ਸੰਖੇਪ ਸਮਾਗਮ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸੰਸਥਾ ਦੇ ਚੀਫ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ ਅਤੇ ਨਗਰ ਕੌਂਸਲ ਬੰਗਾ ਦੇ ਡਾ ਅੰਬੇਡਕਰ ਨਗਰ ਵਾਰਡ ਤੋਂ ਨਵੇਂ ਚੁਣੇ ਗਏ ਨੌਜਵਾਨ ਐਮ ਸੀ ਸ੍ਰੀ ਲਵਲੀਨ ਸੁੰਡਾ ਵਲੋਂ ਸਾਂਝੇ ਤੌਰ ਤੇ ਕੀਤੀ ਗਈ । ਇਸ ਅਵਸਰ ਤੇ ਇਕੱਤਰ ਹੋਏ ਪੱਤਵੰਤੇ ਸੱਜਣ ਅਤੇ ਲੜਕੀਆਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਅਤੇ ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ ਨੇ ਆਖਿਆ ਕਿ ਅਸਮਾਨਾਂ ਨੂੰ ਛੂਹਦੀਂ ਮਹਿਗਾਈ ਦੇ ਦੌਰ ਵਿਚ ਔਰਤ ਵਰਗ ਦਾ ਸਿਲਾਈ ਕਢਾਈ ਵਰਗੇ ਕਿੱਤੇ ਨਾਲ ਜੁੜ ਕੇ ਆਪਣੇ ਪਰਿਵਾਰਾਂ ਲਈ ਕੰਮ ਕਰਨਾ ਅੱਜ ਦੇ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ। ਉਹਨਾਂ ਨੇ ਅੱਗੇ ਦੱਸਿਆ ਕਿ ਸੰਸਥਾ ਪਠਲਾਵਾ ਨੂੰ ਬੇਹੱਦ ਮਾਣ ਤੇ ਫ਼ਖ਼ਰ ਹੈ ਕਿ ਸੰਸਥਾ ਨੇ ਪੇਂਡੂ ਔਰਤਾਂ ਦੀ ਸਿਲਾਈ ਕਢਾਈ ਦੇ ਕਿਤੇ ਨੂੰ ਮੁਫ਼ਤ ਵਿਚ ਵੰਡਣ ਦੇ ਪੂਰੇ ਪੱਚੀ ਸਾਲਾਂ ਦੇ ਮਾਣਮੱਤੇ ਸਫ਼ਰ ਨੂੰ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਸਰ ਕੀਤਾ ਹੈ। ਇਸ ਅਵਸਰ ਤੇ ਸ ਇੰਦਰਜੀਤ ਸਿੰਘ ਵਾਰੀਆ ਅਤੇ ਲਵਲੀਨ ਸੁੰਡਾ ਵਲੋਂ ਸਾਂਝੇ ਤੌਰ ਤੇ ਫੀਤਾ ਕੱਟ ਕੇ ਇਸ ਸਿਲਾਈ ਸੈਂਟਰ ਦਾ ਸ਼ੁਭ ਮਹੂਰਤ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ,ਸ ਦਿਲਬਾਗ ਸਿੰਘ, ਸ੍ਰੀਮਤੀ ਪਰਮਜੀਤ ਕੌਰ, ਨਿਰੰਜਣ ਸਿੰਘ, ਰੋਹਿਤ ਸੁੰਡਾ ਗਗਨਦੀਪ ਕੁਮਾਰ ਅਤੇ ਸਿਲਾਈ ਅਧਿਆਪਕਾ ਸ੍ਰੀਮਤੀ ਅਨੀਤਾ ਕੁਮਾਰੀ ਬੰਗਾ ਹਾਜ਼ਰ ਸਨ।

**ਰਿਪੋਰਟ-ਹਰਪ੍ਰੀਤ ਸਿੰਘ ਪਠਲਾਵਾ**

# ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਨਾਟਕ ਤੱਤੀ ਤਵੀ ਦਾ ਸੱਚ ਦਾ ਮੰਚਨ 30 ਜੂਨ ਨੂੰ ਬਲਵੰਤ ਗਾਰਗੀ ਆਡੀਟੋਰੀਅਮ ਵਿਖੇ

## ਰੂਪਕ ਕਲਾ ਐਂਡ ਵੈਲਫੇਅਰ ਸੋਸਾਇਟੀ ਵੱਲੋਂ ਵਿਸ਼ੇਸ਼ ਨਾਟਕ ਦਾ ਆਯੋਜਨ

**ਬਠਿੰਡਾ, 28 ਜੂਨ (ਗੁਰਜੰਟ ਸਿੰਘ ਨਥੇਹਾ)-** ਰੂਪਕ ਕਲਾ ਐਂਡ ਵੈਲਫੇਅਰ ਸੋਸਾਇਟੀ ਵੱਲੋਂ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹੀਦੀ ਨੂੰ ਸਮਰਪਿਤ ਪ੍ਰਸਿੱਧ ਨਾਟਕ ਤੱਤੀ ਤਵੀ ਦਾ ਸੱਚ ਦਾ ਮੰਚਨ 30 ਜੂਨ ਨੂੰ ਸ਼ਾਮ ..... ਵਜੇ ਬਲਵੰਤ ਗਾਰਗੀ ਆਡੀਟੋਰੀਅਮ ਬਠਿੰਡਾ ਵਿਖੇ ਕੀਤਾ ਜਾਵੇਗਾ। ਲਾਈਟ ਐਂਡ ਸਾਊਂਡ 'ਤੇ ਆਧਾਰਿਤ ਇਹ ਵਿਲੱਖਣ ਪੇਸ਼ਕਾਰੀ ਦਰਸ਼ਕਾਂ ਨੂੰ ਇਤਿਹਾਸਕ, ਅਧਿਆਤਮਿਕ ਅਤੇ ਕਲਾਤਮਕ ਅਨੁਭਵ ਪ੍ਰਦਾਨ ਕਰੇਗੀ। ਸਾਹਿਤ ਅਕਾਦਮੀ ਐਵਾਰਡ ਨਾਲ ਸਨਮਾਨਿਤ ਨਾਟਕਕਾਰ ਡਾ.ਆਤਮਜੀਤ ਵੱਲੋਂ ਇਹ ਨਾਟਕ ਲਿਖਿਆ ਗਿਆ ਹੈ। ਨਾਟਕ ਵਿੱਚ ਸੰਵਾਦਾਂ ਅਤੇ ਬਹਿਸ ਦੀ ਪ੍ਰਭਾਵਸ਼ਾਲੀ ਨਾਟਕੀ ਤਕਨੀਕ ਰਾਹੀਂ ਗੁਰੂ ਸਾਹਿਬ ਦੀ ਸ਼ਹੀਦੀ ਦੇ ਅਸਲ ਕਾਰਨਾਂ ਅਤੇ ਉਸ ਸਮੇਂ ਦੇ ਸਮਾਜਿਕ-ਰਾਜਨੀਤਿਕ ਹਾਲਾਤਾਂ ਨੂੰ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਦੇ ਨਾਲ ਹੀ ਬਾਦਸ਼ਾਹ ਅਕਬਰ ਦੀ ਧਾਰਮਿਕ ਸਹਿਣਸ਼ੀਲਤਾ ਅਤੇ ਜਹਾਂਗੀਰ ਦੀ ਧਾਰਮਿਕ ਕੱਟੜਤਾ ਦਾ ਯਥਾਰਥ ਚਿੱਤਰਣ ਦਰਸ਼ਕਾਂ ਨੂੰ ਇਤਿਹਾਸ ਦੇ ਅਹਿਮ ਪੱਖਾਂ ਨਾਲ ਰੂਬਰੂ ਕਰਵਾਉਂਦਾ ਹੈ। ਨਾਟਕ ਦੀ ਇੱਕ ਵਿਸ਼ੇਸ਼ ਖ਼ੂਬੀ ਇਹ ਹੈ ਕਿ ਇਸ ਵਿੱਚ ਰਵਾਇਤੀ ਸੂਤਰਧਾਰ ਨੂੰ ਨਵੇਂ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ ਹੈ। ਪੰਜ ਸੂਫ਼ੀ ਸੰਤ ਆਪਣੀ ਰੂਹਾਨੀ ਮਸਤ ਅਵਸਥਾ ਵਿੱਚ ਗਾਇਨ ਅਤੇ ਕਥਾ-ਵਾਚਨ ਰਾਹੀਂ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੀ ਗਾਥਾ ਬਿਆਨ ਕਰਦੇ ਹਨ। ਪ੍ਰੋਜੈਕਟਰ, ਲਾਈਟਿੰਗ ਅਤੇ ਸਾਊਂਡ ਇਫੈਕਟਸ ਦੀ ਕਲਾਤਮਕ ਵਰਤੋਂ ਇਸ ਪੇਸ਼ਕਾਰੀ ਨੂੰ ਹੋਰ ਵੀ ਜੀਵੰਤ ਅਤੇ ਪ੍ਰਭਾਵਸ਼ਾਲੀ ਬਣਾਉਂਦੀ ਹੈ। ਇਸ ਨਾਟਕ ਦੇ ਲੇਖਕ ਡਾ. ਆਤਮਜੀਤ ਹਨ । ਜਦਕਿ ਨਿਰਦੇਸ਼ਨ ਸੰਗੀਤਾ ਗੁਪਤਾ ਵੱਲੋਂ ਕੀਤਾ ਗਿਆ ਹੈ। ਸਹਾਇਕ ਨਿਰਦੇਸ਼ਕ ਸਾਹਿਨ, ਪ੍ਰੋਡਕਸ਼ਨ ਦੀ ਜ਼ਿੰਮੇਵਾਰੀ ਲਵਲੀਨ ਕੌਰ, ਲਾਈਟਿੰਗ ਚੇਤਨ ਅਤੇ ਸੰਗੀਤ ਜਤਿੰਦਰ ਸ਼ਾਹ ਵੱਲੋਂ ਸੰਭਾਲਿਆ ਗਿਆ ਹੈ। ਨਾਟਕ ਵਿੱਚ ਅਭਿਸ਼ੇਕ, ਅੰਕੁਜ, ਰੇਯਾ ਸ਼ਰਮਾ, ਯੁਵਰਾਜ, ਨੰਦਿਨੀ ਗੁਪਤਾ, ਪ੍ਰਿਯੰਕਾ, ਮੰਤਵ, ਰਾਕੇਸ਼ ਰਸਤੋਗੀ, ਅਰਸ਼ਦੀਪ ਸਿੰਘ, ਇਸ਼ਨੂਰ ਸਿੰਘ, ਗੁਰਵੀਰ ਸਿੰਘ, ਹਰਮਨਪ੍ਰੀਤ ਸਿੰਘ, ਜੋਤੀ ਸ਼੍ਰੀ ਗੁਹਾ, ਬਲਜਿੰਦਰ ਸਿੰਘ, ਪਰਮਵੀਰ, ਅਥਰਵ, ਨਵ ਕੌਰ, ਹਰਤੀਰਥ ਸਿੰਘ, ਮਿਰਜ਼ਾ, ਹਰਪ੍ਰੀਤ ਕੌਰ ਅਤੇ ਸਾਹਿਨ ਆਪਣੀ ਅਦਾਕਾਰੀ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕਰਨਗੇ। ਰੂਪਕ ਕਲਾ ਐਂਡ ਵੈਲਫੇਅਰ ਸੋਸਾਇਟੀ ਨੇ ਬਠਿੰਡਾ ਅਤੇ ਆਸ-ਪਾਸ ਦੇ ਇਲਾਕਿਆਂ ਦੇ ਕਲਾ-ਪ੍ਰੇਮੀਆਂ, ਸਾਹਿਤਕਾਰਾਂ, ਵਿਦਿਆਰਥੀਆਂ ਅਤੇ ਸਮੂਹ ਸੰਗਤ ਨੂੰ ਇਸ ਵਿਲੱਖਣ ਨਾਟਕ ਦਾ ਹਿੱਸਾ ਬਣਨ ਦੀ ਅਪੀਲ ਕੀਤੀ ਹੈ। ਸੰਸਥਾ ਦਾ ਮੰਨਣਾ ਹੈ ਕਿ ਇਹ ਪੇਸ਼ਕਾਰੀ ਨਾ ਸਿਰਫ਼ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਮਹਾਨ ਸ਼ਹਾਦਤ ਨੂੰ ਸ਼ਰਧਾਂਜਲੀ ਹੋਵੇਗੀ, ਸਗੋਂ ਸਮਾਜ ਨੂੰ ਸੱਚ, ਸਹਿਣਸ਼ੀਲਤਾ, ਮਨੁੱਖਤਾ ਅਤੇ ਨੈਤਿਕਤਾ ਦਾ ਸੰਦੇਸ਼ ਦੇਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਏਗੀ।

### ਰੇਲਵੇ ਸਟੇਸ਼ਨ ਫਿਰੋਜ਼ਪੁਰ ਕੈਂਟ ਤੇ

# ਬਜ਼ੁਰਗਾਂ ਲਈ ਲਗਾਈ ਜਾਵੇ ਚਲਦੀ ਪੌੜੀ ਅਤੇ ਲਿਫਟ

**ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :—** ਸੀਨੀਅਰ ਸਿਟੀਜਨ ਕੌਂਸਲ ਰਜਿ ਫਿਰੋਜਪੁਰ ਪੰਜਾਬ ਹਰ ਮਹੀਨੇ ਆਪਣੀ ਮੈਂਬਰਾਂ ਦੇ ਜਨਮਦਿਨ ਬੜੇ ਹੀ ਧੂਮ ਧਾਮ ਨਾਲ ਮਨਾਉਂਦੀ ਹੈ ਅਤੇ ਇਸੇ ਸੰਬੰਧ ਵਿੱਚ ਮਹੀਨਾ ਵਾਰ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਡੀ ਗਿਣਤੀ ਮੈਂਬਰਾਂ ਤੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਇਹ ਮੀਟਿੰਗ ਬਾਗਬਾਨ ਮਖੂ ਗੇਟ ਫਿਰੋਜਪੁਰ ਸ਼ਹਿਰ ਵਿਖੇ ਹੋਈ, ਜਿਸ ਵਿਚ ਕੌਂਸਲ ਵੱਲੋਂ ਜੂਨ ਮਹੀਨੇ ਵਿਚ ਜਿਨ੍ਹਾਂ ਬਜ਼ੁਰਗ ਮੈਂਬਰਾਂ ਦੇ ਜਨਮਦਿਨ ਆਉਂਦੇ ਹਨ, ਬੜੇ ਹੀ ਧੂਮ ਧਾਮ ਨਾਲ ਮਨਾਏ ਗਏ ਅਤੇ ਸਮੂਹ ਮੈਂਬਰਾਂ ਨੂੰ ਤੋਹਫੇ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਬਜ਼ੁਰਗਾਂ ਨੂੰ ਰੇਲ ਤੇ ਸਫਰ ਕਰਨ ਵਿੱਚ ਆਉਂਦੀਆਂ ਮੁਸ਼ਿਕਲਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਨੇ ਦੱਸਿਆ ਕਿ ਜਦੋਂ ਕਦੇ ਵੀ ਬਜ਼ੁਰਗਾਂ ਨੂੰ ਆਪਣੇ ਜਰੂਰੀ ਕੰਮਾਂ ਲਈ ਰੇਲਵੇ ਤੇ ਸਫਰ ਕਰਨਾ ਪੈਂਦਾ ਹੈ ਤਾਂ ਰੇਲਵੇ ਸਟੇਸ਼ਨ ਫਿਰੋਜ਼ਪੁਰ ਕੈਂਟ ਤੋਂ ਗੱਡੀ ਤੇ ਚੜਣ ਲਈ ਇੱਕ ਪਲੇਟਫਾਰਮ ਤੋਂ ਦੂਜੇ ਪਲੇਟਫਾਰਮ ਤੇ ਜਾਣਾ ਬਹੁਤ ਹੀ ਦੁਖਦਾਈ ਹੋ ਜਾਂਦਾ ਹੈ ਕਿਉਂਕਿ ਬਜ਼ੁਰਗਾਂ ਲਈ ਪੌੜੀਆਂ ਚੜਨਾ ਕਿਸੇ ਮੁਸੀਬਤ ਤੋਂ ਘੱਟ ਨਹੀਂ, ਇਸ ਸਬੰਧੀ ਕੌਂਸਲ ਦੇ ਸੀਨੀਅਰ ਅਹੁਦੇਦਾਰ ਸਵਰਨ ਸਿੰਘ ਅਤੇ ਮੱਖਣ ਲਾਲ ਵੱਲੋਂ ਸੁਝਾਓ ਰੱਖਿਆ ਗਿਆ ਕਿ ਇੱਕ ਪਲੇਟਫਾਰਮ ਤੋਂ ਦੂਜੇ ਪਲੇਟਫਾਰਮ ਜਾਣ ਲਈ ਬਜੁਰਗਾਂ ਨੂੰ ਧਿਆਨ ਵਿਚ ਰੱਖਦਿਆਂ ਲਿਫਟ ਅਤੇ ਚਲਦੀ ਪੌੜੀ ਲਗਾਈ ਜਾਵੇ। ਉਨ੍ਹਾਂ ਕਿਹਾ ਕਿ ਪੌੜੀਆਂ ਚੜ੍ਹਣ ਸਮੇਂ ਬਜ਼ੁਰਗਾਂ ਨੂੰ ਬਹੁਤ ਜਿਆਦਾ ਮੁਸ਼ਿਕਲਾਂ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਬਜ਼ੁਰਗਾਂ ਲਈ ਪੁੱਲ ਤੇ ਚੜਨਾ ਕੋਈ ਆਸਾਨ ਨਹੀਂ ਇਸ ਲਈ ਰੇਲਵੇ ਵਿਭਾਗ ਦੇ ਉੱਚ ਅਧਿਕਾਰੀਆਂ ਡੀ.ਆਰ.ਐਮ ਫਿਰੋਜਪੁਰ ਤੋਂ ਮੰਗ ਕੀਤੀ ਜਾਵੇ ਕਿ ਫਿਰੋਜਪੁਰ ਕੈਂਟ ਰੇਲਵੇ ਸਟੇਸ਼ਨ ਤੇ ਜਲਦੀ ਤੋਂ ਜਲਦੀ ਚਲਦੀ ਪੌੜੀ ਅਤੇ ਲਿਫਟ ਲਗਾਈ ਜਾਵੇ ਤਾਂ ਜੋ ਬਜ਼ੁਰਗਾਂ ਨੂੰ ਰੇਲ ਤੇ ਸਫਰ ਕਰਨ ਸਮੇਂ ਇੱਕ ਪਲੇਟਫਾਰਮ ਤੋਂ ਦੂਜੇ ਪਲੇਟਫਾਰਮ ਤੇ ਜਾਣ ਚ ਮੁਸ਼ਿਕਲ ਨਾ ਆਵੇ। ਇਸ ਮਤੇ ਨੂੰ ਸਰਬ ਸੰਮਤੀ ਨਾਲ ਪਾਸ ਕਰਦੇ ਹੋਏ ਸਮੂਹ ਮੈਂਬਰਾਂ ਵੱਲੋਂ ਪਾਸ ਹੋਇਆ ਇਸ ਸਬੰਧੀ ਮਾਨਯੋਗ ਡੀ.ਆਰ.ਐਮ ਫਿਰੋਜਪੁਰ ਨੂੰ ਇੱਕ ਮੰਗ ਪੱਤਰ ਦਿੱਤਾ ਜਾਵੇ। ਇਸ ਮੌਕੇ ਤੇ ਹਮੇਸ਼ਾ ਦੀ ਤਰ੍ਹਾਂ ਉਨ੍ਹਾਂ ਸੀਨੀਅਰ ਸਿਟੀਜਨ ਮੈਂਬਰਾਂ ਵਿੱਚੋਂ ਇੱਕ ਲੱਕੀ ਡਰਾਅ ਕੱਢਿਆ ਗਿਆ ਜਿਹੜੇ ਮੈਂਬਰ ਸਮੇਂ ਸਿਰ ਮੀਟਿੰਗ ਵਿੱਚ ਪੁੱਜ ਜਾਂਦੇ ਹਨ ਅਤੇ ਇਸ ਲੱਕੀ ਡਰਾ ਵਿੱਚ ਸ੍ਰੀ ਮੱਖਣ ਲਾਲ ਪਹਿਲੇ ਨੰਬਰ ਤੇ ਅਤੇ ਸ੍ਰੀ ਸੁਭਾਸ਼ ਚੰਦਰ ਮਰਵਾਹਾ ਦੂਜੇ ਨੰਬਰ ਤੇ ਆਏ।



ਮੀਟਿੰਗ ਦੌਰਾਨ ਜਨਮਦਿਨ ਵਾਲੇ ਹਾਜ਼ਰ ਮੈਂਬਰਾਂ ਨੂੰ ਕੌਂਸਲ ਦੇ ਸੀਨੀਅਰ ਮੈਂਬਰਾਂ ਵੱਲੋਂ ਹਾਰ ਪਾ ਕੇ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ। ਕੌਂਸਲ ਦੇ ਕਲਾਕਾਰਾਂ ਵੱਲੋਂ ਰੰਗਾ ਰੰਗ ਗੀਤ ਪੇਸ਼ ਕਰਕੇ ਹਾਜ਼ਰੀਨ ਦਾ ਦਿਲ ਜਿੱਤ ਲਿਆ, ਇਨ੍ਹਾਂ ਕਲਾਕਾਰਾਂ ਵਿੱਚ ਸਰਬ ਸ਼੍ਰੀ ਪ੍ਰਿੰਸ ਹਰੀਦੇਵ, ਰਾਧੇ ਮੋਹਨ, ਅਵਤਾਰ ਸਿੰਘ, ਹਰੀ ਚੰਦ ਚੋਪੜਾ, ਸ਼ਿਵ ਦਰਸ਼ਨ, ਅਵਤਾਰ ਸਿੰਘ ਚੀਫ ਕੰਟਰੋਲਰ, ਪ੍ਰੇਮ ਕੁਮਾਰ, ਮਹਿੰਦਰ ਪਾਲ ਬਜਾਜ, ਰਵਿੰਦਰ ਸ਼ਰਮਾ, ਗੁਰਦਿਆਲ ਸਿੰਘ ਵਿਰਕ, ਜਤਿੰਦਰ ਨਿਸ਼ਚਲ ਸਮੇਤ ਬਹੁਤ ਸਾਰੇ ਕਲਾਕਾਰਾਂ ਨੇ ਗੀਤ ਸੁਣਾ ਕੇ ਆਏ ਮੈਂਬਰਾਂ ਨੂੰ ਮੰਤਰਮੁਗਧ ਕੀਤਾ। ਅੰਤ ਵਿੱਚ ਕੌਂਸਲ ਦੇ ਪ੍ਰਧਾਨ ਪੀ.ਡੀ ਸ਼ਰਮਾ ਵੱਲੋਂ ਸਮੂਹ ਮੈਂਬਰਾਂ ਦਾ ਹਾਜ਼ਰ ਆਉਣ ਤੇ ਧੰਨਵਾਦ ਕੀਤਾ ਅਤੇ ਸਾਰਿਆਂ ਨੇ ਮਿਲ ਬੈਠ ਕੇ ਚਾਹ ਪਾਣੀ ਦਾ ਆਨੰਦ ਲਿਆ।

### ਉੱਤਰਾਖੰਡ ਚ ਸਿੱਖਾਂ ਨੂੰ ਬਦਨਾਮ ਕਰਨ ਤੇ

# ਭਾਈਚਾਰਕ ਸਾਂਝ ਨੂੰ ਢਾਹ ਲਾਉਣ ਦੀਆਂ ਕੋਸ਼ਿਸ਼ਾਂ ਬਰਦਾਸ਼ਤ ਨਹੀਂ—ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ

**ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :—** ਉੱਤਰਾਖੰਡ ਦੇ ਸ਼ਾਂਤੀਪੂਰਨ ਮਾਹੌਲ ਨੂੰ ਲਗਾਤਾਰ ਖਰਾਬ ਕਰਨ ਅਤੇ ਸਿੱਖ ਕੌਮ ਨੂੰ ਨਿਸ਼ਾਨਾ ਬਣਾ ਕੇ ਬਦਨਾਮ ਕਰਨ ਦੀਆਂ ਸਾਜ਼ਿਸ਼ਾਂ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਗੰਭੀਰ ਵਿਸ਼ੇ ਤੇ ਚਿੰਤਾ ਪ੍ਰਗਟ ਕਰਦਿਆਂ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਕੁਝ ਸ਼ਰਾਰਤੀ ਅਤੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਸੋਸ਼ਲ ਮੀਡੀਆ ਤੇ ਗਲਤ ਅਤੇ ਭੜਕਾਊ ਵੀਡੀਓਜ਼ ਪਾ ਕੇ ਉੱਤਰਾਖੰਡ ਦੇ ਸ਼ਾਂਤਮਈ ਮਾਹੌਲ ਨੂੰ ਲਗਾਤਾਰ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।



ਸੰਤ ਬਾਬਾ ਬੋਹੜ ਸਿੰਘ ਨੇ ਖੁਲਾਸਾ ਕੀਤਾ ਕਿ ਇਹ ਸ਼ਰਾਰਤੀ ਲੋਕ 1984 ਦੇ ਹਰਿਮੰਦਰ ਸਾਹਿਬ (ਦਰਬਾਰ ਸਾਹਿਬ) ਦੇ ਹਮਲੇ ਅਤੇ ਹੋਰ ਸੰਵੇਦਨਸ਼ੀਲ ਘਟਨਾਵਾਂ ਨਾਲ ਜੁੜੀਆਂ ਵੀਡੀਓਜ਼ ਨੂੰ ਸੋਸ਼ਲ ਮੀਡੀਆ ਤੇ ਵਾਇਰਲ ਕਰ ਰਹੇ ਹਨ, ਜ਼ੋ ਗਲਤ ਅਤੇ ਤੋੜ ਮਰੋੜ ਕੇ ਪੇਸ਼ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵੀਡੀਓਜ਼ ਦੇ ਜ਼ਰੀਏ ਸਿੱਖਾਂ ਦੇ ਅਕਸ ਨੂੰ ਜਾਣਬੁੱਝ ਕੇ ਨੁਕਸਾਨ ਪਹੁੰਚਾਇਆ ਜਾ ਰਿਹਾ ਹੈ, ਜਿਸ ਨਾਲ ਆਮ ਲੋਕਾਂ ਵਿੱਚ ਗਲਤਫਹਿਮੀਆਂ ਪੈਦਾ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਘਿਨਾਉਣੀਆਂ ਹਰਕਤਾਂ ਪਿੱਛੇ ਉੱਤਰਾਖੰਡ ਅਤੇ ਪੰਜਾਬ ਦੇ ਲੋਕਾਂ ਵਿਚਕਾਰ ਸਦੀਆਂ ਪੁਰਾਣੇ ਆਪਸੀ ਭਾਈਚਾਰੇ, ਪਿਆਰ ਅਤੇ ਸ਼ਾਂਤੀ ਨੂੰ ਖਤਮ ਕਰਨ ਦੀ ਇੱਕ ਵੱਡੀ ਸਾਜ਼ਿਸ਼ ਨਜ਼ਰ ਆ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਉੱਤਰਾਖੰਡ ਦੀ ਧਰਤੀ ਹਮੇਸ਼ਾ ਹੀ ਸਦਭਾਵਨਾ ਅਤੇ ਸ਼ਾਂਤੀ ਦੀ ਪ੍ਰਤੀਕ ਰਹੀ ਹੈ, ਪਰ ਕੁਝ ਤੱਤ ਆਪਣੀ ਨਫ਼ਰਤ ਫੈਲਾਉਣ ਵਾਲੀ ਸਿਆਸਤ ਕਾਰਨ ਇਸ ਨੂੰ ਲੀਹੋਂ ਲਾਹੁਣਾ ਚਾਹੁੰਦੇ ਹਨ। ਪੰਜਾਬ ਅਤੇ ਉੱਤਰਾਖੰਡ ਦੇ ਲੋਕਾਂ ਦਾ ਆਪਸੀ ਰਿਸ਼ਤਾ ਬਹੁਤ ਮਜ਼ਬੂਤ ਹੈ, ਜਿਸ ਨੂੰ ਅਜਿਹੀਆਂ ਸ਼ਰਾਰਤਾਂ ਨਾਲ ਤੋੜਿਆ ਨਹੀਂ ਜਾ ਸਕਦਾ।

**ਗਲਤ ਵੀਡੀਓਜ਼ ਵਾਇਰਲ ਕਰਕੇ ਮਾਹੌਲ ਖਰਾਬ ਕਰਨ ਵਾਲੇ ਸ਼ਰਾਰਤੀ ਅਨਸਰਾਂ ਖਿਲਾਫ ਸਖਤ ਕਾਰਵਾਈ ਦੀ ਮੰਗ, ਉੱਤਰਾਖੰਡ ਸਰਕਾਰ ਅਤੇ ਪੁਲਿਸ ਨੂੰ ਕੀਤੀ ਅਪੀਲ**

ਉਨ੍ਹਾਂ ਸਮੂਹ ਲੋਕਾਈ ਨੂੰ ਅਪੀਲ ਕੀਤੀ ਕਿ ਅਜਿਹੀਆਂ ਨਫਰਤਾਂ ਫੈਲਾਉਣ ਵਾਲੀਆਂ ਹਰਕਤਾਂ ਤੋਂ ਸੁਚੇਤ ਰਹਿਣ ਅਤੇ ਆਪਸੀ ਸ਼ਾਂਤੀਪੂਰਨ ਮਾਹੌਲ ਨੂੰ ਕਿਸੇ ਵੀ ਕੀਮਤ ਤੇ ਖਰਾਬ ਨਾ ਹੋਣ ਦਿੱਤਾ ਜਾਵੇ। ਉਨ੍ਹਾਂ ਉੱਤਰਾਖੰਡ ਸਰਕਾਰ ਅਤੇ ਉੱਚ ਪੁਲਿਸ ਅਧਿਕਾਰੀਆਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਮਾਹੌਲ ਨੂੰ ਸ਼ਾਂਤਮਈ ਬਣਾਈ ਰੱਖਣ ਲਈ ਅਜਿਹੇ ਦੋਸ਼ੀਆਂ ਦੀ ਤੁਰੰਤ ਨਿਸ਼ਾਨਦੇਹੀ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ ਤਾਂ ਜ਼ੋ ਭਵਿੱਖ ਵਿਚ ਕੋਈ ਵੀ ਅਜਿਹੀ ਘਿਨਾਉਣੀ ਹਰਕਤ ਕਰਨ ਦੀ ਹਿੰਮਤ ਨਾ ਕਰ ਸਕੇ।

# ਸੀਨੀਅਰ ਸਿਟੀਜਨ ਕੌਂਸਲ ਦੀ ਮੀਟਿੰਗ ਵਿਚ ਬਜ਼ੁਰਗਾਂ ਬੰਨਿਆ ਰੰਗ

ਫ਼ਿਰੋਜ਼ਪੁਰ, 28 ਜੂਨ (ਮਨੋਹਰ ਲਾਲ) :— ਤੰਦਰੁਸਤ ਸਰੀਰ ਦੀ ਪ੍ਰਾਪਤੀ ਲਈ ਜਿਨ੍ਹੀ ਜ਼ਰੂਰੀ ਕਸਰਤ ਹੈ, ਉਨ੍ਹੀ ਜ਼ਰੂਰੀ ਦੌੜ। ਇਸੀ ਦੇ ਚਲਦਿਆਂ ਅੱਜ ਸੀਨੀਅਰ ਕਪਤਾਨ ਪੁਲਿਸ ਫ਼ਿਰੋਜ਼ਪੁਰ ਸ੍ਰੀ ਭੁਪਿੰਦਰ ਸਿੰਘ ਦੀ ਰਹਿਨੁਮਾਈ ਹੇਠ ਗੁਰਦੁਆਰਾ ਸ੍ਰੀ ਸਾਰਾਗੜ੍ਹੀ ਸਾਹਿਬ ਤੋਂ ਮੈਰਾਥਨ ਦੌੜ ਸ਼ੁਰੂ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਦੱਸਿਆ ਕਿ ਅੰਗਦਾਨ ਮੁਹਿੰਮ ਸਮੇਂ ਇਹ ਮੈਰਾਥਨ ਦੌੜ ਸ਼ੁਰੂ ਕੀਤੀ ਗਈ ਜਿਸ ਵਿਚ ਡਾਕਟਰ ਬਲਦੇਵ ਸਿੰਘ ਔਲਖ, ਡਾਕਟਰ ਕਮਲ ਬਾਗੀ, ਅਨੁਰਿਧ ਗੁਪਤਾ, ਜੈਨੇਸਿਸ ਡੈਂਟਲ ਹਸਪਤਾਲ, ਫ਼ਿਰੋਜ਼ਪੁਰ, ਡਾਕਟਰ ਨਿਖਲ ਗੁਪਤਾ, ਪੁਲਿਸ ਵਿਭਾਗ ਦੇ ਅਧਿਕਾਰੀ, ਮੁਲਾਜ਼ਮ ਵੱਖ—ਵੱਖ ਸਮਾਜ ਸੇਵੀ ਸੰਸਥਾਵਾਂ ਦੇ ਆਗੂ, ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਮੈਂਬਰ ਸਾਹਿਬਾਨ ਨੇ ਵੱਡੀ ਗਿਣਤੀ ਵਿੱਚ ਸਮੂਲੀਅਤ ਕੀਤੀ। ਇਸ ਮੌਕੇ ਡਾਕਟਰ ਬਲਦੇਵ ਸਿੰਘ ਔਲਖ ਅਤੇ ਸ਼੍ਰੀ ਭੁਪਿੰਦਰ ਸਿੰਘ ਜ਼ਿਲ੍ਹਾ ਪੁਲੀਸ ਮੁਖੀ ਨੇ ਮਨੁੱਖਤਾ ਦੀ ਭਲਾਈ ਲਈ ਅੰਗਦਾਨ ਦੇ ਬਾਰੇ ਵਿਸਥਾਰ ਸਹਿਤ ਚਾਨਣਾ ਪਾਇਆ। ਅੰਗਦਾਨ ਮੁਹਿੰਮ ਵਿਚ ਸ਼ਾਮਲ ਹਾਜ਼ਰੀਨ ਅਤੇ ਅਧਿਕਾਰੀ, ਮੁਲਾਜ਼ਮ, ਸਮਾਜ ਸੇਵੀ ਸੰਸਥਾਵਾਂ, ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਅਤੇ ਜੈਨੇਸਿਸ ਹਸਪਤਾਲ ਦੇ ਡਾਕਟਰਾਂ ਅਤੇ ਮੁਲਾਜਮਾਂ ਨੇ ਅੰਗਦਾਨ ਮੁਹਿੰਮ ਵਿੱਚ ਯੋਗਦਾਨ ਪਾਉਣ ਅਤੇ ਪਰਿਵਾਰ ਅਤੇ ਦੋਸਤਾਂ ਨੂੰ ਅੰਗਦਾਨ ਕਰਨ ਲਈ ਪ੍ਰੇਰਨ ਦੀ ਸਹੁੰ ਖਾਧੀ। ਇਸ ਸਮੇਂ ਸੀਨੀਅਰ ਸਿਟੀਜਨ ਫੋਰਮ ਦੇ ਪ੍ਰਧਾਨ ਪਰਦੀਪ ਧਵਨ ਦੀ ਅਗਵਾਈ ਹੇਠ ਦੇਸ਼ ਬੰਧੂ ਤੁਲੀ ਪੈਟਰਨ, ਅਵਤਾਰ ਸਿੰਘ ਭੋਲਾ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਹਰੀਸ਼ ਮੋਂਗਾ ਚੀਫ਼ ਅਡਵਾਈਜ਼ਰ, ਡਾਕਟਰ ਸੁਰਿੰਦਰ ਸਿੰਘ, ਯੋਗਿੰਦਰ ਨਾਥ ਯੋਗੀ, ਸ਼ਾਮ ਲਾਲ ਗੱਖੜ ਆਦਿ ਨੇ ਸ਼ਮੂਲੀਅਤ ਕੀਤੀ।




## ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਮਿਲੇ ਸੀ ਐਮ ਸੈਣੀ ਅਤੇ ਤਰੁਣ ਭੰਡਾਰੀ ਨੂੰ

ਚੌਕ ਮਹਿਤਾ,28 ਜੂਨ,,(ਬਾਬਾ ਸੁਖਵੰਤ ਸਿੰਘ ਚੰਨਣਕੇ) ਪਿੱਛਲੇ ਦਿਨੀ ਉਤਰਾਖੰਡ ਵਿੱਚ ਵਿਵਾਦ ਮਾਮਲੇ ਨੂੰ ਲੈ ਕੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਅਤੇ ਰਾਜ ਰਾਜਨੀਤਕ ਸਕੱਤਰ ਸ੍ਰੀ ਤਰੁਣ ਭੰਡਾਰੀ ਨੂੰ ਮਿਲੇ ਦਸਮੇਸ਼ ਤਰਨਾ ਦਲ ਦੇ ਮੁੱਖੀ ਜੱਥੇਦਾਰ ਬਾਬਾ ਮੇਜਰ ਸਿੰਘ ਸੋਢੀ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ, ਨਗਰ ਨਾਨਕਸਰ, ਜੰਡਿਆਲਾ ਗੁਰੂ ਅਤੇ ਹੋਰ ਸਤਿਕਾਰ ਯੋਗ ਜੱਥੇਬੰਦੀਆਂ ਨੇ ਗੁਰਦੁਆਰਾ ਪਾਉਂਟਾ ਸਾਹਿਬ ਵਿੱਖੇ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਅਤੇ ਰਾਜਨੀਤਕ ਸਕੱਤਰ ਸ੍ਰੀ ਤਰੁਣ ਭੰਡਾਰੀ ਨੇ ਮਸਲਾ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ। ਉਨ੍ਹਾਂ ਨੇ ਕਿਹਾ ਕਿ ਦੋਵਾਂ ਸੂਬਿਆਂ ਦੀ ਭਾਈਚਾਰਕ ਸਾਂਝ ਵਿਚ ਤਰੇੜ ਨਹੀ ਆਉਂਦਿਆ ਗੇ। ਜੱਥੇਬੰਦੀਆਂ ਨੇ ਹੋਰ ਵੀ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਬਹੁਤ ਸਾਰੀਆਂ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਤੇ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਅਤੇ ਸ੍ਰੀ ਤਰੁਣ ਭੰਡਾਰੀ ਨੇ ਜੱਥੇਬੰਦੀਆਂ ਨੂੰ ਸਤਿਕਾਰ ਕਰਦੇ ਹੋਏ। ਸਨਮਾਨਿਤ ਵੀ ਕੀਤਾ ਗਿਆ।





## ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਕਾਲੇਕੇ ਵਿੱਖੇ ਸੰਤ ਬਾਬਾ ਰਾਮ ਸਿੰਘ ਜੀ ਦੀ 12 ਵੀ ਬਰਸੀਂ 7 ਜੁਲਾਈ ਨੂੰ

ਚੌਕ ਮਹਿਤਾ,28 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਸ੍ਰੀ ਦਮਦਮਾ ਰੋੜੀ ਸਾਹਿਬ ਜੀ ਪਿੰਡ ਕਾਲੇਕੇ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਦਿਆਲ ਸਿੰਘ ਜੀ ਦੀ ਅਗਵਾਈ ਹੇਠ ਅਤੇ ਸਮੂਹ ਐਨ ਆਰ ਆਈ ਅਤੇ ਇਲਾਕ.ਾ ਨਿਵਾਸੀਆਂ ਦੇ ਸਹਿਯੋਗ ਨਾਲ ਸੱਚਖੰਡ ਵਾਸੀ ਸੰਤ ਬਾਬਾ ਰਾਮ ਸਿੰਘ ਜੀ ਦੀ 12 ਵੀ ਬਰਸੀਂ 7 ਜੁਲਾਈ 2026 ਦਿਨ ਮੰਗਲਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ। ਸੰਤ ਬਾਬਾ ਗੁਰਦਿਆਲ ਸਿੰਘ ਜੀ ਨੇ ਕਿਹਾ ਕਿ 5 ਜੁਲਾਈ 2026 ਦਿਨ ਐਤਵਾਰ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਪਵਿੱਤਰ ਪਾਵਨ ਗੁਰਬਾਣੀ ਦੇ ਜਾਪੁ ਆਰੰਭ ਕੀਤੇ ਜਾਣਗੇ, 7 ਜੁਲਾਈ 2026 ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਭੋਗ ਪਾਏ ਜਾਣਗੇ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਜਾਣਗੇ। ਜਿਸ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ, ਕੀਰਤਨੀਏ, ਕਵੀਸ਼ਰੀ ਜਥੇ ਢਾਡੀ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਤੇ ਸੰਤ, ਮਹਾਂਪੁਰਸ਼ , ਨਿਹੰਗ ਸਿੰਘ ਜਥੇਬੰਦੀਆਂ ਸਮਾਜ ਸੇਵੀ, ਰਾਜਨੀਤਕ ਪਾਰਟੀਆਂ ਹਾਜ਼ਰੀਆਂ ਭਰਨਗੀਆ। ਸੰਤ ਬਾਬਾ ਗੁਰਦਿਆਲ ਸਿੰਘ ਕਾਲੇਕੇ ਅਤੇ ਸਮੂਹ ਪ੍ਰਬੰਧਕਾਂ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਅਤੇ ਇਲਾਕੇ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਅਤੇ ਆਪਣੀ ਕਿਰਤ ਕਮਾਈ ਵਿੱਚੋਂ ਤਨ ਮਨ ਧੰਨ ਦੀ ਸੇਵਾ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।



## ਆੜ੍ਹਤੀਆ ਮੇਜਰ ਸਿੰਘ ਸਰਪੰਚ ਬੁਲਾਰਾ ਨਹੀਂ ਰਹੇ

**ਚੌਕ ਮਹਿਤਾ,28 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਆੜਤੀਆਂ ਮੇਜਰ ਸਿੰਘ ਸਰਪੰਚ ਬੁਲਾਰਾ ਨਹੀਂ ਰਹੇ। ਉਨ੍ਹਾਂ ਦਾ ਇੱਕ ਬੇਟਾ ਅਤੇ ਬੇਟੀ ਵਿਦੇਸ਼ਾਂ ਵਿਚ ਰਹਿੰਦੇ ਹਨ ਉਨ੍ਹਾਂ ਦੇ ਆਉਂਣ ਤੇ ਸ ਸਰਪੰਚ ਮੇਜ਼ਰ ਸਿੰਘ ਬੁਲਾਰਾ ਦਾ ਸੰਸਕਾਰ ਕੀਤਾ ਜਾਵੇਗਾ। ਪ੍ਰਵਾਰ ਦੇ ਨਾਲ ਦੁੱਖ ਸਾਂਝਾ ਕਰਨ ਲਈ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ ਸੰਤ ਬਾਬਾ ਸੱਜਣ ਸਿੰਘ ਜੀ, ਹਲਕਾ ਮਜੀਠਾ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ, ਸੰਤ ਬਾਬਾ ਭੁਪਿੰਦਰ ਗਿਰੀ ਡੇਅਰੀਵਾਲ, ਬਲਜੀਤ ਸਿੰਘ ਸਰਾਂ ਜਨਰਲ ਸਕੱਤਰ ਐਸੀ ਸੈਲ ਪੰਜਾਬ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਬਲਰਾਜ ਸਿੰਘ ਸਰਾਂ, ਸਰਪੰਚ ਮੇਜਰ ਸਿੰਘ ਠੇਕੇਦਾਰ ਬੁਲਾਰਾ, ਸਕੱਤਰ ਸਿੰਘ ਬੁਲਾਰਾ, ਸੁਖਦੀਪ ਸਿੰਘ ਕੰਗ, ਮਨਦੀਪ ਸਿੰਘ ਕੰਗ, ਮਨਜੀਤ ਸਿੰਘ ਸਰਾਂ, ਸਰਪੰਚ ਮੰਨਦੀਪ ਸਿੰਘ ਤੰਦੇਲ ਆਦਿ ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ 187ਵੀਂ ਬਰਸੀ 'ਤੇ ਵਿਸ਼ੇਸ਼

**ਕੱਲਾ ਸ਼ੇਰ ਨਹੀਂ ਚਿਖਾ ਵਿੱਚ ਸੜਿਆ,**
**ਸੜ ਗਈ ਨਾਲ ਤਕਦੀਰ ਪੰਜਾਬੀਆਂ ਦੀ...**

28 ਜੂਨ 1839 ਦੇ ਦਿਨ ਲਾਹੌਰ ਦੇ ਸ਼ਾਹੀ ਕਿਲ੍ਹੇ ਦੇ ਬਾਹਰਵਾਰ ਚੰਦਨ ਦੀ ਲੱਕੜੀ ਦੀ ਇੱਕ ਵੱਡੀ ਸਾਰੀ ਚਿਤਾ ਸਜਾਈ ਗਈ। ਇਸ ਚਿਤਾ ਉੱਪਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਦੇਹ ਨੂੰ ਲਿਟਾਇਆ ਗਿਆ। ਕਾਂਗੜੇ ਦੇ ਰਾਜਾ ਸੰਸਾਰ ਚੰਦ ਦੀ ਪੁੱਤਰੀ ਤੇ ਮਹਾਰਾਜਾ ਰਣਜੀਤ ਸਿੰਘ ਦੀ ਰਾਣੀ 'ਗੱਦਾਨ' ਚਿਤਾ ਵਿੱਚ ਬੈਠ ਗਈ ਅਤੇ ਉਸਨੇ ਮ੍ਰਿਤਕ ਰਣਜੀਤ ਸਿੰਘ ਦਾ ਸਿਰ ਆਪਣੀ ਗੋਦੀ ਵਿੱਚ ਰੱਖ ਲਿਆ। ਚਿਤਾ ਉੱਤੇ 3 ਹੋਰ ਰਾਣੀਆਂ ਅਤੇ 7 ਦਾਸੀਆਂ ਵੀ ਮ੍ਰਿਤਕ ਦੇਹ ਦੇ ਉਦਾਲੇ ਬੈਠ ਗਈਆਂ। ਕਰੀਬ 40 ਸਾਲ ਪਹਿਲਾਂ ਲਾਹੌਰ ਵਿੱਚ ਇੱਕ ਜੇਤੂ ਵਜੋਂ ਪ੍ਰਵੇਸ਼ ਕਰਨ ਵਾਲੇ ਮਹਾਨ ਜਰਨੈਲ ਮਹਾਰਾਜਾ ਰਣਜੀਤ ਸਿੰਘ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ। ਇਹ ਮਹਾਰਾਜਾ ਰਣਜੀਤ ਸਿੰਘ ਦੀ ਮੌਤ ਨਹੀਂ ਸੀ ਬਲਕਿ ਇੱਕ ਸੁਨਹਿਰੀ ਯੁੱਗ ਦਾ ਅੰਤ ਸੀ।

ਆਵਾਜ਼ਿ ਕੌਮ AWAZE QAUM
International Newspaper & WEB TV

ਇਤਿਹਾਸਕਾਰ ਖੁਸ਼ਵੰਤ ਸਿੰਘ ਆਪਣੀ ਪੁਸਤਕ ਦਾ ਹਿਸਟਰੀ ਵਿੱਚ ਸਿੱਖਸ ਵਿੱਚ ਲਿਖਦੇ ਹਨ ਕਿ ਉਸ ਦਿਨ ਬ੍ਰਾਹਮਣਾਂ ਨੇ ਸ਼ਾਸਤਰਾਂ ਅਨੁਸਾਰ ਪੂਜਾ-ਪਾਠ ਕੀਤਾ। ਸਿੱਖ ਉਪਦੇਸ਼ਕਾਂ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਠ ਕੀਤਾ ਅਤੇ ਅਰਦਾਸ ਕੀਤੀ। ਮੁਸਲਮਾਨਾਂ ਨੇ ਵੀ "ਯਾ ਅੱਲਾਹ" "ਯਾ ਅੱਲਾਹ" ਕਹਿ ਕੇ ਉਨ੍ਹਾਂ ਦਾ ਸਾਥ ਦਿੱਤਾ। ਪੂਜਾ-ਪਾਠ ਤੇ ਅਰਦਾਸਾਂ ਦਾ ਸਿਲਸਿਲਾ ਇੱਕ ਘੰਟੇ ਲਈ ਚੱਲਦਾ ਰਿਹਾ। ਭਾਈ ਗੁਰਮੁੱਖ ਸਿੰਘ ਨੇ ਕੰਵਰ ਖੜਕ ਸਿੰਘ ਨੂੰ ਬੇਨਤੀ ਕੀਤੀ ਕਿ ਰਾਣੀਆਂ ਨੂੰ ਸਤੀ ਹੋਣ ਤੋਂ ਰੋਕਿਆ ਜਾਵੇ। ਕੰਵਰ ਖੜਕ ਸਿੰਘ ਨੇ ਰਾਣੀਆਂ ਦੇ ਪੈਰੀਂ ਪੈ ਕੇ ਸਤੀ ਹੋਣ ਤੋਂ ਰੋਕਣ ਦੀ ਬੇਨਤੀ ਕੀਤੀ ਪਰ ਉਨ੍ਹਾਂ ਨੇ ਸਿਰ 'ਤੇ ਸਿਵਾਏ ਹੱਥ ਰੱਖ ਕੇ ਅਸੀਸ ਦੇਣ ਤੋਂ ਹੋਰ ਕੁਝ ਨਾ ਕਿਹਾ।


ਡਾ. ਹੋਨੀਬਰਗਰ ਅੱਗੋਂ ਦੱਸਦਾ ਹੈ ਕਿ 10:00 ਵਜੇ ਸਵੇਰੇ ਬ੍ਰਾਹਮਣਾਂ ਵੱਲੋਂ ਨਿਸ਼ਚਿਤ ਸਮੇਂ ਅਨੁਸਾਰ ਕੰਵਰ ਖੜਕ ਸਿੰਘ ਨੇ ਚਿਤਾ ਨੂੰ ਅਗਨੀ ਵਿਖਾਈ ਅਤੇ ਪੰਜਾਬ ਦਾ ਹਾਕਮ 4 ਰਾਣੀਆਂ ਅਤੇ 7 ਗੋਲੀਆਂ ਨਾਲ ਖ਼ਾਕ ਦੀ ਢੇਰੀ ਬਣ ਗਿਆ। ਬਲਦੀ ਚਿਤਾ ਉੱਪਰ ਅਕਾਸ਼ ਵਿੱਚ ਇੱਕ ਬੱਦਲੀ ਆਈ, ਕੁਝ ਕਣੀਆਂ ਵਰ੍ਹੀਆਂ ਤੇ ਮੌਸਮ ਸਾਫ਼ ਹੋ ਗਿਆ। ਹੁਣ ਬਿਨਾਂ ਭਾਣਾ ਮੰਨਣ ਦੇ ਹੋਰ ਕੋਈ ਚਾਰਾ ਨਹੀਂ ਸੀ। ਰੋਣ, ਪਿੱਟਣ ਤੇ ਵਿਰਲਾਪ ਮਹਿਲਾਂ ਵਿੱਚ ਸਾਰੇ ਪਾਸੇ ਪਸਰ ਗਿਆ। ਵੱਖ-ਵੱਖ ਧਰਮਾਂ ਦੇ ਲੋਕਾਂ ਵਿੱਚ ਵੀ ਵਿਰਲਾਪ ਤੇ ਕੁਰਲਾਟ ਮੱਚੀ ਹੋਈ ਸੀ। ਚੌਥੇ 'ਤੇ 30 ਜੂਨ ਨੂੰ ਫੁੱਲ ਚੁਗੇ ਗਏ। ਕੁਝ ਫੁੱਲ ਕੀਰਤਪੁਰ ਸਾਹਿਬ ਵਿਖੇ ਪਾਏ ਗਏ ਸਨ ਅਤੇ ਕੁਝ ਫੁੱਲ ਹਰਦੁਿਆਰ ਵਿਖੇ ਗੰਗਾ ਨਦੀ ਵਿੱਚ ਪਾਏ ਗਏ।

ਪੰਜਾਬ ਦੇ ਇਤਿਹਾਸ ਵਿੱਚ ਇੱਕ ਮਹਾਨ ਪੁਰਸ਼ ਦਾ ਅੰਤ ਹੋ ਚੁੱਕਾ ਸੀ। ਇਤਿਹਾਸਕਾਰ ਲਿਖਦੇ ਹਨ ਕਿ ਪੰਜਾਬ ਦੇ ਇਤਿਹਾਸ ਵਿਚ ਰਣਜੀਤ ਸਿੰਘ ਵਾਂਗ ਕਿਸੇ ਵਿਅਕਤੀ ਨੇ ਲੋਕਾਂ ਦੀ ਭਾਵਨਾਵਾਂ ਨੂੰ ਨਹੀਂ ਉਭਾਰਿਆ। ਉਹਦੀ ਦਿੱਖ ਵਿੱਚ ਉਸ ਨੂੰ ਲੋਕ-ਪ੍ਰਿਆ ਬਣਾਉਣ ਵਾਲੀ ਕੋਈ ਗੱਲ ਨਹੀਂ ਸੀ। ਉਸਦਾ ਕੱਦ ਦਰਮਿਆਨਾ ਸੀ ਤੇ ਰੰਗ ਸਾਂਵਲਾ ਸੀ, ਉਹਦੀ ਲੰਬੀ ਸਫ਼ੈਦ ਦਾਹੜੀ ਸੀ ਅਤੇ ਚਿਹਰੇ ਉੱਪਰ ਮਾਤਾ ਦੇ ਦਾਗ. ਸਨ। ਉਹਦੀ ਅੰਨ੍ਹੀ ਅੱਖ ਖੁੱਲ੍ਹੇ ਜ਼ਖ਼ਮ ਵਾਂਗ ਸੀ। ਐਮਿਲੀ ਈਡਨ ਜਿਸ ਨੇ ਰਣਜੀਤ ਸਿੰਘ ਨਾਲ ਮੁਲਾਕਾਤ ਕੀਤੀ ਹੋਈ ਸੀ ਉਹ ਲਿਖਦੀ ਹੈ ਕਿ ਬਾਵਜੂਦ ਉਹਦੀ ਪ੍ਰਭਾਵ ਰਹਿਤ ਸ਼ਕਲ ਸੂਰਤ ਦੇ ਉਸਦਾ ਚਿਹਰਾ ਸਜੀਵ ਤੇ ਪ੍ਰੇਰਨਾਦਾਇਕ ਤੇ ਹਸੂੰ-ਹਸੂੰ ਕਰਦਾ ਸੀ। ਜਿਹੜੇ ਵੀ ਲੋਕ ਉਸ ਨੂੰ ਮਿਲਦੇ, ਉਸ ਦੇ ਹੀ ਹੋ ਕੇ ਰਹਿ ਜਾਂਦੇ ਸਨ।

ਫ਼ਕੀਰ ਅਜੀਜ਼-ਉਦ-ਦੀਨ ਜੋ 1831 ਵਿੱਚ ਸ਼ਿਮਲੇ ਇੱਕ ਪ੍ਰਤੀਨਿਧ ਮੰਡਲ ਦਾ ਨੇਤਾ ਬਣ ਕੇ ਲਾਰਡ ਵਿਲੀਅਮ ਬੈਂਟਿਕ ਕੋਲ ਮੁਲਾਕਾਤ ਲਈ ਗਿਆ ਤਾਂ ਗਵਰਨਰ ਜਨਰਲ ਦੇ ਇੱਕ ਅਧਿਕਾਰੀ ਨੇ ਉਸ ਨੂੰ ਪੁੱਛਿਆ ਕਿ ਮਹਾਰਾਜੇ ਦੀ ਕਿਹੜੀ ਅੱਖ ਕਾਣੀ ਹੈ ਤਾਂ ਫ਼ਕੀਰ ਨੇ ਉੱਤਰ ਦਿੱਤਾ ਕਿ ਮਹਾਰਾਜੇ ਦੇ ਚਿਹਰੇ ਦਾ ਪ੍ਰਤਾਪ ਹੀ ਏਨਾ ਹੈ ਕਿ ਮੈਂ ਕਦੇ ਇਹ ਵੇਖਣ ਲਈ ਨਜ਼ਦੀਕ ਹੀ ਨਹੀਂ ਜਾ ਸਕਿਆ।

ਬਾਵਜੂਦ ਛੋਟੇ ਕੱਦ ਤੇ ਪਤਲੇ ਸਰੀਰ ਦੇ ਰਣਜੀਤ ਸਿੰਘ ਇਤਨਾ ਮਜ਼ਬੂਤ ਤੇ ਲਚਕੀਲਾ ਸੀ ਜਿਵੇਂ ਉਹ ਛਾਂਟੇ ਵਾਲੀ ਰੱਸੀ ਦਾ ਬਣਿਆ ਹੋਵੇ। ਉਹ ਇੱਕ ਸਰਵੋਤਮ ਘੋੜ ਸਵਾਰ ਸੀ। ਘੋੜ ਸਵਾਰੀ ਉਹਦੀ ਜ਼ਿੰਦਗੀ ਦਾ ਸਭ ਤੋਂ ਵੱਡਾ ਆਵੇਗ ਸੀ, ਇਸ ਲਈ ਘੋੜੇ ਦੀ ਸਵਾਰੀ ਕਰਦਾ-ਕਰਦਾ ਦਸ-ਦਸ ਘੰਟੇ ਕਾਠੀ 'ਤੇ ਹੀ ਰਹਿੰਦਾ। ਰਣਜੀਤ ਸਿੰਘ ਭਾਵੇਂ ਆਪ ਬਦਸੂਰਤ ਸੀ ਪਰ ਉਹ ਸੁੰਦਰ ਚੀਜ਼ਾਂ ਦਾ ਪ੍ਰੇਮੀ ਸੀ। ਉਸਦੇ ਦੁਆਲੇ ਸੁੰਦਰ ਆਦਮੀਆਂ ਤੇ ਇਸਤਰੀਆਂ ਦਾ ਝੁਰਮਟ ਰਹਿੰਦਾ ਸੀ। ਉਹਦੇ ਕੱਪੜੇ ਅਤਿਅੰਤ ਸਾਦੇ ਹੁੰਦੇ ਸਨ। ਸਿਆਲ ਵਿੱਚ ਉਹ ਕੇਸਰੀ ਕਸ਼ਮੀਰੀ ਉੱਨ ਦੇ ਕੱਪੜੇ ਪਾਉਂਦਾ ਤੇ ਗਰਮੀ ਦੀ ਰੁੱਤ ਵਿੱਚ ਮਲਮਲ ਦੇ ਕੱਪੜੇ ਪਹਿਨਦਾ, ਪਰ ਉਹ ਆਪਣੇ ਦਰਬਾਰੀਆਂ ਤੇ ਮੁਲਾਕਾਤੀਆਂ ਤੋਂ ਆਸ ਕਰਦਾ ਸੀ ਕਿ ਉਹ ਸ਼ਾਨੋ-ਸ਼ੌਕਤ ਨਾਲ ਸ਼ਾਹੀ ਲਿਬਾਸ ਤੇ ਗਹਿਣਿਆਂ ਨਾਲ ਸਜੇ ਹੋਣ। ਉਸ ਦੇ ਕੋਲ ਕਸ਼ਮੀਰੀ ਲੜਕੀਆਂ ਦੀ ਟੋਲੀ ਹੁੰਦੀ ਸੀ ਜੋ ਸੈਨਿਕਾਂ ਦੇ ਵਸਤਰਾਂ ਵਿੱਚ ਉਹਦੇ ਨਾਲ ਹੀ ਰਸਮੀ ਮੌਕਿਆਂ 'ਤੇ ਉਹਦੇ ਨਾਲ ਘੋੜਿਆਂ 'ਤੇ ਸਵਾਰ ਹੋ ਕੇ ਜਾਂਦੀ।

ਮਹਾਰਾਜਾ ਰਣਜੀਤ ਸਿੰਘ ਦੀ ਸੁੰਦਰਤਾ ਪ੍ਰਤੀ ਪ੍ਰਸ਼ੰਸਾ ਮਨੁੱਖਾਂ ਤੱਕ ਹੀ ਸੀਮਤ ਨਹੀਂ ਸੀ, ਉਹ ਖੁੱਲ੍ਹੇ ਖੇਤਾਂ ਨੂੰ ਪਿਆਰ ਕਰਦਾ ਸੀ ਤੇ ਸਵੇਰ ਵੇਲੇ ਉਹ ਘੋੜੇ ਦੀ ਅਸਵਾਰੀ ਕਰਕੇ ਦਰਿਆ ਜਾਂ ਕਿਸੇ ਬਾਗ ਵੱਲ ਨਿਕਲ ਜਾਂਦਾ। ਜਦੋਂ ਕਦੇ ਕਾਲੇ ਬੱਦਲ ਆਕਾਸ਼ 'ਤੇ ਛਾ ਜਾਣੇ ਜਾਂ ਵਰਖਾ ਸ਼ੁਰੂ ਹੋ ਜਾਣੀ ਤਾਂ ਉਸਨੇ ਸਭ ਕੰਮ ਬੰਦ ਕਰ ਦੇਣੇ ਅਤੇ ਜਸ਼ਨ ਮਨਾਉਣ ਲੱਗ ਜਾਂਦਾ। ਏਕਮ ਦਾ ਚੰਦ ਦੇਖ ਕੇ ਉਹ ਖ਼ੁਸ਼ੀ ਵਿੱਚ ਨੱਚਣ ਲੱਗਦਾ ਤੇ ਉਸਦੇ ਚੜ੍ਹਨ 'ਤੇ ਉਹ ਤੋਪ ਦੀ ਸਲਾਮੀ ਦੇਣ ਦਾ ਹੁਕਮ ਦੇ ਦਿੰਦਾ। ਮੁਗ.ਲਾਂ ਦਾ ਬਾਗ ਸ਼ਾਲਾਮਾਰ (ਜਿਸ ਦਾ ਨਾਮ ਉਸ ਨੇ ਨਵੇਂ ਸਿਰਿਓਂ ਸ਼ਾਲਾਬਾਗ (ਪ੍ਰੇਮੀਆਂ ਦਾ ਬਾਗ) ਰੱਖਿਆ ਸੀ) ਉਸਦਾ ਮਨਪਸੰਦ ਟਿਕਾਣਾ ਸੀ, ਜਿੱਥੇ ਉਹ ਚੱਲਦੇ ਫੁਹਾਰਿਆਂ ਵਿੱਚ ਆਰਾਮ ਕਰਦਾ ਅਤੇ ਆਪਣੇ ਮਨਪਸੰਦ ਬੰਸਰੀ ਵਾਦਕ ਅਤਰ ਖਾਂ ਨੂੰ ਸੁਣਦਾ ਜਾਂ ਨਾਚ ਦੇਖਦਾ।



ਇਸ ਤੋਂ ਇਲਾਵਾ ਮਹਾਰਾਜਾ ਰਣਜੀਤ ਸਿੰਘ ਵਿਦਵਾਨਾਂ ਦਾ ਕਦਰਦਾਨ ਸੀ। ਭਾਵੇਂ ਉਹ ਬਾਦਸ਼ਾਹ ਬਣ ਗਿਆ ਸੀ ਪਰ ਫਿਰ ਵੀ ਉਸਦਾ ਆਮ ਲੋਕਾਂ ਨਾਲੋਂ ਸੰਪਰਕ ਨਹੀਂ ਟੁੱਟਿਆ ਸੀ ਤੇ ਨਾ ਹੀ ਉਹਦੀ ਕਿਸਾਨਾਂ ਨਾਲ ਹਮਦਰਦੀ ਘਟੀ ਸੀ, ਜਿਨ੍ਹਾਂ ਵਿਚੋਂ ਉਹ ਪੈਦਾ ਹੋਇਆ ਸੀ। ਉਹ ਸਜ਼ਾ ਦੇਣ ਤੋਂ ਨ.ਫਰਤ ਕਰਦਾ ਸੀ ਅਤੇ ਉਸਨੇ ਸਾਰੀ ਉਮਰ ਵਿੱਚ ਇੱਕ ਵੀ ਵਿਅਕਤੀ ਨੂੰ ਮੌਤ ਦੀ ਸਜ਼ਾ ਨਹੀਂ ਦਿੱਤੀ ਸੀ।

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਸਾਰੇ ਧਰਮਾਂ ਦਾ ਬਰਾਬਰ ਸਤਿਕਾਰ ਕਰਨ ਵਾਲਾ ਸੀ। ਉਹ ਕਹਿੰਦਾ ਹੁੰਦਾ ਸੀ ਕਿ "ਪ੍ਰਮਾਤਮਾ ਦੀ ਰਜ਼ਾ ਸੀ ਕਿ ਮੈਂ ਸਭ ਨੂੰ ਇੱਕ ਅੱਖ ਨਾਲ ਵੇਖਾਂ, ਇਹੋ ਕਾਰਨ ਹੈ ਕਿ ਉਸਨੇ ਮੇਰੀ ਦੂਸਰੀ ਅੱਖ ਦੀ ਰੌਸ਼ਨੀ ਖੋਹ ਲਈ"। ਉਸਦਾ ਪ੍ਰਧਾਨ ਮੰਤਰੀ ਧਿਆਨ ਸਿੰਘ ਡੋਗਰਾ ਹਿੰਦੂ ਸੀ ਅਤੇ ਵਿਦੇਸ਼ ਮੰਤਰੀ ਫ਼ਕੀਰ-ਉੱਦ-ਦੀਨ ਇੱਕ ਮੁਸਲਮਾਨ ਸੀ। ਉਸਦਾ ਵਿੱਤ ਮੰਤਰੀ ਦੀਨਾ ਨਾਥ ਇੱਕ ਬ੍ਰਾਹਮਣ ਸੀ। ਉਸਦੇ ਕਈ ਜਰਨੈਲ ਪੱਛਮੀ ਦੇਸ਼ਾਂ ਦੇ ਈਸਾਈ ਧਰਮ ਨਾਲ ਸਬੰਧਿਤ ਸਨ। ਉਸਨੇ ਗੁਰਦੁਆਰਿਆਂ ਦੇ ਨਾਲ ਮੰਦਰਾਂ ਤੇ ਮਸੀਤਾਂ ਉੱਪਰ ਕਾਫ਼ੀ ਧਨ ਖ਼ਰਚਿਆ।

ਮਹਾਰਾਜਾ ਰਣਜੀਤ ਸਿੰਘ ਨੇ ਇੱਕ ਵਾਰ ਮੇਜਰ ਲਾਰੰਸ ਨੂੰ ਇੱਕ ਖ਼ਤ ਲਿਖਿਆ ਸੀ ਜਿਸ ਵਿੱਚ ਉਸਨੇ ਆਪਣੇ ਬਾਰੇ ਅਤੇ ਆਪਣੀ ਬਾਦਸ਼ਾਹੀ ਬਾਰੇ ਬਹੁਤ ਖ਼ੂਬਸੂਰਤ ਵਰਣਨ ਕੀਤਾ ਹੈ। ਮਹਾਰਾਜਾ ਰਣਜੀਤ ਸਿੰਘ ਲਿਖਦੇ ਹਨ ਕਿ "ਮੇਰੀ ਬਾਦਸ਼ਾਹੀ ਇੱਕ ਮਹਾਨ ਬਾਦਸ਼ਾਹੀ ਹੈ, ਪਹਿਲਾਂ ਇਹ ਨਿੱਕੀ ਜਿਹੀ ਸੀ, ਹੁਣ ਇਹ ਵੱਡੀ ਤੇ ਵਿਸ਼ਾਲ ਹੈ, ਪਹਿਲਾਂ ਇਹ ਛਿੰਨ-ਭਿੰਨ, ਟੁੱਟੀ-ਭੱਜੀ ਤੇ ਵੰਡੀ ਵਿਹਾਜੀ ਹੋਈ ਸੀ, ਹੁਣ ਇਹ ਬਿਲਕੁਲ ਸੰਗਠਿਤ ਹੈ। ਇਸ ਨੂੰ ਹੋਰ ਉੱਨਤ ਤੇ ਪ੍ਰਫੁੱਲਿਤ ਹੋਣਾ ਚਾਹੀਦਾ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵਿਰਸੇ ਵਿੱਚ ਇਸੇ ਤਰ੍ਹਾਂ ਸੰਪੂਰਨ ਤੇ ਸੰਗਠਿਤ ਰੂਪ ਵਿੱਚ ਮਿਲਣੀ ਚਾਹੀਦੀ ਹੈ। ਤੈਮੂਰ ਦੇ ਸਿਧਾਂਤਾਂ ਤੇ ਨੇਮਾਂ ਨੇ ਮੇਰੀ ਅਗਵਾਈ ਕੀਤੀ ਹੈ, ਜਿਵੇਂ ਉਹ ਐਲਾਨ ਕਰਦਾ ਸੀ ਤੇ ਹੁਕਮ ਦਿੰਦਾ ਸੀ, ਮੈਂ ਵੀ ਓਵੇਂ ਹੀ ਕੀਤਾ ਹੈ। ਮੈਂ ਇਹ ਰਾਜ-ਭਾਗ ਵਾਹਿਗੁਰੂ ਦੀ ਮਿਹਰ ਤੇ ਉਸਦੇ ਬਖ਼ਸ਼ੇ ਹੋਏ ਬਲ ਤੇ ਬੁੱਧੀ ਰਾਹੀਂ ਫ਼ਤਿਹ ਕੀਤਾ ਹੈ। ਮੈਂ ਆਪਣੀ ਹਕੂਮਤ ਨੂੰ ਉਦਾਰਤਾ, ਜ਼ਬਤ ਤੇ ਨੀਤੀ ਨਾਲ ਬਕਾਇਦਾ ਤੇ ਸੰਗਠਿਤ ਬਣਾਇਆ ਹੈ। ਮੈਂ ਦਲੇਰ ਲੋਕਾਂ ਨੂੰ ਇਨਾਮ ਦਿੱਤੇ ਹਨ, ਯੋਗਤਾ ਨੂੰ ਜਿੱਥੇ ਤੇ ਜਦੋਂ ਵੀ ਉਹ ਨਜ਼ਰ ਆਈ ਹੈ, ਉਤਸ਼ਾਹਿਤ ਕੀਤਾ ਹੈ ਅਤੇ ਰਣਭੂਮੀ ਵਿੱਚ ਸੂਰਬੀਰਾਂ ਨੂੰ ਵਡਿਆਇਆ ਹੈ। ਮੈਂ ਸਭ ਖ਼ਤਰਿਆਂ ਤੇ ਥਕੇਵਿਆਂ ਵਿੱਚ ਆਪਣੀ ਫ਼ੌਜ ਦੇ ਅੰਗ-ਸੰਗ ਰਿਹਾ ਹਾਂ। ਮੈਂ ਪੱਖਪਾਤੀ ਰੁਚੀ ਨੂੰ ਨਾ ਮੰਤਰੀ ਮੰਡਲ ਵਿੱਚ ਤੇ ਨਾ ਹੀ ਕਦੇ ਰਣਭੂਮੀ ਵਿੱਚ ਆਪਣੇ ਹਿਰਦੇ ਅੰਦਰ ਦਾਖਲ ਹੋਣ ਦਿੱਤਾ ਹੈ। ਮੈਂ ਆਪਣੀ ਸੁੱਖ-ਸੁਵਿਧਾ ਵੱਲੋਂ ਸਦਾ ਬੇਧਿਆਨਾ ਰਿਹਾ ਹਾਂ ਤੇ ਸ਼ਿਹਨਸ਼ਾਹੀ ਖ਼ਿਲਅਤ ਪਹਿਨਣ ਦੇ ਨਾਲ-ਨਾਲ ਮੈਂ ਲੋਕਾਂ ਲਈ ਚਿੰਤਾ ਤੇ ਖ਼ਬਰਦਾਰੀ ਦਾ ਵੇਸ ਹੁਸ਼ਿਆਰੀ ਨਾਲ ਪਹਿਨਿਆ ਹੈ। ਮੈਂ ਫ਼ਕੀਰਾਂ ਤੇ ਧਰਮੀ ਪੁਰਸ਼ਾਂ ਦੀ ਸੇਵਾ ਕਰਦਾ ਰਿਹਾ ਹਾਂ ਅਤੇ ਉਨ੍ਹਾਂ ਦੀਆਂ ਅਸੀਸਾਂ ਪ੍ਰਾਪਤ ਕਰਦਾ ਰਿਹਾ ਹਾਂ। ਮੈਂ ਦੋਸ਼ੀਆਂ ਨੂੰ ਵੀ ਨਿਰਦੋਸ਼ਾਂ ਵਾਂਗ ਹੀ ਬਖ਼ਸ਼ ਦਿੰਦਾ ਰਿਹਾ ਹਾਂ ਅਤੇ ਜਿਹੜੇ ਬੰਦਿਆਂ ਨੇ ਮੇਰੀ ਜ਼ਾਤ ਵਿਰੁੱਧ ਵੀ ਹੱਥ ਉਠਾਇਆ ਹੈ, ਉਨ੍ਹਾਂ ਉੱਪਰ ਵੀ ਮੈਂ ਦਇਆ ਕੀਤੀ ਹੈ। ਸ੍ਰੀ ਅਕਾਲ ਪੁਰਖ ਜੀ ਆਪਣੇ ਸੇਵਕ ਉੱਤੇ ਇਸੇ ਲਈ ਦਿਆਲੂ ਰਹੇ ਹਨ ਤੇ ਉਹਦੀ ਰਾਜ ਸ਼ਕਤੀ ਵਿੱਚ ਵਾਧਾ ਕਰਦੇ ਰਹੇ ਹਨ। ਇੱਥੋਂ ਤੱਕ ਕਿ ਉਸ ਦੇ ਰਾਜ ਦਾ ਵਿਸਤਾਰ ਹੁਣ ਚੀਨ ਤੇ ਅ.ਫਗ.ਾਨਿਸਤਾਨ ਦੀਆਂ ਸਰਹੱਦਾਂ ਤੱਕ ਹੋ ਗਿਆ ਹੈ ਤੇ ਇਸ ਵਿੱਚ ਸਤਲੁਜੋਂ ਪਾਰ ਦੀਆਂ ਉਪਜਾਊ ਬਸਤੀਆਂ ਵੀ ਸ਼ਾਮਿਲ ਹਨ"।

ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਅਕਾਲ ਚਲਾਣਾ ਪੰਜਾਬ ਲਈ ਕਦੀ ਨਾ ਪੂਰਾ ਹੋਣ ਵਾਲਾ ਘਾਟਾ ਸੀ। ਉਸ ਦਿਨ ਲਾਹੌਰ ਦਰਬਾਰ ਦੀ ਹਰ ਅੱਖ ਰੋਈ ਸੀ। ਰਣਜੀਤ ਸਿੰਘ ਨੇ ਪੰਜ ਦਰਿਆਵਾਂ ਦੀ ਧਰਤੀ ਉੱਪਰ ਆਪਣੀ ਅਜਿਹੀ ਛਾਪ ਛੱਡੀ ਜੋ ਕਦੇ ਮਿਟ ਨਹੀਂ ਸਕੇਗੀ। ਮਹਾਰਾਜਾ ਰਣਜੀਤ ਸਿੰਘ ਬਾਰੇ ਉਸਦੇ ਸਮਕਾਲੀ ਵਿਦੇਸ਼ੀ ਲੇਖਕ ਉਹਦੀ ਸ਼ਖ਼ਸੀਅਤ ਤੇ ਗੁਣਾ ਬਾਰੇ ਖੁੱਲ ਕੇ ਲਿਖਦੇ ਹਨ।

ਸਰਕਾਰ ਅੰਗਰੇਜ਼ੀ ਦੇ ਗਵਰਨਰ ਜਨਰਲ ਆਫ਼ ਇੰਡੀਆ ਦੇ ਮਿਲਟਰੀ ਸਕੱਤਰ ਡਬਲਿਊ.ਜੀ. ਓਸਬੋਰਨ ਨੇ ਆਪਣੇ ਵੱਡੇ ਅਫ਼ਸਰਾਂ ਨੂੰ ਮਹਾਰਾਜਾ ਰਣਜੀਤ ਸਿੰਘ ਦੀ ਮੌਤ ਸਬੰਧੀ ਚਿੱਠੀ 'ਚ ਲਿਖਿਆ ਸੀ, "ਮਹਾਰਾਜਾ ਇੱਕ ਬੁੱਢੇ ਸ਼ੇਰ ਦੀ ਤਰਾਂ ਹੀ ਮਰਿਆ ਹੈ ਜਿਵੇਂ ਕਿ ਉਹ ਸਾਰੀ ਉਮਰ ਜੀਵਿਆ ਸੀ। ਉਸਦੇ ਸਾਰੇ ਮੰਤਰੀ, ਫ਼ੌਜੀ ਜਰਨੈਲ ਤੇ ਹੋਰ ਅਫ਼ਸਰ ਉਸਦੇ ਆਖ਼ਰੀ ਸਾਹ ਤੱਕ ਉਸਦਾ ਹੁਕਮ ਮੰਨਦੇ ਰਹੇ, ਜੋ ਕਿ ਇਸ ਖ਼ਿੱਤੇ ਦੇ ਰਾਜਿਆਂ ਦੇ ਆਖ਼ਰੀ ਸਮੇਂ ਵੱਲ ਦੇਖੀਏ ਤਾਂ ਬਹੁਤ ਹੀ ਹੈਰਾਨੀ ਭਰਿਆ ਹੈ।"

ਸ਼ੇਰੇ ਪੰਜਾਬ ਰਣਜੀਤ ਸਿੰਘ ਦੀ ਸ਼ਖ਼ਸੀਅਤ ਬਾਰੇ ਕੁਝ ਹੋਰ ਲੇਖਕਾਂ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਹਨ। ਟੀ.ਐਚ. ਬੌਰਟਨ ਮਹਾਰਾਜਾ ਰਣਜੀਤ ਸਿੰਘ ਦੀ ਤੁਲਨਾ ਮੁਹੰਮਦ ਅਲੀ ਅਤੇ ਨਪੋਲੀਅਨ ਨਾਲ ਕਰਦਾ ਹੈ । ਮਿਸਟਰ ਜੈਕਮੌਂਟ ਨੇ ਤਾਂ ਉਸਨੂੰ ਨਿੱਕੇ ਪੱਧਰ ਤੇ ਬੋਨਾਪਾਰਟ ਆਖਿਆ ਹੈ। ਉਸ ਵਿਚ ਕੁਝ ਗੱਲਾਂ ਇਹੋ ਜਿਹੀਆਂ ਹਨ ਜਿਹੜੀਆਂ ਇਨ੍ਹਾਂ ਦੋਹਾਂ ਨੇਤਾਵਾਂ ਨਾਲ ਮੇਲ ਖਾਂਦੀਆਂ ਹਨ, ਪਰ ਉਸ ਦੇ ਸੁਭਾਅ ਅਤੇ ਆਚਰਨ ਨੂੰ ਵੇਖਿਆ ਪਤਾ ਲਗਦਾ ਹੈ ਕਿ ਉਹ ਸ਼ਾਇਦ ਇਨ੍ਹਾਂ ਦੋਹਾਂ ਤੋਂ ਉੱਤੇ ਸੀ ਅਤੇ ਇਨ੍ਹਾਂ ਦੋਹਾਂ ਤੋਂ ਵੱਧ ਪ੍ਰਭਾਵਸ਼ਾਲੀ ਸੀ।"

ਜਾਨ ਮਾਰਸ਼ਮੈਨ ਲਿਖਦਾ ਹੈ ਕਿ ਮਹਾਰਾਜਾ ਰਣਜੀਤ ਸਿੰਘ ਇਕ ਅਸਾਧਾਰਣ ਸ਼ਖ਼ਸੀਅਤ ਦਾ ਮਾਲਕ ਹੋਣ ਕਰਕੇ, ਉਹ ਆਪਣੇ ਸਮੇਂ ਵਿਚ ਕੁਸਤੁਨਤੁਨੀਆਂ ਤੋਂ ਲੈ ਕਿ ਪੀਕਿੰਗ ਤਕ ਬੇਮਿਸਾਲ ਯੋਗਤਾ ਦੇ ਕਾਰਨ ਪ੍ਰਸਿੱਧ ਸੀ। ਐਮਲੀ ਈਡਨ ਲਿਖਦੀ ਹੈ ਕਿ ਉਹ ਆਪਣੇ ਰਾਜ ਸਿੰਘਾਸਣ ਤੇ ਬੈਠੇ ਹੋਏ ਬਹੁਤੇ ਰੋਹਬਦਾਰ ਨਹੀਂ ਸਨ ਜਾਪਦੇ, ਜਿੰਨੇ ਘੋੜੇ ਦੀ ਪਿੱਠ ਤੇ ਬੈਠੇ ਹੋਏ ਰੌਬੀਲੇ ਜਵਾਨ ਲਗਦੇ ਸਨ ।

ਮੈਕਗ੍ਰੈਗਰ ਲਿਖਦਾ ਹੈ ਕਿ "ਮਹਾਰਾਜੇ ਦੀ ਇੱਕੋ ਅੱਖ ਹੈ, ਜਿਹੜੀ ਕਾਫ਼ੀ ਵਿਸ਼ਾਲ ਹੈ। ਲਗਦਾ ਹੈ ਉਸ ਵਿਚ ਮਸ਼ਾਲਾਂ ਦੀ ਜੋਤ ਭੜਕ ਰਹੀ ਹੈ। ਉਸ ਵਿਚ ਚਮਕ ਵੀ ਹੈ ਤੇ ਅੱਗ ਵੀ। ਜਦੋਂ ਉਹ ਖ਼ੁਸ਼ ਹੁੰਦੇ ਹਨ ਤਾਂ ਉਨ੍ਹਾਂ ਦੀ ਅੱਖ ਮਿਸ਼ਾਲ ਵਾਂਗ ਚਮਕਦੀ ਹੈ, ਜਦੋਂ ਉਹ ਕਿਸੇ ਗੱਲੋਂ ਗ਼ੁੱਸੇ ਹੋ ਜਾਂਦੇ ਹਨ ਤਾਂ ਉਨ੍ਹਾਂ ਦੀ ਇੱਕੋ ਅੱਖ ਸ਼ੋਹਲਾ ਬਣ ਜਾਂਦੀ ਹੈ। ਮਹਾਰਾਜਾ ਗ਼ੁੱਸੇ ਹਨ ਜਾਂ ਖ਼ੁਸ਼ ਇਹ ਉਨ੍ਹਾਂ ਦੀ ਅੱਖ ਹੀ ਦਰਸਾ ਦਿੰਦੀ ਹੈ। ਉਨ੍ਹਾਂ ਦਾ ਗੱਲ ਕਰਨ ਦਾ ਢੰਗ ਸਾਦਾ ਪਰ ਦਿਲ ਖਿਚਵਾਂ ਹੈ। ਉਨ੍ਹਾਂ ਦੀ ਬੋਲਚਾਲ ਚ ਕਦੇ ਵੀ ਕਾਹਲੀ ਜਾਂ ਘਬਰਾਹਟ ਪ੍ਰਤੀਤ ਨਹੀਂ ਹੁੰਦੀ। ਉਹ ਬਾਹਰਲੇ ਦੇਸ਼ਾਂ ਤੋਂ ਆਏ ਯਾਤਰੀਆਂ, ਏਲਚੀਆਂ ਤੇ ਸਫ਼ੀਰਾਂ ਨਾਲ ਖ਼ੁਦ ਗੱਲ ਕਰਦੇ ਹਨ । ਉਹ ਗੱਲ ਦੀ ਤਹਿ ਤੇ ਛੇਤੀ ਪਹੁੰਚ ਜਾਂਦੇ ਹਨ ।÷

ਹਿਊਗਲ ਲਿਖਦਾ ਹੈ ਕਿ ਮੈ ਕਦੀ ਵੀ ਉਨ੍ਹਾਂ ਨੂੰ ਜ਼ਰੀ ਵਾਲੇ ਬਸਤਰ ਪਾਇਆਂ ਜਾਂ ਜ਼ੇਵਰ ਸਜਾਇਆ ਨਹੀਂ ਵੇਖਿਆ । ਕੋਹੇਨੂਰ ਵਾਲਾ ਬਾਜ਼ੂਬੰਦ ਵੀ ਖ਼ਾਸ ਖ਼ਾਸ ਮੌਕਿਆਂ ਤੇ ਪਾਉਂਦੇ ਸਨ। ਨਹੀਂ ਤਾਂ ਰਣਜੀਤ ਸਿੰਘ ਦੀ ਰਹਿਣੀ ਬਹਿਣੀ ਬਹੁਤ ਕਰਕੇ ਆਮ ਲੋਕਾਂ ਵਰਗੀ ਸੀ ।

ਸੱਯਦ ਵਹੀਦ-ਉਦ-ਦੀਨ ਲਿਖਦੇ ਹਨ ਕਿ "ਰਣਜੀਤ ਸਿੰਘ ਲੋਕਾਂ ਦੇ ਤਸੱਵਰ ਵਿਚ ਅੱਜ ਵੀ ਓਵੇਂ ਹੀ ਜਿਉਂਦੇ ਹਨ ਜਿਵੇਂ ਉਹ ਆਪਣੇ ਪੰਜ ਭੌਤਿਕ ਸਰੀਰ ਵੇਲੇ ਜਿਊਂਦੇ ਸਨ । ਅੱਜ ਉਹ ਸਿਰਫ਼ ਉੱਥੇ ਹੀ ਨਹੀਂ ਜਿਉਂਦੇ ਜਿੱਥੇ ਅੱਜ ਕੱਲ੍ਹ ਸਿੱਖਾਂ ਦੀ ਵਸੋਂ ਹੈ (ਭਾਰਤ) ,ਬਲਕਿ ਉੱਥੇ ਵੀ, ਜਿੱਥੇ ਉਹ ਪਾਕਿਸਤਾਨ ਬਣਨ ਤੋਂ ਪਹਿਲਾਂ ਵੱਸ ਰਹੇ ਸਨ। ਉਹ ਸਿੱਖਾਂ ਅਤੇ ਮੁਸਲਮਾਨਾਂ ਦੀ ਸਾਂਝੀ ਸ਼ਖ਼ਸੀਅਤਾਂ ਸਨ ਜਿਸ ਨੇ ਦੇਵ ਮਾਲਾਈ ਸਥਾਨ ਗ੍ਰਹਿਣ ਕਰ ਲਿਆ ਸੀ। ਇਸੇ ਲਈ ਪਾਕਿਸਤਾਨ ਬਣਨ ਸਮੇਂ ਜਦੋਂ ਸਿੱਖ ਉਸ ਦੇਸ਼ ਵਿਚੋਂ ਨਿਕਲ ਰਹੇ ਸਨ ਤਾਂ ਮੁਸਲਮਾਨਾਂ ਨੇ ਸਿੱਖਾਂ ਦੇ ਨਾਲ ਮਹਾਰਾਜਾ ਰਣਜੀਤ ਸਿੰਘ ਨੂੰ ਪਾਕਿਸਤਾਨ ਤੋਂ ਨਿਕਲਣ ਨਹੀਂ ਦਿੱਤਾ। ਉਨ੍ਹਾਂ ਦੀ ਹਰਮਨ ਪਿਆਰੀ ਤਸਵੀਰ ਲੋਕਾਂ ਦਿਆਂ ਮਨਾਂ ਚ ਹੁਣ ਵੀ ਅੰਕਿਤ ਹੈ। ਉਹ ਤਸਵੀਰ ਇਕ ਜੇਤੂ ਨਾਇਕ ਦੀ ਨਹੀਂ, ਸਗੋਂ ਇਕ ਦਿਆਲੂ ਬਾਪ ਦੀ ਹੈ ।" 27 ਜੂਨ 1839 ਦੀ ਸ਼ਾਮ ਨੂੰ ਮਹਾਰਾਜਾ ਰਣਜੀਤ ਸਿੰਘ ਦੀ ਮੌਤ ਨਾਲ ਸਿੱਖ ਰਾਜ ਦਾ ਸੂਰਜ ਵੀ ਡੁੱਬ ਗਿਆ। ਭਾਵੇਂ ਮਹਾਰਾਜਾ ਰਣਜੀਤ ਸਿੰਘ ਨੂੰ ਇਸ ਫ਼ਾਨੀ ਜਹਾਨ ਤੋਂ ਰੁਖ਼ਸਤ ਹੋਇਆਂ ਪੌਣੇ ਦੋ ਸਦੀਆਂ ਤੋਂ ਵੱਧ ਦਾ ਸਮਾਂ ਹੋ ਗਿਆ ਹੈ ਪਰ ਪੰਜਾਬੀਆਂ ਦੇ ਦਿਲਾਂ 'ਤੇ ਅਜੇ ਵੀ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਰਾਜ ਕਾਇਮ ਹੈ।

**- ਇੰਦਰਜੀਤ ਸਿੰਘ ਹਰਪੁਰਾ,**
**ਜ਼ਿਲ੍ਹਾ ਲੋਕ ਸੰਪਰਕ ਅ.ਫਸਰ,**
**ਅੰਮ੍ਰਿਤਸਰ। 98155-77574**
**ਪੱਤਰਕਾਰ ਕੁਲਵੰਤ ਸਿੰਘ ਵਿਰਦੀ ਜੰਡਿਆਲਾ ਗੁਰੂ**

### ਤਲਵੰਡੀ ਸਾਬੋ ਹਲਕੇ 'ਚ ਕਾਂਗਰਸ ਨੇ ਤੇਜ਼ ਕੀਤੀਆਂ ਸਿਆਸੀ ਸਰਗਰਮੀਆਂ

# ਸਾਬਕਾ ਵਿਧਾਇਕ ਪ੍ਰੀਤਮ ਸਿੰਘ ਕੋਟਭਾਈ ਨੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਦੇ ਨਵੇਂ ਦਫ਼ਤਰ ਦਾ ਕੀਤਾ ਦੌਰਾ



**ਤਲਵੰਡੀ ਸਾਬੋ, 28 ਜੂਨ (ਗੁਰਜੰਟ ਸਿੰਘ ਨਥੇਹਾ)**- ਹਲਕਾ ਵਿਧਾਨ ਸਭਾ ਤਲਵੰਡੀ ਸਾਬੋ ਵਿੱਚ ਕਾਂਗਰਸ ਪਾਰਟੀ ਦੀਆਂ ਸਿਆਸੀ ਸਰਗਰਮੀਆਂ ਦਿਨੋਂ-ਦਿਨ ਤੇਜ਼ ਹੁੰਦੀਆਂ ਨਜ਼ਰ ਆ ਰਹੀਆਂ ਹਨ। ਬੀਤੇ ਕੱਲ੍ਹ ਹਲਕਾ ਕਾਂਗਰਸ ਪ੍ਰਧਾਨ ਅਤੇ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਕ੍ਰਿਸ਼ਨ ਸਿੰਘ ਭਾਗੀਵਾਂਦਰ ਵੱਲੋਂ ਆਪਣਾ ਨਵਾਂ ਦਫ਼ਤਰ ਖੋਲ੍ਹਣ ਉਪਰੰਤ ਇਲਾਕੇ ਵਿੱਚ ਸਿਆਸੀ ਚਰਚਾਵਾਂ ਹੋਰ ਤੇਜ਼ ਹੋ ਗਈਆਂ ਹਨ। ਇਸੇ ਲੜੀ ਤਹਿਤ ਅੱਜ ਕਾਂਗਰਸ ਦੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਬਠਿੰਡਾ ਦਿਹਾਤੀ ਦੇ ਪ੍ਰਧਾਨ ਸ੍ਰ. ਪ੍ਰੀਤਮ ਸਿੰਘ ਕੋਟਭਾਈ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਦਫ਼ਤਰ ਪਹੁੰਚੇ। ਇਸ ਮੌਕੇ ਸ੍ਰ. ਪ੍ਰੀਤਮ ਸਿੰਘ ਕੋਟਭਾਈ ਦਾ ਕਾਂਗਰਸੀ ਵਰਕਰਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਉਨ੍ਹਾਂ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੂੰ ਨਵੇਂ ਦਫ਼ਤਰ ਦੀ ਸ਼ੁਰੂਆਤ ਲਈ ਵਧਾਈ ਦਿੰਦਿਆਂ ਕਿਹਾ ਕਿ ਇਹ ਦਫ਼ਤਰ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦੇ ਹੱਲ ਲਈ ਇੱਕ ਮਹੱਤਵਪੂਰਨ ਕੇਂਦਰ ਵਜੋਂ ਕੰਮ ਕਰੇਗਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਦੀ ਲੜਾਈ ਲੜਦੀ ਆਈ ਹੈ ਅਤੇ ਅੱਜ ਵੀ ਪਾਰਟੀ ਦਾ ਹਰ ਆਗੂ ਅਤੇ ਵਰਕਰ ਲੋਕਾਂ ਦੇ ਦੁੱਖ-ਸੁੱਖ ਵਿੱਚ ਉਨ੍ਹਾਂ ਦੇ ਨਾਲ ਖੜ੍ਹਾ ਹੈ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਸੀ ਏਕਤਾ ਅਤੇ ਅਨੁਸ਼ਾਸਨ ਬਣਾਈ ਰੱਖਦੇ ਹੋਏ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਪੂਰੀ ਤਨਦੇਹੀ ਨਾਲ ਤਿਆਰੀ ਸ਼ੁਰੂ ਕਰਨ। ਸ੍ਰ. ਕੋਟਭਾਈ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਤਾਕਤ ਉਸ ਦੇ ਸਮਰਪਿਤ ਵਰਕਰ ਹਨ ਅਤੇ ਪਾਰਟੀ ਹਾਈਕਮਾਂਡ ਯੋਗ ਅਤੇ ਮਿਹਨਤੀ ਵਰਕਰਾਂ ਨੂੰ ਹਮੇਸ਼ਾ ਬਣਦਾ ਮਾਣ ਦਿੰਦੀ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਤਲਵੰਡੀ ਸਾਬੋ ਹਲਕੇ ਵਿੱਚ ਕਾਂਗਰਸ ਪਹਿਲਾਂ ਨਾਲੋਂ ਹੋਰ ਮਜ਼ਬੂਤੀ ਨਾਲ ਉਭਰੇਗੀ ਅਤੇ ਲੋਕਾਂ ਦਾ ਭਰਪੂਰ ਸਮਰਥਨ ਹਾਸਲ ਕਰੇਗੀ। ਇਸ ਮੌਕੇ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਸ੍ਰ. ਪ੍ਰੀਤਮ ਸਿੰਘ ਕੋਟਭਾਈ ਦਾ ਦਫ਼ਤਰ ਪਹੁੰਚਣ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਅਤੇ ਹਲਕੇ ਦੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਦਫ਼ਤਰ ਹਰ ਸਮੇਂ ਆਮ ਲੋਕਾਂ ਲਈ ਖੁੱਲ੍ਹਾ ਰਹੇਗਾ, ਜਿੱਥੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਸਬੰਧਤ ਵਿਭਾਗਾਂ ਰਾਹੀਂ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸ ਦੇ ਸੀਨੀਅਰ ਆਗੂ, ਅਹੁਦੇਦਾਰ, ਵਰਕਰ ਅਤੇ ਸਮਰਥਕ ਹਾਜ਼ਰ ਸਨ, ਜਿਨ੍ਹਾਂ ਨੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕਰਨ ਦਾ ਅਹਿਦ ਵੀ ਲਿਆ।

### ਨਿਹੰਗ ਸਿੰਘਾਂ ਦੀ ਜ਼ਮਾਨਤ ਨੇ

# ਦਿੱਲੀ ਗੁਰਦੁਆਰਾ ਕਮੇਟੀ ਦੇ ਯਤਨਾਂ 'ਤੇ ਲਾਈ ਮੋਹਰ, ਜੇਲ੍ਹ ਤੋਂ ਹੋਏ ਰਿਹਾਅ



**ਨਵੀਂ ਦਿੱਲੀ, 28 ਜੂਨ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਦੇ ਯਤਨਾਂ ਸਦਕਾ ਉੱਤਰਾਖੰਡ ਦੇ ਕਰਨਪ੍ਰਯਾਗ ਵਿਖੇ ਗ੍ਰਿਫ਼ਤਾਰ ਕੀਤੇ ਗਏ ਚਾਰੋਂ ਨਿਹੰਗ ਸਿੰਘਾਂ ਨੂੰ ਅਦਾਲਤ ਵੱਲੋਂ ਜ਼ਮਾਨਤ ਮਿਲ ਗਈ ਹੈ। ਜ਼ਮਾਨਤ ਮਿਲਣ ਤੋਂ ਬਾਅਦ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਰਿਹਾਅ ਹੋਏ ਨਿਹੰਗ ਸਿੰਘਾਂ ਨਾਲ ਗੁਰਦੁਆਰਾ ਪਾਉਂਟਾ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਭਾਈ ਅਜੈਪਾਲ ਸਿੰਘ, ਭਾਈ ਜਸ਼ਨਪ੍ਰੀਤ ਸਿੰਘ ਅਤੇ ਭਾਈ ਸਤਵਿੰਦਰ ਸਿੰਘ ਹਾਜ਼ਰ ਸਨ, ਜਦਕਿ ਭਾਈ ਮਨਪ੍ਰੀਤ ਸਿੰਘ ਰਿਸ਼ੀਕੇਸ਼ ਦੇ ਏਮਜ਼ ਹਸਪਤਾਲ ਵਿੱਚ ਇਲਾਜ ਅਧੀਨ ਹਨ। ਹਰਮੀਤ ਸਿੰਘ ਕਾਲਕਾ ਅਤੇ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ 16 ਜੂਨ ਨੂੰ ਘਟਨਾ ਵਾਪਰਨ ਤੋਂ ਤੁਰੰਤ ਬਾਅਦ ਦਿੱਲੀ ਗੁਰਦੁਆਰਾ ਕਮੇਟੀ ਨੇ ਕਾਨੂੰਨੀ ਅਤੇ ਪ੍ਰਸ਼ਾਸਨਿਕ ਪੱਧਰ 'ਤੇ ਪੈਰਵੀ ਸ਼ੁਰੂ ਕਰ ਦਿੱਤੀ ਸੀ। ਇਸ ਸਬੰਧੀ ਕਮੇਟੀ ਦੇ ਵਫ਼ਦ ਨੇ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਅਤੇ ਡੀਜੀਪੀ ਦੀਪਮ ਸੇਠ ਨਾਲ ਵੀ ਮੁਲਾਕਾਤ ਕਰਕੇ ਨਿਹੰਗ ਸਿੰਘਾਂ ਦੀ ਜਲਦ ਰਿਹਾਈ ਦੀ ਮੰਗ ਕੀਤੀ ਸੀ। ਉਨ੍ਹਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਨੇ ਪਹਿਲੇ ਦਿਨ ਤੋਂ ਇਸ ਮਾਮਲੇ ਦੀ ਪੂਰੀ ਪੈਰਵੀ ਕੀਤੀ ਹੈ ਅਤੇ ਕੇਸ ਦੇ ਅੰਤਿਮ ਨਿਪਟਾਰੇ ਤੱਕ ਇਹ ਪੈਰਵੀ ਜਾਰੀ ਰਹੇਗੀ ਤਾਂ ਜੋ ਸਿੱਖ ਭਾਈਚਾਰੇ ਨਾਲ ਇਨਸਾਫ਼ ਯਕੀਨੀ ਬਣਾਇਆ ਜਾ ਸਕੇ। ਕਾਲਕਾ ਅਤੇ ਕਾਹਲੋਂ ਨੇ ਜ਼ਮਾਨਤ ਪ੍ਰਕਿਰਿਆ ਵਿੱਚ ਸਹਿਯੋਗ ਦੇਣ ਵਾਲੀਆਂ ਸੰਗਤਾਂ ਅਤੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੌਮੀ ਮਸਲਿਆਂ ਦੇ ਹੱਲ ਲਈ ਸਾਰਿਆਂ ਦਾ ਇਕਜੁੱਟ ਹੋਣਾ ਬਹੁਤ ਜ਼ਰੂਰੀ ਹੈ।

# ਸ੍ਰੀ ਦਰਬਾਰ ਸਾਹਿਬ 'ਤੇ ਪਹਿਲੇ ਭਾਰਤੀ ਫੌਜੀ ਹਮਲੇ ਦੀ ਯਾਦ ਵਿਚ 4 ਜੁਲਾਈ ਨੂੰ ਵੈਨਕੂਵਰ ਭਾਰਤੀ ਅੰਬੈਸੀ ਮੂਹਰੇ ਰੋਸ ਪ੍ਰਦਰਸ਼ਨ ਦਾ ਐਲਾਨ



**ਨਵੀਂ ਦਿੱਲੀ, 28 ਜੂਨ (ਮਨਪ੍ਰੀਤ ਸਿੰਘ ਖਾਲਸਾ)**:— ਭਾਈ ਨਰਿੰਦਰ ਸਿੰਘ ਰੰਧਾਵਾ ਵੱਲੋਂ ਭੇਜੀ ਜਾਣਕਾਰੀ ਅਨੁਸਾਰ 4 ਜੁਲਾਈ 2026 ਨੂੰ ਵੈਨਕੂਵਰ ਸਥਿਤ ਭਾਰਤੀ ਕੌਂਸਲੇਟ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਆਯੋਜਕਾਂ ਵੱਲੋਂ ਜਾਰੀ ਪ੍ਰਚਾਰ ਸਮੱਗਰੀ ਵਿੱਚ 4 ਜੁਲਾਈ 1955 ਦੀਆਂ ਘਟਨਾਵਾਂ ਦਾ ਹਵਾਲਾ ਦਿੰਦਿਆਂ ਦਸਿਆ ਗਿਆ ਕਿ ਉਸ ਦਿਨ ਸ੍ਰੀ ਦਰਬਾਰ ਸਾਹਿਬ 'ਤੇ ਪਹਿਲਾ ਭਾਰਤੀ ਫੌਜੀ ਹਮਲਾ ਹੋਇਆ ਸੀ, ਜਿਸ ਵਿੱਚ 200 ਤੋਂ ਵੱਧ ਸਿੱਖ ਸ਼ਹੀਦ ਹੋਏ, 2,000 ਤੋਂ ਵੱਧ ਜ਼ਖ਼ਮੀ ਹੋਏ ਅਤੇ 57,000 ਤੋਂ ਵੱਧ ਗ੍ਰਿਫ਼ਤਾਰੀਆਂ ਹੋਈਆਂ। ਇਸ ਪਿਛੋਕੜ ਨੂੰ ਉਭਾਰਦਿਆਂ ਸੰਗਤ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਸਿੱਖ ਕੌਮ ਆਪਣੇ ਇਤਿਹਾਸਕ ਜ਼ੁਲਮਾਂ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਨਹੀਂ ਭੁੱਲੇਗੀ ਅਤੇ ਜਦੋਂ ਤੱਕ ਭਾਈ ਨਿੱਝਰ ਦੇ ਕਤਲ ਵਿਚ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਕੌਮ ਦੀ ਆਵਾਜ਼ ਦੁਨੀਆ ਦੇ ਹਰ ਮੰਚ 'ਤੇ ਗੂੰਜਦੀ ਰਹੇਗੀ ਅਤੇ ਸ਼ਾਂਤਮਈ ਢੰਗ ਨਾਲ ਆਪਣਾ ਵਿਰੋਧ ਦਰਜ ਕਰਵਾਉਂਦੀ ਰਹੇਗੀ।

# ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਸੰਤ ਬਾਬਾ ਸੁੱਖਾ ਸਿੰਘ ਜੀ ਜੋਤੀਸਰ ਵਾਲਿਆਂ ਨਾਲ ਕੀਤਾ ਦੁੱਖ ਸਾਂਝਾ ਕੀਤਾ



**ਚੌਕ ਮਹਿਤਾ, 28 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬੀਤੇ ਦਿਨ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁੱਖਾ ਸਿੰਘ ਜੀ ਦੇ ਭਰਾਤਾ ਰਾਜਵਿੰਦਰ ਸਿੰਘ ਰਾਜੂ ਇਸ ਫਾਨੀ ਸੰਸਾਰ ਨੂੰ ਛੱਡ ਕਿ ਆਕਾਲ ਪੁਰਖ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ਰਾਜਵਿੰਦਰ ਸਿੰਘ ਰਾਜੂ ਦੀ ਮੌਤ ਦੀ ਖਬਰ ਸੁਣਦਿਆਂ ਹੀ ਵੱਖ-ਵੱਖ ਰਾਜਨੀਤਿਕ ਧਾਰਮਿਕ ਸਖਸੀਅਤਾਂ ਵੱਲੋਂ ਸੰਤ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ! ਜਿਸ ਦੇ ਚੱਲਦਿਆਂ ਬੀਤੇ ਦਿਨ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਭਾਰਤ ਸਰਕਾਰ ਦੇ ਉਪ ਚੇਅਰਮੈਨ ਹਰਦੀਪ ਸਿੰਘ ਗਿੱਲ ਤੇ ਉਨਾਂ ਦੇ ਨਾਲ ਜ਼ਿਲ੍ਹਾ ਜਨਰਲ ਸਕੱਤਰ ਸਰਬਜੀਤ ਸਿੰਘ ਸੰਧੂ, ਮੰਡਲ ਯੂਥ ਪ੍ਰਧਾਨ ਗੁਰਦਿੱਤ ਸਿੰਘ ਵੱਲੋਂ ਬਾਬਾ ਸੁੱਖਾ ਸਿੰਘ ਜੀ ਨਾਲ ਦੁੱਖ ਸਾਂਝਾ ਕੀਤਾ ਗਿਆ ! ਇਸ ਮੌਕੇ ਤੇ ਗੱਲਬਾਤ ਦੌਰਾਨ ਸ: ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਪ੍ਰਮਾਤਮਾ ਦੇ ਹੁਕਮ ਅਨੁਸਾਰ ਸਭ ਨੇ ਸੰਸਾਰ ਵਿੱਚੋਂ ਜਾਣਾ ਪਰ ਕੁਝ ਐਸੀਆਂ ਘਟਨਾਵਾਂ ਤੇ ਅਣਹੋਣੀਆਂ ਵਾਪਰ ਜਾਦੀਆਂ ਹਨ ਜਿਸ ਦਾ ਅੰਦਾਜਾ ਮਨੁੱਖ ਨਹੀਂ ਲਗਾ ਸਕਦਾ ਅਤੇ ਐਸੇ ਦੁੱਖ ਉਸ ਵਕਤ ਬਹੁਤ ਵੱਡੇ ਦੁੱਖ ਬਣ ਕਿ ਮਹਿਸੂਸ ਹੁੰਦੇ ਹਨ ਜਦੋਂ ਛੋਟੀ ਉਮਰ ਵਿੱਚ ਬੱਚੇ ਮਾਪਿਆਂ ਨੂੰ ਛੱਡ ਕਿ ਜਾਂਦੇ ਹਨ ਅਤੇ ਉਨਾਂ ਬੱਚਿਆਂ ਨੂੰ ਮਾਪੇ ਮੋਢਾ ਦਿੰਦੇ ਹਨ ਅਤੇ ਆਪਣੇ ਹੱਥੀਂ ਪਾਲੇ ਬੱਚੇ ਨੂੰ ਅਗਨਭੇਟ ਕਰਦੇ ਹਨ ਅਤੇ ਉਮਰ ਭਰ ਮਾਪਿਆਂ ਨੂੰ ਯਾਦਾਂ ਦੇ ਸਹਾਰੇ ਜਿੰਦਗੀ ਬਤੀਤ ਕਰਨੀ ਪੈਂਦੀ ਹੈ ਬੀਤੇ ਦਿਨ ਜਦੋਂ ਪਤਾ ਚੱਲਿਆ ਕਿ ਸੰਤ ਬਾਬਾ ਸੁੱਖਾ ਸਿੰਘ ਜੀ ਦੇ ਛੋਟੇ ਭਰਾ ਦੀ ਇਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਹੈ ਤਾਂ ਬਹੁਤ ਦੁੱਖ ਲੱਗਾ ਪਰ ਰੁਝੇਵਿਆਂ ਕਾਰਨ ਮੈਂ ਪੰਜਾਬ ਤੋਂ ਬਾਹਰ ਗਿਆ ਹੋਇਆ ਸੀ ਅਤੇ ਅੱਜ ਬਾਬਾ ਸੁੱਖਾ ਸਿੰਘ ਜੀ ਨਾਲ ਮੁਲਾਕਾਤ ਕਰਕੇ ਦੁੱਖ ਸਾਂਝਾ ਕੀਤਾ ਗਿਆ ਅਤੇ ਪ੍ਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸਣ ਅਤੇ ਸਮੂਹ ਪ੍ਰੀਵਾਰ ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸਣ !

# ਗੁਰਦੁਆਰਾ ਗੁਰੂ ਕੀ ਬੇਰ ਵਿਖੇ ਸਾਲਾਨਾ ਗੁਰਮਤਿ ਸਮਾਗਮ ਅਤੇ ਖੂਨ ਦਾਨ ਕੈਂਪ ਕੱਲ੍ਹ ਨੂੰ

## ਦਰਸ਼ਨੀ ਡਿਉੜੀ 'ਤੇ ਜੋੜੇ ਘਰ ਦੀ ਨਵੀਂ ਇਮਾਰਤ ਦੀ ਉਸਾਰੀ ਹੋਵੇਗੀ ਆਰੰਭ



**ਚੌਕ ਮਹਿਤਾ, 28 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਅਤੇ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਜੀ ਯੋਗ ਅਗਵਾਈ ਵਿੱਚ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਵਤਾਰ ਪੁਰਬ ਦੀਆਂ ਖੁਸ਼ੀਆਂ ਮਨਾਉਂਦਿਆਂ ਸਲਾਨਾ ਗੁਰਮਤਿ ਸਮਾਗਮ 30 ਜੂਨ, ਦਿਨ ਮੰਗਲਵਾਰ ਨੂੰ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾਵੇਗਾ।

ਸੰਤ ਬਾਬਾ ਸੱਜਣ ਸਿੰਘ ਜੀ ਨੇ ਇਥੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੁਰੁਦਆਰਾ ਸਾਹਿਬ ਵਿਖੇ ਵਿਸ਼ਾਲ ਧਾਰਮਿਕ ਪੰਡਾਲ ਸਜਾਇਆ ਜਾਵੇਗਾ, ਜਿਸ ਵਿਚ ਪ੍ਰਸਿੱਧ ਢਾਡੀ ਅਤੇ ਕਵੀਸ਼ਰ ਜਥੇ ਸੰਗਤਾਂ ਨੂੰ ਗੁਰੂ ਜੱਸ ਸਰਵਨ ਕਰਵਾ ਕੇ ਨਿਹਾਲ ਕਰਨਗੇ। ਉਨਾਂ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੱਤੀ ਕਿ ਸਮਾਗਮ ਦੌਰਾਨ ਸੰਤ ਮਹਾਂਪੁਰਖਾਂ ਅਤੇ ਸੰਗਤਾਂ ਦੀ ਹਾਜਰੀ ਵਿਚ ਗੁਰਦੁਆਰਾ ਸਾਹਿਬ ਵਿਖੇ ਦਰਸ਼ਨੀ ਡਿਉੜੀ 'ਤੇ ਜੋੜੇ ਘਰ ਦੀ ਨਵੀਂ ਇਮਾਰਤ ਦੀ ਉਸਾਰੀ ਵੀ ਆਰੰਭ ਕੀਤੀ ਜਾਵੇਗੀ। ਸੰਤ ਬਾਬਾ ਸੱਜਣ ਸਿੰਘ ਜੀ ਨੇ ਇਲਾਕੇ ਦੀਆਂ ਸਰਬੱਤ ਸੰਗਤਾਂ ਨੂੰ ਬੇਨਤੀ ਹੈ ਕਿ ਕੱਲ੍ਹ ਨੂੰ ਮਹਾਨ ਖੂਨ ਦਾਨ ਕੈਂਪ ਲਗਾਇਆ ਜਾਵੇਗਾ ਸਾਨੂੰ ਵੱਧ ਤੋਂ ਵੱਧ ਖੂਨ ਦਾਨ ਕਰਨਾਂ ਚਾਹੀਦਾ ਹੈ ਤਾਂ ਕਿ ਕਿਸੇ ਲੋੜਵੰਦ ਦੀ ਕੀਮਤੀ ਜਾਨ ਬੱਚ ਸਕੇ ਅਤੇ ਇਸ ਸਮਾਗਮ ਵਿਚ ਹੁੰਮ-ਹੁੰਮਾ ਕਿ ਪਹੁੰਚਣ ਅਤੇ ਤਨ ਮਨ ਤੇ ਧਨ ਨਾਲ ਸੇਵਾ ਕਰਕੇ ਲਾਹਾ ਪ੍ਰਾਪਤ ਕਰਨ ਦੀ ਅਪੀਲ ਕੀਤੀ। ਸਮਾਗਮ ਦੌਰਾਨ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਭਾਈ ਰਣਜੀਤ ਸਿੰਘ ਬਾਠ ਬਾਬੋਵਾਲ, ਪ੍ਰਿੰਸੀਪਲ ਗੁਰਸੇਵਕ ਸਿੰਘ, ਹੈੱਡ ਗ੍ਰੰਥੀ ਭਾਈ ਸੁਲੱਖਣ ਸਿੰਘ, ਸੁਖਵਿੰਦਰ ਸਿੰਘ ਬਾਠ ਭੀਲੋਵਾਲ,ਬਾਬਾ ਬਲਰਾਜ ਸਿੰਘ, ਭਾਈ ਨਰਿੰਦਰ ਸਿੰਘ ਭੋਏ, ਭਾਈ ਜਗਰੂਪ ਸਿੰਘ ਬੋਪਾਰਾਏ, ਬਾਬਾ ਜੱਸਾ ਸਿੰਘ ਸਮੇਤ ਹੋਰ ਸਖਸ਼ੀਅਤਾਂ ਮੌਜੂਦ ਸਨ।

### 0 ਤੋਂ 5 ਸਾਲ ਦੇ ਬੱਚਿਆਂ ਨੂੰ

# ਪੋਲਿਓ ਬੂੰਦਾਂ ਪਿਆਈਆਂ ਗਈਆਂ




**ਧੂਰੀ ( ਰਣਜੀਤ ਸਿੰਘ ਪੇਧਨੀ )**-ਸਿਵਲ ਸਰਜਨ ਡਾਕਟਰ ਅਮਰਜੀਤ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੇ ਹੁਕਮਾਂ ਮੁਤਾਬਿਕ ਅਤੇ ਤਰਸੇਮ ਸਿੰਘ ਬੀ ਬੀ ਈ ,ਅਸ਼ੋ .ਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਪਿੰਡ ਧੂਰਾ, ਮਾਨਵਾਲਾ, ਬੇਨੜਾ, ਲੱਡਾਂ ਅਤੇ ਲੱਡਾਂ ਕੋਠੀ ਵਿਖੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲਿਓ ਮੁਹਿੰਮ ਵਿੱਚ ਪਿੰਡਾਂ ਵਿੱਚ ਬੂਥ ਲਗਾਕੇ ਪੋਲਿਓ ਰੋਧਿਕ ਬੂੰਦਾ ਪਿਆਈਆ ਗਈਆਂ ਜਹਿੜੇ ਬੱਚੇ ਕਿਸੇ ਕਾਰਨ ਬੂਥਾਂ ਤੇ ਅੱਜ ਪਹੁੰਚ ਨੀਂ ਸਕੇ ਉਹਨਾਂ ਬੱਚਿਆਂ ਨੂੰ ਕੱਲ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ- ਘਰ ਜਾ ਪੋਲਿਓ ਦੀਆਂ ਬੂੰਦਾਂ ਪਿਆਈਆ ਜਾਣ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭਕਨਾ ਨਜ਼ਦੀਕ ਰਿਹਾਇਸ਼ੀ ਇਲਾਕੇ ਵਿੱਚ ਪ੍ਰਾਈਵੇਟ ਗੋਦਾਮ ਬਣਾਉਣ ਵਿਰੁੱਧ ਸੰਘਰਸ਼ ਲਈ ਲੋਕ ਹੋਏ ਇੱਕਜੁੱਟ

### ਕਈ ਸ਼ਰਤਾਂ ਦੀ ਉਲੰਘਣਾ ਕਰਕੇ ਬਣਾਇਆ ਜਾ ਰਿਹਾ ਅਨਾਜ਼ ਗੋਦਾਮ, ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਸੰਘਰਸ਼ ਦੀ ਹਮਾਇਤ





ਤਰਨ-ਤਾਰਨ, 28 ਜੂਨ (ਆਵਾਜ਼ਿ ਕੌਮ ਬਿਊਰੋ)- ਜਿਲ੍ਹਾ ਅੰਮ੍ਰਿਤਸਰ ਵਿੱਚ ਘਰਿੰਡਾ ਤੋਂ (ਵਾਇਆ ਭਕਨਾਂ ਚੌਕ) ਤੋਂ ਬੀੜ ਬਾਬਾ ਬੁੱਢਾ ਸਾਹਿਬ ਜੀ ਤੋਂ ਹੋ ਕੇ ਝਬਾਲ ਜਾਣ ਵਾਲੀ ਸੜਕ ਤੇ ਪੈਂਦੇ ਪਿੰਡ ਮਾਲੂਵਾਲ ਦੀ ਹੱਦ ਵਿੱਚ ਇੱਕ ਪ੍ਰਾਈਵੇਟ ਫਰਮ ਵੱਲੋਂ ਖੇਤੀਬਾੜੀ ਲਈ ਖਰੀਦੀ ਗਈ ਜ਼ਮੀਨ ਉਪਰ ਬਿਨਾਂ ਸਰਕਾਰੀ ਤਹਿ ਮਾਪਦੰਡ ਪੂਰੇ ਕੀਤੇ ਵਪਾਰਕ ਵਰਤੋਂ ਲਈ ਅਨਾਜ਼ ਗੋਦਾਮ ਬਣਾਉਣ ਦੀ ਕੋਸ਼ਿਸ਼ ਨੂੰ ਰੋਕਣ ਲਈ ਇਲਾਕੇ ਦੇ ਲੋਕਾਂ ਨੇ ਸੰਘਰਸ਼ ਕਰਨ ਦੀ ਚੇਤਾਵਨੀ ਦਿੰਦੇ ਹੋਏ ਗ੍ਰਾਮ ਸਭਾਵਾਂ ਦੇ ਮਤੇ ਪਾਉਣੇ ਸ਼ੁਰੂ ਕੀਤੇ ਹਨ। ਜਿਸ ਤਹਿਤ ਪਿੰਡ ਮਾਲੂਵਾਲ ਵਿੱਚ ਇਕੱਤਰਤਾ ਕਰਕੇ ਪੂਰੇ ਪਿੰਡ ਵਾਸੀਆਂ ਵੱਲੋਂ ਇਸ ਉਸਾਰੀ ਖ਼ਿਲਾਫ਼ ਮਤਾ ਪਾਸ ਕੀਤਾ। ਇਸ ਮੌਕੇ ਮੌਜੂਦ ਪਿੰਡ ਦੇ ਸਰਪੰਚ ਅਵਤਾਰ ਸਿੰਘ ਅਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਦੇ ਜਿਲ੍ਹਾ ਆਗੂ ਲਖਵਿੰਦਰ ਸਿੰਘ ਡਾਲਾ, ਬਾਜ਼ ਸਿੰਘ ਸਾਰੰਗੜ੍ਹਾਂ ਨੇ ਦੱਸਿਆ ਕਿ ਪ੍ਰਾਈਵੇਟ ਫਰਮ ਵੱਲੋਂ ਗੋਦਾਮ ਬਣਾਉਣ ਲਈ ਲਾਜ਼ਮੀ ਪਿੰਡ ਦੀ ਪੰਚਾਇਤ ਤੋਂ ਐਨ ਓ ਸੀ ਲੈਣ ਦੀ ਸਭ ਤੋਂ ਮਹੱਤਵਪੂਰਨ ਸ਼ਰਤ ਪੂਰੀ ਨਹੀਂ ਕੀਤੀ ਗਈ।ਉਹਨਾ ਦੱਸਿਆ ਕਿ ਕਿਉਕਿ ਅਨਾਜ਼ ਨੂੰ ਕੀੜਿਆਂ,ਸੁਸਰੀ ਅਤੇ ਹੋਰ ਹਮਲਿਆਂ ਤੋਂ ਬਚਾਉਣ ਲਈ ਅਲੁਮਿਨੁਮ ਫਾਸਫਾਈਡ ( ਸਲਫਾਸ) ਵਰਗੀਆਂ ਜ਼ਿਹਰਾਂ ਦੀ ਵਰਤੋਂ ਹੁੰਦੀ ਹੈ ਜੋ ਕਿ ਮਨੁੱਖੀ ਸਿਹਤ ਲਈ ਹਾਨੀਕਾਰਕ ਹਨ ਅਤੇ ਇਸ ਸਬੰਧੀ ਤਹਿ ਮਾਪਦੰਡ ਅਨੁਸਾਰ ਕਿਸੇ ਵੀ ਸਕੂਲ, ਹਸਪਤਾਲ ਜਾ ਰਿਹਾਇਸੀ ਇਲਾਕੇ ਨਜ਼ਦੀਕ ਗੋਦਾਮ ਨਹੀਂ ਬਣ ਸਕਦਾ ਜਦਕਿ ਬਣਨ ਜਾ ਰਿਹਾ ਗੋਦਾਮ 2 ਸਰਕਾਰੀ ਸਕੂਲਾਂ ਦੇ ਨਜ਼ਦੀਕ ਹੈ ਜਿੱਥੇ ਲਗਭਗ 1200 ਤੋਂ ਵੱਧ ਗਿਣਤੀ ਵਿੱਚ ਕਿਸਾਨਾਂ ਮਜਦੂਰਾਂ ਅਤੇ ਹੋਰ ਹਮਾਤੜ ਵਰਗ ਦੇ ਬੱਚੇ ਪੜ੍ਹ ਰਹੇ ਹਨ। ਉਹਨਾ ਕਿਹਾ ਕਿ ਜ਼ਿਹਰੀਲੀਆਂ ਗੈਸਾਂ ਦੇ ਖਤਰੇ ਦੇ ਨਾਲ ਨਾਲ ਇੱਥੇ ਭਾਰੀ ਭਰਕਮ ਟਰੱਕਾਂ ਦੇ ਆਉਣ ਕਾਰਨ ਹੋਣ ਵਾਲੇ ਸ਼ੋਰ ਸ਼ਰਾਬੇ ਕਾਰਨ ਬੱਚਿਆਂ ਦੀ ਪੜ੍ਹਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ। ਉਹਨਾ ਦੱਸਿਆ ਕਿ ਬਣ ਰਿਹਾ ਗੋਦਾਮ ਪਿੰਡ ਜਿੱਥੇ ਪਿੰਡ ਮਾਲੂਵਾਲ ਤੋਂ 100 ਮੀਟਰ ਦੀ ਦੂਰੀ ਤੇ ਹੀ ਹੈ ਉੱਥੇ ਭਕਨਾ ਕਲਾਂ ਤੋਂ ਵੀ ਅੱਧੇ ਕਿਲੋਮੀਟਰ ਦੀ ਦੂਰੀ ਤੇ ਹੈ ਜ਼ੋ ਕਿ ਇੱਕ ਹੋਰ ਮਾਪਦੰਡ ਦੀ ਉਲੰਘਣਾ ਕਰਦਾ ਹੈ। ਉਹਨਾ ਕਿਹਾ ਕਿ ਦੋਸ਼ ਲਾਇਆ ਕਿ ਪ੍ਰਾਈਵੇਟ ਫਰਮ ਸਿਆਸੀ ਅਤੇ ਪੈਸੇ ਦੇ ਜ਼ੋਰ ਨਾਲ ਧੱਕੇਸ਼ਾਹੀ ਕਰਕੇ ਇਹ ਗੋਦਾਮ ਬਣਾਉਣ ਲਈ ਜ਼ੋਰ ਲਗਾ ਰਹੀ ਹੈ। ਉਹਨਾ ਕਿਹਾ ਕਿ ਪ੍ਰਦੂਸ਼ਣ ਵਿਭਾਗ ਅਤੇ ਏਫ਼ ਸੀ ਆਈ ਅਤੇ ਸੈਂਟਰਲ ਵੇਅਰਹਾਊਸਿੰਗ ਕਾਰਪੋਰੇਸ਼ਨ ਅਤੇ ਹੋਰ ਅਦਾਰੇ ਨਿਜ਼ਮਾ ਦੀ ਅਣਦੇਖੀ ਕਰਕੇ ਪ੍ਰਾਈਵੇਟ ਫਰਮ ਨੂੰ ਮਨੁੱਖੀ ਜਾਨਾਂ ਨਾਲ ਖਿਲਵਾੜ ਕਰਨ ਦੀ ਆਗਿਆ ਦੇ ਰਹੇ ਹਨ। ਪਿੰਡ ਮਾਲੂਵਾਲ ਤੋਂ ਸਰਪੰਚ ਅਵਤਾਰ ਸਿੰਘ ਨੇ ਜਾਣਕਾਰੀ ਦਿੱਤੀ ਕਿ ਪਿੰਡ ਦੀ ਮਾਲਕੀ 3 ਏਕੜ ਦੇ ਕਰੀਬ ਸ਼ਾਮਲਾਤ ਗੈਰ ਮਨੂਸੀ ਜ਼ਮੀਨ ਤੇ ਇਸ ਫਰਮ ਵੱਲੋਂ ਜਬਰੀ ਕਬਜ਼ਾ ਕਰਕੇ ਚਾਰਦੀਵਾਰੀ ਕੀਤੀ ਜਾ ਰਹੀ ਹੈ, ਜ਼ੋ ਕਿ ਇੱਕ ਅਪਰਾਧਿਕ ਗਤੀਵਿਧੀ ਹੈ। ਉਹਨਾ ਜਾਣਕਾਰੀ ਦਿੱਤੀ ਕਿ ਪਿਛਲੇ ਦਿਨੀ ਪੁਲਿਸ ਪ੍ਰਸ਼ਾਸਨ ਵੱਲੋਂ ਬਿਨਾਂ ਇਸ ਧਿਰ ਕੋਲੋ ਮਾਪਦੰਡ ਪੂਰੇ ਕੀਤੇ ਜਾਣ ਸਬੰਧੀ ਜਾਣਕਾਰੀ ਲਏ ਇਲਾਕੇ ਦੇ ਲੋਕਾਂ ਤੇ ਦਬਾਅ ਪਾਉਣ ਦੀ ਕੋਸ਼ਿਸ਼ ਕੀਤੀ ਗਈ ਹੈ। ਜਿਸਦਾ ਕਿ ਜਥੇਬੰਦੀ ਵੱਲੋਂ ਡੱਟ ਕੇ ਵਿਰੋਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀ ਅਪੀਲ ਹੈ ਕਿ ਪ੍ਰਸ਼ਾਸਨ ਖੁਦ ਕਦਮ ਅੱਗੇ ਵਧਾਉਂਦੇ ਹੋਏ ਇਸ ਉਸਾਰੀ ਤੇ ਰੋਕ ਲਗਾਵੇ। ਉਹਨਾ ਕਿਹਾ ਕਿ ਲੋਕਾਂ ਵੱਲੋਂ ਕੀਤੀ ਜਾ ਰਹੀ ਵਿਰੋਧਤਾ ਦਾ ਮੁੱਢਲਾ ਕਾਰਨ ਕਿਸੇ ਨਾਲ ਨਿੱਜੀ ਮਸਲਾ ਨਹੀਂ, ਬਲਕਿ ਨਿਜ਼ਮਾਂ ਦੀ ਅਣਦੇਖੀ ਕਰਕੇ ਬਣਾਏ ਜਾਣ ਨਾਲ ਮਨੁੱਖੀ ਸਿਹਤ ਅਤੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਰੱਖਣ ਲਈ ਹੈ। ਇਸ ਮੌਕੇ - ਰਾਜ ਸਿੰਘ ਤਾਜੇਚੱਕ, ਭੁਪਿੰਦਰ ਸਿੰਘ ਮਾਲੂਵਾਲ, ਦਿਲਬਾਗ ਸਿੰਘ ਭਕਨਾਂ ਖੁਰਦ, ਮੰਗਤ ਸਿੰਘ ਭਕਨਾਂ ਕਲਾਂ, ਹਰਜੀਤ ਸਿੰਘ, ਬਿਕਰਮਜੀਤ ਸਿੰਘ ਤੋ ਇਲਾਵਾ ਵੱਡੀ ਗਿਣਤੀ ਚ ਪਿੰਡ ਵਾਸੀ ਹਾਜਰ ਸਨ!

# ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਅਤੇ ਨਿਰਜਲਾ ਇਕਾਦਸ਼ੀ ਮੌਕੇ ਛਬੀਲ ਤੇ ਲੰਗਰ ਦਾ ਆਯੋਜਨ



**ਖਰੜ, 28 ਜੂਨ (ਆਵਾਜ਼ਿ ਕੌਮ ਬਿਊਰੋ)**-ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਤੇ ਨਿਰਜਲਾ ਇਕਾਦਸ਼ੀ ਦੇ ਉਪਲਕਸ਼ 'ਤੇ ਗੋਲਫ਼ ਲਿੰਕ TDI ਵਿਖੇ ਠੰਢੇ ਮਿੱਠੇ ਪਾਣੀ ਦੀ ਛਬੀਲ ਅਤੇ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਅਤੇ ਰਾਹਗੀਰਾਂ ਨੂੰ ਠੰਢਾ ਮਿੱਠਾ ਪਾਣੀ, ਛੋਲੇ ਅਤੇ ਕੜਾਹ ਪ੍ਰਸਾਦ ਵੰਡਿਆ ਗਿਆ। ਛਬੀਲ ਦੀ ਸੇਵਾ ਸ਼ੁਰੂ ਕਰਨ ਤੋਂ ਪਹਿਲਾਂ ਅਰਦਾਸ ਕੀਤੀ ਗਈ। ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਰਧਾ ਅਤੇ ਉਤਸ਼ਾਹ ਨਾਲ ਸੇਵਾ ਵਿੱਚ ਹਿੱਸਾ ਲਿਆ। ਆਯੋਜਕਾਂ ਨੇ ਦੱਸਿਆ ਕਿ ਗਰਮੀ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਰਾਹਗੀਰਾਂ ਲਈ ਠੰਢੇ ਮਿੱਠੇ ਪਾਣੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਉਨ੍ਹਾਂ ਇਹ ਵੀ ਕਿਹਾ ਕਿ ਗੋਲਫ਼ ਲਿੰਕ "49 ਵਿਖੇ ਹਰ ਸਾਲ ਇਹ ਛਬੀਲ ਲਗਾਈ ਜਾਂਦੀ ਹੈ, ਜਿਸ ਵਿੱਚ ਸਥਾਨਕ ਨਿਵਾਸੀ, ਮਹਿਲਾਵਾਂ ਅਤੇ ਬੱਚੇ ਵੱਡੀ ਗਿਣਤੀ ਵਿੱਚ ਸ਼ਾਮਲ ਹੁੰਦੇ ਹਨ। ਸੰਗਤ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਧਾਰਮਿਕ ਸੇਵਾਵਾਂ ਸਮਾਜ ਵਿੱਚ ਭਾਈਚਾਰੇ, ਸੇਵਾ ਭਾਵਨਾ ਅਤੇ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਦੀਆਂ ਹਨ।

# ਪਿੰਡ ਕਸੇਲ ਵਿਖੇ ਪੀਰ ਬਾਬਾ ਪੱਲੇ ਸ਼ਾਹ ਦਾ ਸਾਲਾਨਾ ਮੇਲਾ ਅੱਜ: ਦਮਨ ਢਿੱਲੋਂ, ਗੁਰਤੇਜ ਸਿੰਘ ਟਿੰਕੂ

### ਪੰਜਾਬ ਦੀ ਸੁਰੀਲੀ ਆਵਾਜ਼ ਤੇ ਨਾਮਵਰ ਗਾਇਕਾਂ ਅਮਨ ਰੋਜ਼ੀ ਆਪਣੇ ਗੀਤਾਂ ਰਾਹੀਂ ਦਰਸ਼ਕਾਂ ਦਾ ਮਨੋਰੰਜਨ ਕਰਨਗੇ

ਸਰਾਏ ਅਮਾਨਤ ਖਾਂ, 28 ਜੂਨ (ਆਵਾਜ਼ਿ ਕੌਮ ਬਿਊਰੋ)-ਪਿੰਡ ਕਸੇਲ ਵਿਖੇ ਸਥਿਤ ਪੀਰ ਬਾਬਾ ਪੱਲੇ ਸ਼ਾਹ ਦਾ ਸਾਲਾਨਾ ਮੇਲਾ 29 ਜੂਨ ਦਿਨ ਸੋਮਵਾਰ ਨੂੰ ਸਮੂਹ ਨਗਰ ਨਿਵਾਸੀਆਂ ਨੂੰ ਤੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਕਿ ਮੇਲੇ ਵਿੱਚ ਹੁੰਮ ਹੁਮਾ ਕੇ ਪਹੁੰਚਣ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦਮਨ ਢਿੱਲੋਂ ਤੇ ਗੁਰਤੇਜ ਸਿੰਘ ਟਿੰਕੂ ਕਸੇਲ ਨੇ ਕਿਹਾ ਕਿ 29 ਜੂਨ ਨੂੰ ਦਿਨ ਸੋਮਵਾਰ ਨੂੰ ਪੰਜਾਬ ਦੀ ਪ੍ਰਸਿੱਧ ਤੇ ਨਾਮਵਰ ਗਾਇਕਾਂ ਅਮਨ ਰੋਜ਼ੀ ਆਪਣੇ ਗੀਤਾਂ ਰਾਹੀਂ ਦਰਸ਼ਕਾਂ ਦਾ ਖੂਬ ਮਨੋਰੰਜਨ ਕਰਨਗੇ। ਦਮਨ ਢਿੱਲੋਂ ਤੇ ਗੁਰਤੇਜ ਸਿੰਘ ਟਿੰਕੂ ਨੇ ਇਲਾਕਾ ਨਿਵਾਸੀ ਅਤੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਮੇਲੇ ਵਿੱਚ ਵੱਧ ਚੜ ਕੇ ਹਿੱਸਾ ਲੈਣ। ਤੇ ਮੇਲੇ ਦੀਆਂ ਖੂਬ ਰੌਣਕਾਂ ਵਧਾਉਣ।ਇਸ ਮੌਕੇ ਦਮਨ ਢਿੱਲੋਂ, ਗੁਰਤੇਜ ਸਿੰਘ ਟਿੰਕੂ, ਬਾਬਾ ਹਰਪ੍ਰੀਤ ਸਿੰਘ ਹੈਪੀ,, ਬਲਜੀਤ ਸਿੰਘ ਕਸੇਲ ਕਿੰਢਾ,ਹਰੀ ਸਿੰਘ ਕਸੇਲ, ਕੁਲਦੀਪ ਸਿੰਘ ਬੋਰਾਵਾਲੇ, ਵਾਲਮੀਕਿ ਪ੍ਰਧਾਨ ਸਾਹਿਬ ਸਿੰਘ ਕਸੇਲ, ਠੇਕੇਦਾਰ ਗੇਜਾ ਸਿੰਘ, ਪ੍ਰਗਟ ਸਿੰਘ,ਹੰਮਾ ਕਨੇਡਾ, ਬਲਜਿੰਦਰ ਸਿੰਘ ਬਿੱਲਾ, ਸੁਖਦੇਵ ਸਿੰਘ ਘੁੱਦੂ, ਪੰਜਾਬ ਸਿੰਘ ਭਲਵਾਨ, ਆਦਿ ਹਾਜ਼ਰ ਸਨ ।

# ਮਨਰੇਗਾ ਮਜ਼ਦੂਰ ਸੰਵਿਧਾਨ ਦੀ ਧਾਰਾ 37 ਤੋਂ 51 ਦੀ ਰਾਖੀ ਲਈ ਰਾਜ ਭਰ ਵਿੱਚ ਮੁਹਿੰਮ ਚਲਾਉਣਗੇ: ਸਾਥੀ ਕੂੰਮ ਕਲਾਂ

ਮਾਛੀਵਾੜਾ ਸਾਹਿਬ, 28 ਜੂਨ (ਆਵਾਜ਼ਿ ਕੌਮ ਬਿਊਰੋ)- ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ ( ਸੀਟੂ) ਦੇ ਸੂਬਾਈ ਆਹੁਦੇਦਾਰਾਂ ਦੀ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਸਾਥੀ ਸ਼ੇਰ ਸਿੰਘ ਫਰਵਾਹੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਸੂਬਾਈ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਟੂ ਪੰਜਾਬ ਦੇ ਸੂਬਾਈ ਪ੍ਰਧਾਨ ਸਾਥੀ ਚੰਦਰ ਸ਼ੇਖਰ ਨੇ ਦੱਸਿਆ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵੀ.ਬੀ.ਜੀ.ਰਾਮ.ਜੀ.ਨੂੰ 1 ਜੁਲਾਈ 2026 ਨੂੰ ਦੇਸ਼ ਵਿੱਚ ਲਾਗੂ ਕਰਨ ਜਾ ਰਹੀ ਹੈ। ਜਿਸ ਦਾ ਪੇਂਡੂ ਖੇਤ ਮਜ਼ਦੂਰਾਂ ਦੇ ਸਾਂਝੇ ਮੰਚ ਵੱਲੋਂ ਦੇਸ਼ ਪੱਧਰ ਤੇ ਵਿਰੋਧ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਮਨਰੇਗਾ ਕਾਨੂੰਨ 2005 ਸੰਵਿਧਾਨ ਅਤੇ ਸੰਵਿਧਾਨਕ ਅਧਿਕਾਰਾਂ ਦੀ ਤਰਜਮਾਨੀ ਕਰਦਾ ਸੀ, ਜਦ ਕਿ ਵੀ. ਬੀ. ਜੀ. ਰਾਮ.ਜੀ. ਮਜਦੂਰਾਂ , ਗ੍ਰਾਮ ਪੰਚਾਇਤਾਂ ਅਤੇ ਗ੍ਰਾਮ ਸਭਾਵਾਂ ਦੇ ਅਧਿਕਾਰਾਂ ਤੋਂ ਵੀ ਸੱਖਣੇ ਕਰਦਾ ਹੈ।ਮੀਟਿੰਗ ਦੇ ਫੈਸਲੇ ਪ੍ਰੈਸ ਨਾਂ ਜਾਰੀ ਕਰਦਿਆਂ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਅਮਰਨਾਥ ਕੂੰਮਕਲਾਂ ਨੇ ਕਿਹਾ ਕਿ 28 ਜੂਨ ਤੋਂ 1 ਜੁਲਾਈ2026 ਤੱਕ ਪਿੰਡਾਂ ਦੇ ਮਨਰੇਗਾ ਮਜ਼ਦੂਰਾਂ ਨੂੰ ਮਨਰੇਗਾ ਕਾਨੂੰਨ 2005 ਅਤੇ ਜੀ. ਰਾਮ. ਜੀ.2026 ਦੇ ਫਰਕ ਬਾਰੇ ਦੱਸ ਕੇ ਮਜ਼ਦੂਰਾਂ ਦੀ ਲਾਮਬੰਦੀ ਕੀਤੀ ਜਾਵੇਗੀ। 1 ਜੁਲਾਈ 2026 ਨੂੰ ਪੇਂਡੂ ਅਤੇ ਖੇਤ ਮਜ਼ਦੂਰਾਂ ਦੇ ਸਾਂਝੇ ਮੰਚ ਦੇ ਸੱਦੇ ਤੇ ਮੋਦੀ ਸਰਕਾਰ ਦੇ ਪੁਤਲੇ ਫੂਕੇ ਕੇ ਵਿਰੋਧ ਦਰਜ਼ ਕਰਾਇਆ ਜਾਵੇਗਾ। ਮੀਟਿੰਗ ਦੌਰਾਨ ਪੰਜਾਬ ਦੀ ਮਾਨ ਸਰਕਾਰ ਦੇ ਦੋਗਲੇ ਕਿਰਦਾਰ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਮਾਨ ਸਰਕਾਰ ਨੇ ਵਿਧਾਨ ਸਭਾ ਵਿੱਚ ਜੀ. ਰਾਮ. ਜੀ. ਕਾਨੂੰਨ ਵਿਰੁੱਧ ਮਤਾ ਤਾਂ ਪਾਸ ਕਰ ਦਿੱਤਾ। ਪ੍ਰੰਤੂ ਇਹ ਸਰਕਾਰ ਵੀ ਮੋਦੀ ਦੇ ਪਦਚਿੰਨ੍ਹਾਂ ਤੇ ਹੀ ਚਲਦੀ ਨਜ਼ਰ ਆ ਰਹੀ ਹੈ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਸੰਵਿਧਾਨ ਦੀ ਧਾਰਾ 37 ਤੋਂ 51 ਤੱਕ ਕੰਮ ਕਰਨ ਦੇ ਮੌਲਿਕ ਅਧਿਕਾਰ,ਰਾਈਟ ਟੂ ਇਨਫੋਰਮੇਸ਼ਨ,ਰਾਈਟ ਟੂ ਹੈਲਥ,ਰਾਈਟ ਟੂ ਡਰਿੰਕਗ ਵਾਟਰ,ਰਾਈਟ ਟੂ ਹੈਲਥ ਕੇਅਰ ਆਦਿ ਦੀ ਰਾਖੀ ਲਈ ਰਾਜ ਭਰ ਵਿੱਚ ਮੁਹਿੰਮ ਤਹਿਤ ਲੋਕਾਂ ਨੂੰ ਲਾਮਬੰਦ ਕਰਕੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ।






★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243